ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਅੰਮ੍ਰਿਤਸਰ ਦੀ ਜਾਣਕਾਰੀ, ਹੱਕ ਤੇ ਇਕ ਨਾਗਰਿਕ ਤੋਂ ਤਸਦੀਕ-ਤਲ ਮੰਤਿਆ ਜਾਵੇਗਾ ਬਿਸਾਦਿਤ ਦਾ ਅਸਲ ਨਿਪਟਾਰਾ : ਸੀਐਮ ਸੈਣੀ

ਸਾਲ 2, ਅੰਕ 3 Ph (Mohali Office) : 0160-2990739; (M) : +91-98156-16078 ਸਨਿਚਰਵਾਰ, 3 ਅਕਤੂਬਰ 2026 (17 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਮਹਾਤਮਾ ਗਾਂਧੀ ਦੀ 157ਵੀਂ ਜੈਅੰਤੀ ਮੌਕ ਰਾਜਘਾਟ ਵਿਖੇ ਰਾਸ਼ਟਰਪਤੀ ਮੁਰਮੂ ਤੇ ਪੀਐਮ ਮੋਦੀ ਸਮੇਤ ਵੱਖ-ਵੱਖ ਆਗੂਆਂ ਨੇ ਸ਼ਰਧਾਂਜਲੀ ਕੀਤੀ ਭੇਟ

ਦੇਸ਼ ਪ੍ਰਦੇਸ਼ ਨਵੀਂ ਦਿੱਲੀ, 2 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਮਹਾਤਮਾ ਗਾਂਧੀ ਦੀ 157ਵੀਂ ਜੈਅੰਤੀ ਮੌਕੇ ਅੱਜ ਦੇਸ਼ ਭਰ ਵਿੱਚ ਉਨ੍ਹਾਂ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਯਾਦ ਕੀਤਾ ਗਿਆ। ਨਵੀਂ ਦਿੱਲੀ ਵਿੱਚ ਰਾਜਘਾਟ ਤੋਂ ਲੈ ਕੇ ਸੰਸਦ ਭਵਨ ਤੱਕ ਕਈ ਸਮਾਗਮ ਹੋਏ, ਜਿੱਥੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕੀਤੀ।

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ ਸਵੇਰੇ ਰਾਜਘਾਟ ਵਿਖੇ ਮਹਾਤਮਾ ਗਾਂਧੀ ਦੀ ਸਮਾਧੀ 'ਤੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ। ਉਨ੍ਹਾਂ ਨੇ ਉੱਥੇ ਆਯੋਜਿਤ ਸਰਵ-ਧਰਮ ਪ੍ਰਾਰਥਨਾ ਸਭਾ ਵਿੱਚ ਵੀ ਹਿੱਸਾ ਲਿਆ। ਰਾਸ਼ਟਰਪਤੀ ਦੀ ਇਸ ਯਾਤਰਾ ਦੀ ਪੁਸ਼ਟੀ ਰਾਸ਼ਟਰਪਤੀ ਸਕੱਤਰੇਤ ਵੱਲੋਂ ਜਾਰੀ ਤਸਵੀਰਾਂ ਅਤੇ ਜਾਣਕਾਰੀ ਨਾਲ ਵੀ ਹੁੰਦੀ ਹੈ।

ਗਾਂਧੀ ਜੈਅੰਤੀ ਦੀ ਪੂਰਵ ਸੰਧਿਆ 'ਤੇ ਆਪਣੇ ਸੰਦੇਸ਼ ਵਿੱਚ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਮਹਾਤਮਾ ਗਾਂਧੀ ਦੇ ਸ਼ਾਂਤੀ ਅਤੇ ਅਹਿੰਸਾ ਦੇ ਸੰਦੇਸ਼ ਦੀ ਅੱਜ ਦੇ ਸਮੇਂ ਵਿੱਚ ਹੋਰ ਵੀ ਵੱਧ ਪ੍ਰਸੰਗਿਕਤਾ ਹੈ, ਖ਼ਾਸ ਕਰਕੇ ਉਸ ਸਮੇਂ ਜਦੋਂ ਦੁਨੀਆ ਦੇ ਕਈ ਹਿੱਸਿਆਂ ਵਿੱਚ ਜੰਗ ਅਤੇ ਟਕਰਾਅ ਦੀ ਸਥਿਤੀ ਬਣੀ ਹੋਈ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਨੈਤਿਕ ਆਚਰਨ ਅਤੇ ਸਰਗਰਮ ਭਾਗੀਦਾਰੀ ਰਾਹੀਂ ਦੇਸ਼ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

ਰਾਸ਼ਟਰਪਤੀ ਨੇ ਆਪਣੇ ਸੰਦੇਸ਼ ਵਿੱਚ 'ਸਰਵੋਦਯਾ' ਦੇ

ਬਾਕੀ ਸਫ਼ਾ 7 'ਤੇ

ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਦਿੱਤਾ ਅਸਤੀਫ਼ਾ; ਰਾਹੁਲ ਗਾਂਧੀ ਨਾਲ ਮੁਲਾਕਾਤ ਤੋਂ ਬਾਅਦ ਪ੍ਰਧਾਨਗੀ ਛੱਡੀ!

ਦੇਸ਼ ਪ੍ਰਦੇਸ਼ ਨਵੀਂ ਦਿੱਲੀ, 2 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਵਿੱਚ ਚੋਣਾਂ ਨੂੰ ਸਿਰਫ਼ ਤਿੰਨ ਕੁ ਮਹੀਨੇ ਬਾਕੀ ਰਹਿੰਦਿਆਂ, ਕਾਂਗਰਸੀ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਦਿੱਲੀ ਵਿੱਚ ਰਾਹੁਲ ਗਾਂਧੀ ਨੂੰ ਸੂਬਾ ਪ੍ਰਧਾਨ ਵਜੋਂ ਆਪਣਾ ਅਸਤੀਫ਼ਾ ਰਸਮੀ ਤੌਰ 'ਤੇ ਸੌਂਪ ਦਿੱਤਾ ਹੈ। 10 ਜਨਪਥ ਸਥਿਤ ਰਾਹੁਲ ਦੀ ਰਿਹਾਇਸ਼ 'ਤੇ ਮੁਲਾਕਾਤ ਤੋਂ ਬਾਅਦ, ਵੜਿੰਗ ਨੇ ਕਿਹਾ ਕਿ ਉਨ੍ਹਾਂ ਨੇ ਆਪਣੀ ਮਰਜ਼ੀ ਨਾਲ ਅਸਤੀਫ਼ਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਕਾਂਗਰਸ ਪਾਰਟੀ ਵਿੱਚ ਅਸਤੀਫ਼ੇ ਆਮ ਤੌਰ 'ਤੇ ਸ਼ਾਬਦਿਕ ਅਰਥਾਂ ਵਿੱਚ 'ਲਏ' ਨਹੀਂ ਜਾਂਦੇ, ਇਸ ਦੀ ਬਜਾਏ, ਸੇਵਾ ਲਈ ਧੰਨਵਾਦ ਪ੍ਰਗਟ ਕਰਦਾ ਇੱਕ ਪੱਤਰ ਜਾਰੀ ਕੀਤਾ ਜਾਂਦਾ ਹੈ। ਵੜਿੰਗ ਨੇ ਮੀਡੀਆ ਨਾਲ ਸੰਜਮ ਭਰੇ ਲਹਿਜੇ ਵਿੱਚ ਗੱਲਬਾਤ ਕੀਤੀ। ਹਾਲਾਂਕਿ, ਪ੍ਰਧਾਨਗੀ ਗੁਆਉਣ ਕਾਰਨ ਉਹ ਨਿਰਾਸ਼ ਦਿਖਾਈ ਦਿੱਤੇ, ਭਾਵੇਂ ਉਨ੍ਹਾਂ ਨੇ ਇਹ ਕਹਿ ਕੇ ਆਪਣੀਆਂ ਭਾਵਨਾਵਾਂ ਨੂੰ ਲੁਕਾਉਣ ਦੀ ਕੋਸ਼ਿਸ਼ ਕੀਤੀ ਕਿ 'ਮੈਂ ਹਮੇਸ਼ਾ ਖੁਸ਼ ਰਹਿੰਦਾ ਹਾਂ।' ਉਨ੍ਹਾਂ ਇਹ ਵੀ ਦੱਸਿਆ ਕਿ ਉਨ੍ਹਾਂ ਨੇ ਰਾਹੁਲ ਗਾਂਧੀ ਨੂੰ ਪੰਜਾਬ ਨੂੰ ਦਰਪੇਸ਼ ਚੁਣੌਤੀਆਂ ਬਾਰੇ ਜਾਣੂ ਕਰਵਾਇਆ ਅਤੇ ਮਹਿਸੂਸ ਕੀਤਾ ਕਿ ਹੁਣ ਉਨ੍ਹਾਂ ਲਈ ਕੁਝ ਸਮੇਂ ਲਈ ਵਿਰਾਮ ਲੈਣ ਦਾ ਸਮਾਂ ਆ ਗਿਆ ਹੈ। ਅਮਰਿੰਦਰ ਰਾਜਾ ਵੜਿੰਗ ਨੇ ਕਿਹਾ, 'ਮੈਂ ਰਸਮੀ ਤੌਰ 'ਤੇ ਆਪਣਾ ਅਸਤੀਫ਼ਾ ਸੌਂਪ ਦਿੱਤਾ ਹੈ। ਅਸੀਂ ਪੰਜਾਬ ਦੇ ਹਾਲਾਤ ਅਤੇ ਅੱਗੇ ਦੀ ਰਣਨੀਤੀ ਬਾਰੇ ਚਰਚਾ ਕੀਤੀ। ਮੈਂ ਸੂਬਾ ਪ੍ਰਧਾਨ ਵਜੋਂ ਨਿਭਾਈਆਂ ਸਾਢੇ ਚਾਰ ਸਾਲਾਂ ਦੀਆਂ ਸੇਵਾਵਾਂ ਦੌਰਾਨ ਪ੍ਰਾਪਤ ਕੀਤੇ ਆਪਣੇ ਤਜ਼ਰਬੇ ਸਾਂਝੇ ਕੀਤੇ।' ਵੜਿੰਗ ਨੇ ਕਿਹਾ, 'ਮੈਂ ਰਾਹੁਲ ਗਾਂਧੀ ਨੂੰ ਸਾਡੀਆਂ ਚੁਣੌਤੀਆਂ, ਉਨ੍ਹਾਂ ਨਾਲ ਕਿਵੇਂ ਨਜਿੱਠਣਾ ਹੈ ਅਤੇ ਸਾਡੀ ਤਾਕਤ ਕਿੱਥੇ ਹੈ, ਇਸ ਬਾਰੇ ਜਾਣੂ ਕਰਵਾਇਆ। ਸਿਖਰ 'ਤੇ ਪਹੁੰਚਣਾ ਇੱਕ ਪ੍ਰਾਪਤੀ ਹੈ, ਪਰ ਕੋਈ ਵੀ ਹਮੇਸ਼ਾ ਸਿਖਰ 'ਤੇ ਨਹੀਂ ਰਹਿੰਦਾ; ਹਰ ਕੋਈ ਅੰਤ ਵਿੱਚ 'ਸ਼ਾਬਕਾ' ਅਹੁਦੇਦਾਰ ਬਣ ਜਾਂਦਾ ਹੈ। ਮੈਂ ਉਨ੍ਹਾਂ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਮੇਰੇ ਵਰਗੇ ਜ਼ਮੀਨੀ

ਬਾਕੀ ਸਫ਼ਾ 7 'ਤੇ

ਸ਼ਹੀਦੇ ਆਜ਼ਮ ਭਗਤ ਸਿੰਘ ਦੀ ਵਿਚਾਰ ਧਾਰਾ ਨੌਜਵਾਨਾਂ ਲਈ ਪ੍ਰੇਰਨਾ ਸਰੋਤ : ਰਾਜਿੰਦਰ ਵਿਰਕ

ਦੇਸ਼ ਪ੍ਰਦੇਸ਼

ਸਨੌਰ, 2 ਅਕਤੂਬਰ (ਰਾਜਿੰਦਰ ਸਿੰਘ ਬਿੰਦ) : ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਕੌਮੀ ਮੀਤ ਪ੍ਰਧਾਨ ਅਤੇ ਸਨੌਰ ਵਿਧਾਨ ਸਭਾ ਹਲਕਾ ਸਨੌਰ ਤੋਂ ਅਕਾਲੀ ਦਲ (ਬਾਦਲ) ਦੇ ਸੰਭਾਵੀ ਉਮੀਦਵਾਰ ਰਾਜਿੰਦਰ ਸਿੰਘ ਵਿਰਕ ਦੀ ਅਗਵਾਈ ਹੇਠ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦਾ 119ਵਾਂ ਜਨਮ ਦਿਹਾੜਾ ਸਨੌਰ ਵਿਖੇ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਮਨਾਇਆ ਗਿਆ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਸ਼ਹੀਦ ਭਗਤ ਸਿੰਘ ਜੀ ਦੇ ਜਨਮ ਦਿਨ 'ਤੇ ਕੇਕ ਵੀ ਕੱਟਿਆ ਗਿਆ। ਇਸ ਮੌਕੇ ਰਾਜਿੰਦਰ ਵਿਰਕ ਨੇ ਵੱਡੀ ਗਿਣਤੀ 'ਚ ਇਕੱਤਰ ਅਕਾਲੀ ਆਗੂ, ਵਰਕਰਾਂ ਅਤੇ ਨੌਜਵਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀ ਜਵਾਨੀ ਅਤੇ ਜ਼ਿੰਦਗੀ ਕੁਰਬਾਨ ਕਰ ਦਿੱਤੀ। ਭਗਤ ਸਿੰਘ ਦੀ ਵਿਚਾਰਧਾਰਾ, ਦੇਸ਼ ਪ੍ਰਤੀ ਸਮਰਪਣ ਅਤੇ ਕੁਰਬਾਨੀ ਅੱਜ ਵੀ ਨੌਜਵਾਨ ਪੀੜ੍ਹੀ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨਾ ਅਤੇ ਉਨ੍ਹਾਂ ਦੇ ਵਿਚਾਰਾਂ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਸਾਡੀ ਜ਼ਿੰਮੇਵਾਰੀ ਹੈ। ਇਸ ਮੌਕੇ ਹਾਜ਼ਰ ਅਕਾਲੀ ਆਗੂਆਂ ਅਤੇ ਵਰਕਰਾਂ ਨੇ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਅਤੇ ਸਮਾਜ 'ਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ। ਇਸ ਦੌਰਾਨ ਜਸਵਿੰਦਰ ਸਿੰਘ ਮੋਹਣੀ ਭਾਂਖਰ ਸੀਨੀਅਰ ਅਕਾਲੀ ਆਗੂ ਅਤੇ ਗੁਰਬਖਸ਼ ਸਿੰਘ ਟਿਵਾਣਾ ਸਾਬਕਾ ਜ਼ਿਲਾ

ਬਾਕੀ ਸਫ਼ਾ 7 'ਤੇ

ਗੁਰੂਗ੍ਰਾਮ ਵਿੱਚ 'ਜੀ.ਵੀ.ਪੀ. ਮੁਕਤ ਅਭਿਆਨ' ਦੀ ਸ਼ੁਰੂਆਤ, 10 ਦਿਨਾਂ ਵਿੱਚ 21 ਕਚਰਾ ਸੰਵੇਦਨਸ਼ੀਲ ਬਿੰਦੂਆਂ ਨੂੰ ਸਾਫ਼ ਕਰਨ ਦਾ ਟੀਚਾ ਮਿੱਥਿਆ

ਸੀਐਮ ਸੈਣੀ ਨੇ ਮਹਿਰੌਲੀ ਰੋਡ ਸਥਿਤ ਜੀ.ਵੀ.ਪੀ. ਮੁਕਤ ਸਥਲ ਦੀ ਕੀਤੀ ਸਮੀਖਿਆ

ਦੇਸ਼ ਪ੍ਰਦੇਸ਼ ਚੰਡੀਗੜ੍ਹ, 2 ਅਕਤੂਬਰ (ਰਾਜੇਂਦਰ ਸਿੰਘ ਜਾਦੌ) : ਹਰਿਆਣਾ ਵਿੱਚ 17 ਸਤੰਬਰ ਤੋਂ ਚੱਲ ਰਹੀ ਸੇਵਾ ਸੰਕਲਪ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਮਹਾਤਮਾ ਗਾਂਧੀ ਜਯੰਤੀ ਦੇ ਮੌਕੇ 'ਤੇ 'ਸਵੱਛਤਾ ਹੀ ਸੇਵਾ 2026' ਤਹਿਤ ਨਗਰ ਨਿਗਮ ਗੁਰੂਗ੍ਰਾਮ ਵੱਲੋਂ 'ਜੀ.ਵੀ.ਪੀ. ਮੁਕਤ ਮੁਹਿੰਮ' ਦੀ ਸ਼ੁਰੂਆਤ ਗੁਰੂਗ੍ਰਾਮ ਤੋਂ ਕੀਤੀ ਗਈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮਹਿਰੌਲੀ ਰੋਡ 'ਤੇ ਡੀ.ਐਚ.ਬੀ.ਵੀ.ਐਨ. ਕਲੋਨੀ ਦੇ ਕੋਲ ਨਗਰ ਨਿਗਮ ਗੁਰੂਗ੍ਰਾਮ ਵੱਲੋਂ ਵਿਕਸਿਤ ਕੀਤੇ ਗਏ ਜੀ.ਵੀ.ਪੀ. ਮੁਕਤ ਸਥਲ ਦਾ ਨਿਰੀਖਣ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਦੇਸ਼ ਵਿੱਚ ਸਵੱਛਤਾ ਨੂੰ ਸਿਰਫ਼ ਸਰਕਾਰੀ ਪ੍ਰਬੰਧ ਤੱਕ ਸੀਮਤ ਨਾ ਰੱਖਦਿਆਂ ਨਾਗਰਿਕਾਂ ਦੀ ਭਾਗੀਦਾਰੀ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਪ੍ਰਬੰਧ ਅਤੇ ਸਹੂਲਤਾਂ ਉਪਲਬਧ ਕਰਵਾ ਸਕਦੀ ਹੈ ਅਤੇ ਆਧੁਨਿਕ ਤਕਨੀਕ ਤੇ ਸਾਧਨਾਂ ਦੀ ਵਰਤੋਂ ਕਰ ਸਕਦੀ ਹੈ, ਪਰ ਘਰਾਂ ਅਤੇ ਸੰਸਥਾਵਾਂ ਤੋਂ ਨਿਕਲਣ ਵਾਲੇ ਕਚਰੇ ਨੂੰ ਵੱਖ-ਵੱਖ ਰੱਖਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਨੇ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਖੁੱਲ੍ਹੇ ਵਿੱਚ ਕਚਰਾ ਨਾ ਸੁੱਟੋ, ਘਰ ਵਿੱਚ ਕਚਰੇ ਨੂੰ ਅੱਡ-ਅੱਡ ਰੱਖੋ ਅਤੇ ਸਿਰਫ਼ ਅਧਿਕਾਰਤ ਕਚਰਾ-ਵਾਹਨ ਨੂੰ ਹੀ ਕਚਰਾ ਦਿਓ। ਨਗਰ ਨਿਗਮ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਅਨੁਸਾਰ ਜੀ.ਵੀ.ਪੀ. ਮੁਕਤ ਮੁਹਿੰਮ 2 ਤੋਂ 11 ਅਕਤੂਬਰ ਤੱਕ ਚੱਲੇਗੀ। ਮੁਹਿੰਮ ਤਹਿਤ ਸ਼ਹਿਰ ਦੇ ਚਿੰਨ੍ਹ 21 ਗਾਰਬੇਜ ਵਰਨੇਬਲ ਪੁਆਇੰਟਸ (ਜੀ.ਵੀ.ਪੀ.) 'ਤੇ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾ ਕੇ ਉਨ੍ਹਾਂ ਨੂੰ ਸਾਫ਼ ਅਤੇ ਬਿਹਤਰ ਜਨਤਕ ਸਥਲਾਂ ਵਿੱਚ ਬਦਲਣ ਦਾ ਕੰਮ ਕੀਤਾ ਜਾਵੇਗਾ। ਮੁਹਿੰਮ ਦਾ ਸੰਦੇਸ਼ "10 ਦਿਨ - 21 ਕਚਰਾ ਬਿੰਦੂ - ਇੱਕ ਗੁਰੂਗ੍ਰਾਮ" ਹੈ। ਮੁੱਖ ਮੰਤਰੀ ਨੇ ਨਾਗਰਿਕਾਂ ਨੂੰ ਵੀ ਮੁਹਿੰਮ ਨਾਲ ਜੁੜਨ ਅਤੇ ਆਪਣੇ ਖੇਤਰ ਦੇ ਜੀ.ਵੀ.ਪੀ. ਨੂੰ ਸਾਫ਼ ਰੱਖਣ ਵਿੱਚ ਸ਼ਰਮਦਾਨ ਅਤੇ ਸਹਿਯੋਗ ਕਰਨ ਲਈ ਸੱਦਾ ਦਿੱਤਾ। ਮੁਹਿੰਮ ਪ੍ਰੋਗਰਾਮ ਅਨੁਸਾਰ 2 ਅਕਤੂਬਰ ਨੂੰ ਡੀ.ਐਚ.ਬੀ.ਵੀ.ਐਨ. ਕਲੋਨੀ ਦੇ ਕੋਲ ਅਤੇ ਸਰਹੌਲ ਵਿੱਚ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਤੋਂ

ਬਾਕੀ ਸਫ਼ਾ 7 'ਤੇ

ਸੂਬੇਦਾਰ ਸੰਦੀਪ ਸਿੰਘ ਰਿਆੜ ਨੇ ਦੂਜੀ ਵਾਰ ਰਚਿਆ ਇਤਿਹਾਸ

ਦੇਸ਼ ਪ੍ਰਦੇਸ਼

ਸ੍ਰੀ ਹਰਗੋਬਿੰਦਪੁਰ, 2 ਅਕਤੂਬਰ (ਪ੍ਰਦੀਪ ਸਿੰਘ ਬੇਦੀ) : ਪਿੰਡ ਹਰਚੋਵਾਲ ਦੇ ਵਸਨੀਕ ਸੂਬੇਦਾਰ ਸੰਦੀਪ ਸਿੰਘ ਰਿਆੜ ਨੇ ਪਹਾੜ ਚੜ੍ਹਾਈ ਦੇ ਖੇਤਰ ਵਿੱਚ ਇੱਕ ਹੋਰ ਮਾਣਮੱਤੀ ਉਪਲਬਧੀ ਹਾਸਲ ਕਰਦਿਆਂ ਦੂਜੀ ਵਾਰ ਇਤਿਹਾਸ ਰਚ ਦਿੱਤਾ ਹੈ। ਸੂਬੇਦਾਰ ਸੰਦੀਪ ਸਿੰਘ ਰਿਆੜ ਨੇ 6,512 ਮੀਟਰ ਉੱਚੀ ਮਾਊਂਟ ਭਾਗੀਰਥੀ-2 ਦੀ ਚੋਟੀ ਨੂੰ ਸਫਲਤਾਪੂਰਵਕ ਸਰ ਕਰਕੇ ਪਿੰਡ ਹਰਚੋਵਾਲ ਦੇ ਨਾਲ-ਨਾਲ ਸਮੁੱਚੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਜਾਣਕਾਰੀ ਅਨੁਸਾਰ 22 ਸਤੰਬਰ 2026 ਨੂੰ ਸਵੇਰੇ 6:16 ਵਜੇ ਸੂਬੇਦਾਰ ਸੰਦੀਪ ਸਿੰਘ ਰਿਆੜ ਨੇ ਮਾਊਂਟ ਭਾਗੀਰਥੀ-2 ਦੀ ਚੋਟੀ 'ਤੇ ਸਫਲਤਾਪੂਰਵਕ ਪਹੁੰਚ ਬਣਾਈ। ਇਹ ਚੁਣੌਤੀਪੂਰਨ ਪਹਾੜੀ ਮੁਹਿੰਮ ਗੜ੍ਹਵਾਲ ਹਿਮਾਲਿਆ ਰੇਂਜ, ਗੰਗੋਤਰੀ, ਉੱਤਰਕਾਸ਼ੀ (ਉੱਤਰਾਖੰਡ) ਵਿਖੇ ਭਾਰਤੀ ਫੌਜ ਦੀ ਐਡਵੈਂਚਰ ਟੀਮ ਦੇ ਨਾਲ ਪੂਰੀ ਕੀਤੀ ਗਈ। ਬਰਫ਼ ਨਾਲ ਢੱਕੀਆਂ ਉੱਚੀਆਂ ਚੋਟੀਆਂ, ਕਠਿਨ ਪਹਾੜੀ ਰਸਤੇ ਅਤੇ ਬੇਹੱਦ ਚੁਣੌਤੀਪੂਰਨ ਹਾਲਾਤਾਂ ਦੇ ਬਾਵਜੂਦ ਸੂਬੇਦਾਰ ਸੰਦੀਪ ਸਿੰਘ ਰਿਆੜ ਨੇ ਆਪਣੇ ਦ੍ਰਿੜ੍ਹ ਇਰਾਦੇ ਅਤੇ ਹੌਸਲੇ ਨਾਲ ਇਹ ਮੁਹਿੰਮ ਸਫਲਤਾਪੂਰਵਕ ਪੂਰੀ ਕੀਤੀ। ਉਨ੍ਹਾਂ ਦੀ ਇਹ ਪ੍ਰਾਪਤੀ ਨੌਜਵਾਨਾਂ ਲਈ ਹੌਸਲੇ ਅਤੇ ਮਿਹਨਤ ਦੀ ਪ੍ਰੇਰਣਾਦਾਇਕ ਮਿਸਾਲ ਵੀ ਬਣੀ ਹੈ। ਪਹਾੜ ਚੜ੍ਹਾਈ ਦੇ ਖੇਤਰ ਵਿੱਚ ਇਹ ਹਰਚੋਵਾਲ ਦੀ ਦੂਜੀ ਮਾਣਮੱਤੀ ਉਪਲਬਧੀ ਦੱਸੀ ਜਾ ਰਹੀ ਹੈ। ਸੂਬੇਦਾਰ ਸੰਦੀਪ ਸਿੰਘ ਰਿਆੜ ਦੀ ਇਸ ਸਫਲਤਾ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਅਤੇ ਮਾਣ ਦੀ ਲਹਿਰ ਹੈ। ਉਨ੍ਹਾਂ ਦੀ ਇਸ ਪ੍ਰਾਪਤੀ ਨੇ ਇਹ ਸਾਬਤ ਕੀਤਾ ਹੈ ਕਿ ਮਿਹਨਤ, ਹਿੰਮਤ ਅਤੇ ਦ੍ਰਿੜ੍ਹ ਇਰਾਦੇ ਨਾਲ ਵੱਡੀਆਂ ਤੋਂ ਵੱਡੀਆਂ ਚੁਣੌਤੀਆਂ ਨੂੰ ਪਾਰ ਕੀਤਾ ਜਾ ਸਕਦਾ ਹੈ। ਸੂਬੇਦਾਰ ਸੰਦੀਪ ਸਿੰਘ ਰਿਆੜ ਦੀ ਇਹ ਇਤਿਹਾਸਕ ਪ੍ਰਾਪਤੀ ਪਿੰਡ ਹਰਚੋਵਾਲ, ਗੁਰਦਾਸਪੁਰ ਜ਼ਿਲ੍ਹੇ ਅਤੇ ਸਮੁੱਚੇ ਪੰਜਾਬ ਲਈ ਮਾਣ ਵਾਲੀ ਗੱਲ ਹੈ।

ਖਰੜ ਦੇ ਅੱਜ ਸਰੋਵਰ ਲਈ 94 ਕਰੋੜ ਰੁਪਏ ਦੀ ਗ੍ਰਾਂਟ ਮਿਲਣ ਉਪਰੰਤ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਹੋਏ ਸ੍ਰੀ ਰਾਮ ਮੰਦਰ ਵਿਖੇ ਨਤਮਸਤਕ

ਦੇਸ਼ ਪ੍ਰਦੇਸ਼ ਸ਼ਸ਼ੀ ਪਾਲ ਜੈਨ ਖਰੜ, 2 ਅਕਤੂਬਰ : ਕੇਂਦਰ ਸਰਕਾਰ ਵੱਲੋਂ ਖਰੜ ਦੇ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਦਾਦਾ ਜੀ ਨਾਲ ਸਬੰਧਤ ਮਹਾਰਾਜਾ ਅੱਜ ਸਰੋਵਰ ਦੇ ਵਿਕਾਸ ਲਈ 94 ਕਰੋੜ ਰੁਪਏ ਦੀ ਗ੍ਰਾਂਟ ਦਾ ਐਲਾਨ ਕਰਨ ਉਪਰੰਤ ਅੱਜ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਅਤੇ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਖਰੜ ਦੇ ਸ੍ਰੀ ਰਾਮ ਮੰਦਰ ਵਿਖੇ ਨਤਮਸਤਕ ਹੋਏ ਅਤੇ ਕਿਹਾ ਕਿ ਇਹ ਗ੍ਰਾਂਟ ਦਾ ਮਿਲਣਾ ਪ੍ਰਭੂ ਸ੍ਰੀ ਰਾਮ ਦੀ ਕਿਰਪਾ ਨਾਲ ਹੀ ਸੰਭਵ ਹੋ ਸਕਿਆ ਹੈ। ਇਸ ਮੌਕੇ ਇਕੱਠੇ ਹੋਏ ਸ਼ਹਿਰ ਨਿਵਾਸੀਆਂ ਨੂੰ ਸ

ਚੋਹਾਨ ਕਲੋਨੀ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ 9.87 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵਲੋਂ ਕੀਤਾ ਗਿਆ - ਪ੍ਰਧਾਨ ਮੋਹਿਤ ਕੁੰਦਰਾ !

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਨਗਰ ਕੌਂਸਲ ਸ੍ਰੀ ਮਾਛੀਵਾੜਾ ਸਾਹਿਬ ਵਲੋਂ ਚੋਹਾਨ ਕਲੋਨੀ ਵਿੱਖੇ 9.87 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵਲੋਂ ਕੀਤਾ ਗਿਆ ਇਸ ਸਬੰਧੀ ਗੱਲਬਾਤ ਕਰਦਿਆਂ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਪਿੱਛਲੇ ਲੰਬੇ ਸਮੇਂ ਤੋਂ ਇਸ ਕਲੋਨੀ ਦੇ ਲੋਕ ਬੁਨਿਆਦੀ ਸਹੂਲਤਾਂ ਦੀ ਮੰਗ ਕਰ ਰਹੇ ਸਨ ਜਿਨ੍ਹਾਂ ਵਿੱਚ ਕੁੱਝ ਏਰੀਆਂ ਵਿੱਚ ਸੀਵਰੇਜ ਪਾਈਪਾਂ ਪਾਉਣ ਦਾ ਕੰਮ, ਟਾਈਲਾਂ ਲਗਾਉਣ ਦਾ ਕੰਮ,ਤੇ ਸਟ੍ਰੀਟ ਲਾਈਟਾਂ ਲਗਾਉਣ ਆਦਿ ਕੰਮ ਸਨ ਉਨ੍ਹਾਂ ਕਿਹਾ ਕਿ ਗਲੀਆਂ ਦੇ ਸੁਧਾਰ ਨਾਲ ਲੋਕਾਂ ਨੂੰ ਆਵਾਜਾਈ ਵਿੱਚ ਸਹੂਲਤ ਹੋਵੇਗੀ ਉਨ੍ਹਾਂ ਕਿਹਾ ਨਗਰ ਕੌਂਸਲ ਸ੍ਰੀ ਮਾਛੀਵਾੜਾ ਸਾਹਿਬ ਲੋਕਾਂ ਦੀਆਂ ਲੋੜਾਂ ਅਨੁਸਾਰ

ਪਹਿਲ ਦੇ ਅਧਾਰ ਤੇ ਕਰ ਰਹੀ ਜੋ ਕਿ ਪਿਛਲੀਆਂ ਸਰਕਾਰਾਂ ਵੇਲੇ ਨਹੀਂ ਹੋਏ ਅਤੇ ਹਲਕਾ ਵਿਧਾਇਕ ਜਗਤਾਰ ਸਿੰਘ ਦੀ ਅਗੁਵਾਈ ਵਿੱਚ ਇਹ ਉਪਰਾਲੇ ਚੱਲਦੇ ਰਹਿਣਗੇ ਉਨ੍ਹਾਂ ਸ਼ਹਿਰ ਵਾਸੀਆਂ ਤੇ ਕਲੋਨੀ ਵਾਸੀਆਂ ਨੂੰ ਅਪੀਲ ਕੀਤੀ ਕਿ ਇਤਿਹਾਸਕ ਸ਼ਹਿਰ ਦੀ ਦਿੱਖ ਨੂੰ ਸੁੰਦਰ ਬਣਾਉਣ ਲਈ ਨਗਰ ਕੌਂਸਲ ਨੂੰ ਅਪਣਾ ਸਹਿਯੋਗ ਦੇਣ ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ ਗਿੱਲ ਚੇਅਰਮੈਨ ਮਾਰਕਿਟ ਕਮੇਟੀ ਤੇ ਵੱਡੀ ਗਿਣਤੀ ਵਿੱਚ ਆਪ ਆਗੂ, ਵਰਕਰ ਤੇ ਕਲੋਨੀ ਵਾਸੀਆਂ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਸੱਜਣ ਹਾਜਰ ਸਨ !

ਸ਼ਹਿਣਾ ਵਿਖੇ ਕਾਂਗਰਸੀ ਆਗੂਆਂ ਨੇ ਮਹਾਤਮਾ ਗਾਂਧੀ ਦਾ ਜਨਮ ਦਿਨ ਮਨਾਇਆ

ਸਹਿਣਾ ਭਦੌੜ 2 ਅਕਤੂਬਰ (ਅਵਤਾਰ ਸਿੰਘ ਫਰਵਾਹੀ),, ਸ਼ਾਂਤੀ ਅਤੇ ਅਹਿੰਸਾ ਦੇ ਮਸੀਹਾ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ 157 ਵਾ ਜਨਮ ਦਿਨ ਕਾਂਗਰਸ ਪਾਰਟੀ ਦੇ ਸੂਬਾ ਆਗੂ ਸੁਖਵਿੰਦਰ ਸਿੰਘ ਧਾਲੀਵਾਲ ਹਲਕਾ ਭਦੌੜ ਦੇ ਗ੍ਰਹਿ ਵਿਖੇ ਵਿਖੇ ਮਨਾਇਆ ਗਿਆ, ਇਸ ਸਮੇਂ ਗੁਰਤੇਜ ਸਿੰਘ ਸੰਧੂ ਬਲਾਕ ਪ੍ਰਧਾਨ ਕਾਂਗਰਸ ਪਾਰਟੀ ਅਤੇ ਸੁਖਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਸਮੁੱਚੀ ਕਾਂਗਰਸ ਪਾਰਟੀ ਸਮੇਂ ਸਮੇਂ ਤੇ ਦੇਸ਼ ਅਜ਼ਾਦ ਕਰਵਾਉਣ ਲਈ ਲਈ ਯੋਗਦਾਨ ਪਾਉਣ ਵਾਲੇ ਆਗੂਆਂ ਦੇ ਦਿਨ ਮਨਾਉਂਦੀ ਰਹੇਗੀ,ਇਸ ਮੌਕੇ ਜਗਤਾਰ ਸਿੰਘ ਧਨੌਲਾ, ਬਲਦੇਵ ਸਿੰਘ ਭੁੱਚਰ, ਬਲਜੀਤ ਸਿੰਘ ਅਜਾਦ ਸਾਬਕਾ ਪ੍ਰਧਾਨ, ਰੌਸ਼ਨ ਲਾਲ ਸ਼ਰਮਾ ਸਾਬਕਾ ਪੰਚਾਇਤ ਮੈਂਬਰ, ਨਰਿੰਦਰ ਕੁਮਾਰ ਸਦਿਉੜਾ ਸਾਬਕਾ ਚੇਅਰਮੈਨ, ਗੁਰਪਿੰਦਰ ਸਿੰਘ ਪਿੰਕੂ, ਰਾਹੁਲ ਕੁਮਾਰ ਚੌਹਾਨ, ਰਣਜੀਤ ਸਿੰਘ ਨੀਲੋਂ ਕੋਠੇ, ਹਰਦੇਵ ਸਿੰਘ ਗਿੱਲ ਸੀਨੀਅਰ ਆਗੂ, ਗਿਆਨ ਚੰਦ ਸ਼ਰਮਾ ਸਾਬਕਾ ਮੈਂਬਰ ਬਲਾਕ ਸੰਮਤੀ,ਸਾਹਿਬ ਦੀਨ, ਲਖਵੀਰ ਸਿੰਘ ਖਹਿਰਾ ਆਦਿ ਕਾਂਗਰਸੀ ਆਗੂ ਹਾਜ਼ਰ ਸਨ

ਐਡਵੋਕੇਟ ਮਠਾੜੂ ਦੀ ਨਿਯੁਕਤੀ 'ਤੇ ਅਕਾਲੀ ਆਗੂਆਂ ਵੱਲੋਂ ਪਾਰਟੀ ਹਾਈਕਮਾਂਡ ਦਾ ਧੰਨਵਾਦ

ਸਰਦੂਲਗੜ੍ਹ/ਮਾਨਸਾ, 2 ਅਕਤੂਬਰ (ਧਰਮ ਚੰਦ ਸਿੰਗਲਾ) ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਐਡਵੋਕੇਟ ਜਤਿੰਦਰ ਸਿੰਘ ਸੋਢੀ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ, ਸਕੱਤਰ ਜਨਰਲ ਬਲਵਿੰਦਰ ਸਿੰਘ ਭੁੰਦੜ ਅਤੇ ਸੀਨੀਅਰ ਲੀਡਰਸ਼ਿਪ ਨਾਲ ਸਲਾਹ-ਮਸ਼ਵਰੇ ਤੋਂ ਬਾਅਦ ਪਾਰਟੀ ਅਤੇ ਇਸ ਦੇ ਆਗੂਆਂ ਖ਼ਿਲਾਫ਼ ਟੀ.ਵੀ. ਅਤੇ ਸੋਸ਼ਲ ਮੀਡੀਆ 'ਤੇ ਕਥਿਤ ਝੂਠੀ ਜਾਂ ਬੇਬੁਨਿਆਦ ਪ੍ਰਚਾਰਬਾਜ਼ੀ ਸਬੰਧੀ ਕਾਨੂੰਨੀ ਕਾਰਵਾਈ ਦੀ ਪੈਰਵੀ ਲਈ 10 ਮੈਂਬਰੀ ਵਕੀਲਾਂ ਦੀ ਕਮੇਟੀ ਦਾ ਗਠਨ ਕੀਤਾ ਗਿਆ ਹੈ ਜਿਸ ਵਿੱਚ ਮਾਨਸਾ ਜ਼ਿਲ੍ਹੇ ਦੇ ਐਡਵੋਕੇਟ ਕੇ.ਐਸ. ਮਠਾੜੂ ਨੂੰ ਸ਼ਾਮਲ ਕੀਤੇ ਜਾਣ 'ਤੇ ਜ਼ਿਲ੍ਹੇ ਦੀ ਸਮੁੱਚੀ ਜਥੇਬੰਦੀ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ। ਐਡਵੋਕੇਟ ਸੋਢੀ ਨੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਐਡਵੋਕੇਟ ਮਠਾੜੂ ਆਪਣੀ ਕਾਨੂੰਨੀ ਸੂਝ-ਬੂਝ ਅਤੇ ਤਜਰਬੇ ਨਾਲ ਮਿਲੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ।ਉਨ੍ਹਾਂ ਸੋਸ਼ਲ ਮੀਡੀਆ ਅਤੇ ਹੋਰ ਜਨਤਕ ਮੰਚਾਂ 'ਤੇ ਬਿਆਨਬਾਜ਼ੀ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਵਿਅਕਤੀ ਜਾਂ ਸੰਸਥਾ ਬਾਰੇ ਬਿਆਨ ਦੇਣ ਤੋਂ ਪਹਿਲਾਂ ਤੱਥਾਂ ਦੀ ਪੜਤਾਲ ਜ਼ਰੂਰ ਕੀਤੀ ਜਾਵੇ ਅਤੇ ਬਿਨਾਂ ਤੱਥਾਂ ਦੇ ਆਧਾਰ 'ਤੇ ਗਲਤ ਜਾਂ ਭ੍ਰਮਿਤ ਕਰਨ ਵਾਲੀ ਜਾਣਕਾਰੀ ਫੈਲਾਉਣ ਤੋਂ ਗੁਰੇਜ਼ ਕੀਤਾ ਜਾਵੇ। ਇਸ ਮੌਕੇ ਬਲਬੀਰ ਸਿੰਘ ਬੀਰੋਕੇ, ਅਮਰਜੀਤ ਸਿੰਘ ਕੁਲਾਣਾ, ਆਤਮਜੀਤ ਸਿੰਘ ਕਾਲਾ, ਜਗਰਾਜ ਸਿੰਘ ਰਾਜੂ, ਜਸਵੀਰ ਸਿੰਘ ਕੁਲਗੀਆ, ਜੋਗਾ ਸਿੰਘ ਬੋਹਾ, ਗੁਰਦੀਪ ਸਿੰਘ ਵਿਰਕ, ਜਸਵਿੰਦਰ ਸਿੰਘ ਤਾਮਕੋਟ, ਸਤੀਸ਼ ਕੁਮਾਰ ਅਰੋੜਾ, ਗਗਨਦੀਪ ਸਿੰਘ ਉੱਪਲ, ਕਰਮਜੀਤ ਕੌਰ ਸਮਾਓ, ਸੁਖਵਿੰਦਰ ਕੌਰ ਸੁੱਖੀ, ਸਤਵੰਤ ਸਿੰਘ ਸੱਤਾ, ਰਘੁਬੀਰ ਸਿੰਘ, ਰਮਨਦੀਪ ਸਿੰਘ ਗੁੜੱਦੀ, ਜਸਵਿੰਦਰ ਸਿੰਘ ਚਕੇਰੀਆ, ਨਛੱਤਰ ਸਿੰਘ ਸੰਧੂ ਥੰਡੂਆਣਾ, ਸਿਕੰਦਰ ਸਿੰਘ ਜ਼ੈਲਦਾਰ, ਨਿਰਮਲ ਸਿੰਘ ਪਿੱਪਲੀਆਂ, ਕੁਲਦੀਪ ਸਿੰਘ ਚੋਹਾਨ, ਬਲਵਿੰਦਰ ਸਿੰਘ ਮੱਲ ਸਿੰਘ ਵਾਲਾ, ਪਰਮਜੀਤ ਸਿੰਘ ਕੁਲਾਣਾ, ਕਿੰਦਾ ਮੰਢਾਲੀ, ਕੁਲਦੀਪ ਸਿੰਘ ਫ਼ਰੀਦਕੇ, ਓਮਕਾਰ ਸਿੰਘ ਮਿੱਤਲ, ਕੁਲਸ਼ੇਰ ਸਿੰਘ ਰੂਬਲ, ਵਿਜੈ ਕੁਮਾਰ ਭੀਖੀ, ਹਰਬੰਸ ਸਿੰਘ ਪੰਮੀ, ਆਤਮਾ ਸਿੰਘ ਭੋਲਾ, ਤਾਰਾ ਸਿੰਘ ਵਿਰਦੀ ਅਤੇ ਕੇਸਰ ਸਿੰਘ ਬਰੇਟਾ ਸਮੇਤ ਹੋਰ ਆਗੂਆਂ ਨੇ ਐਡਵੋਕੇਟ ਮਠਾੜੂ ਦੀ ਨਿਯੁਕਤੀ 'ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।

ਪਿੰਡ ਰੁੜਕਾ ਕਲਾਂ 'ਚ ਹੋਈ 'ਸਵੱਛਤਾ ਗਿਆਨ ਯਾਤਰਾ

ਸਵੱਛਤਾ ਹੀ ਸੇਵਾ-2026 ਤਹਿਤ ਸਫ਼ਾਈ ਰਾਜਦੂਤ ਬਣਨ ਲਈ ਵਿਦਿਆਰਥੀਆਂ ਵਲੋਂ ਕੂੜਾ ਪ੍ਰਬੰਧਨ ਪਲਾਂਟਾ ਦਾ ਦੌਰਾ

ਫਿਲੌਰ 2 ਅਕਤੂਬਰ : (ਪ੍ਰਦੀਪ ਰਾਜਾ) ਸਵੱਛਤਾ ਹੀ ਸੇਵਾ-2026 ਮੁਹਿੰਮ ਤਹਿਤ ਨੌਜਵਾਨ ਨਾਗਰਿਕਾਂ ਵਿੱਚ ਸਾਫ਼-ਸੁਥਰੇ ਵਾਤਾਵਰਣ ਸਬੰਧੀ ਚੇਤਨਾ ਪੈਦਾ ਕਰਨ ਲਈ ਜ਼ਿਲ੍ਹਾ ਜਲੰਧਰ ਦੇ ਪਿੰਡ ਰੁੜਕਾ ਕਲਾਂ ਵਿਖੇ 'ਸਵੱਛਤਾ ਗਿਆਨ ਯਾਤਰਾ' ਕਰਵਾਈ ਗਈ। ਯੂਥ ਫੁੱਟਬਾਲ ਕਲੱਬ ਦੇ ਸਹਿਯੋਗ ਨਾਲ ਸਥਾਨਕ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਅਤੇ ਸਰਕਾਰੀ ਸਹਿ-ਸਿੱਖਿਆ ਸਕੂਲ ਤੋਂ ਵਿਦਿਆਰਥੀਆਂ ਦੀ ਇਕੱਠਿਆਂ ਜਾਗਰੂਕਤਾ ਰੈਲੀ ਲਿਆਂਦੀ ਗਈ। ਰੈਲੀ ਦੌਰਾਨ ਵਿਦਿਆਰਥੀਆਂ ਵਲੋਂ ਪਿੰਡ ਪੱਧਰ ਤੇ ਠੋਸ ਕੂੜਾ ਪ੍ਰਬੰਧਨ ਅਤੇ ਤਰਲ ਕੂੜਾ ਪ੍ਰਬੰਧਨ ਦੀ ਪ੍ਰਕਿਰਿਆ ਸਹੂਲਤਾਂ ਬਾਰੇ ਦੌਰਾ ਕੀਤਾ ਗਿਆ। ਇਸ ਮੌਕੇ ਅਧਿਕਾਰੀਆ ਵਲੋਂ ਸਮੂਲੀਅਤ ਕਰਨ ਵਾਲੇ ਵਿਦਿਆਰਥੀਆਂ ਨੂੰ ਕੂੜਾ ਪ੍ਰਬੰਧਨ ਸਬੰਧੀ ਮਕੈਨਿਕਲ ਵਿਧੀ, ਕੂੜਾ ਵੱਖਰਾ ਕਰਨ ਦੇ ਸਾਧਨਾਂ, ਗਿੱਲੇ ਅਤੇ ਸੁੱਕੇ ਕੂੜੇ ਤੋਂ ਖਾਦ ਬਣਾਉਣ, ਰੀਸਾਈਕਲਿੰਗ ਪ੍ਰੋਟੋਕਾਲ, ਸੁਰੱਖਿਅਤ ਨਿਪਟਾਰਾ ਵਿਧੀਆਂ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਲਈ ਗੰਦੇ ਪਾਣੀ ਦੀ ਸੁਚੱਜੇ ਨਿਪਟਾਰੇ ਬਾਰੇ ਜਾਣੂੰ ਕਰਵਾਇਆ ਗਿਆ।

ਇਸ ਗੱਲਬਾਤ ਦੇ ਸੈਸ਼ਨ ਨੇ ਵਿਦਿਆਰਥੀਆਂ ਨੂੰ ਪਲਾਸਟਿਕ ਪ੍ਰਦੂਸ਼ਣ ਤੇ ਇੱਧਰ-ਉੱਧਰ ਕੂੜਾ ਸੁੱਟਣ ਦੇ ਨੁਕਸਾਨ ਬਾਰੇ ਜਾਣੂੰ ਕਰਵਾਉਂਦਿਆਂ ਰੋਜ਼ਾਨਾ ਸਾਫ਼-ਸਫ਼ਾਈ ਦੀਆਂ ਆਦਤਾਂ ਨੂੰ ਅਪਣਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਅਧਿਕਾਰੀਆਂ ਵਲੋਂ ਵਿਦਿਆਰਥੀਆਂ ਨੂੰ ਸਵੱਛਤਾ ਰਾਜਦੂਤ ਬਣਕੇ ਕੂੜੇ ਨੂੰ ਵੱਖਰਾ ਕਰਨ ਅਤੇ ਆਪਣੇ ਪਰਿਵਾਰਾਂ ਤੇ ਗੁਆਂਢੀਆਂ ਨੂੰ ਵਾਤਾਵਰਣ ਨੂੰ ਸਾਫ਼-ਸੁਥਰਾ ਤੇ ਸਵੱਛ ਰੱਖਣ ਲਈ ਪ੍ਰੇਰਿਤ ਕਰਨ ਲਈ ਉਤਸ਼ਾਹਿਤ ਕੀਤਾ ਗਿਆ।

ਇਸ ਮੌਕੇ ਸੇਵਿਆ ਸ਼ਰਮਾ, ਸੀ.ਡੀ.ਐਸ.(ਸੈਨੀਟੇਸ਼ਨ) ਗਗਨਦੀਪ ਸਿੰਘ ਵਾਲੀਆ, ਏ.ਐਸ.ਡੀ.ਓ., ਡੀ.ਡਬਲਿਊ.ਐਸ.ਐਸ. ਜਲੰਧਰ ਅਤੇ ਯੂਥ ਫੁੱਟਬਾਲ ਕਲੱਬ ਤੋਂ ਜਸਪ੍ਰੀਤ ਕੌਰ ਤੋਂ ਇਲਾਵਾ ਸਕੂਲ ਪ੍ਰਿੰਸੀਪਲ ਤੇ ਅਧਿਆਪਕ ਵੀ ਮੌਜੂਦ ਸਨ। ਸਮਾਗਮ ਦੌਰਾਨ ਸੈਨੀਟੇਸ਼ਨ ਅਭਿਆਸਾਂ ਵਿੱਚ ਨੌਜਵਾਨਾਂ ਦੇ ਵਿਵਹਾਰ ਵਿੱਚ ਆਈ ਤਬਦੀਲੀ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।

ਭਾਜਪਾ ਦੇ ਜ਼ਿਲ੍ਹਾ ਉਪ ਪ੍ਰਧਾਨ ਸੁਖਵਿੰਦਰ ਲਾਲ ਸ਼ਰਮਾ (ਸੁੱਖੀ)ਤੇ ਸੀਨੀਅਰ ਸੰਜੀਵ ਲੀਹਲ ਸ੍ਰੀ ਮਾਛੀਵਾੜਾ ਸਾਹਿਬ ਤੋਂ ਜਲੰਧਰ ਵਿੱਖੇ ਹੋਈ ਨਸ਼ਾ ਮੁਕਤ ਯਾਤਰਾ ਵਿੱਚ ਸ਼ਾਮਲ ਹੋਏ !

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਪੁਲਿਸ ਜ਼ਿਲ੍ਹਾ ਖੰਨਾ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਲਾਲ ਸ਼ਰਮਾ (ਸੁੱਖੀ) ਤੇ ਸੰਜੀਵ ਲੀਹਲ ਸ੍ਰੀ ਮਾਛੀਵਾੜਾ ਸਾਹਿਬ ਤੋਂ ਜਲੰਧਰ ਵਿੱਖੇ ਹੋਈ ਨਸ਼ਾ ਮੁਕਤ ਪੰਜਾਬ ਯਾਤਰਾ ਵਿੱਚ ਸ਼ਾਮਲ ਹੋਏ ਉਨ੍ਹਾਂ ਦੇ ਨਾਲ ਵਿਧਾਨ ਸਭਾ ਹਲਕਾ ਸਮਰਾਲਾ ਤੋਂ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਸ਼ਾਮਲ ਹੋਏ ਇਸ ਮੌਕੇ ਗੱਲਬਾਤ ਕਰਦਿਆਂ ਇਨ੍ਹਾਂ ਆਗੂਆਂ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਵਲੋਂ ਕੀਤੀ ਰੈਲੀ ਇਤਿਹਾਸਕ ਸਾਬਿਤ ਹੋਈ ਉਨ੍ਹਾਂ ਕਿਹਾ ਕਿ ਰੈਲੀ ਦੌਰਾਨ ਅਮਿਤ ਸਾਹ ਵਲੋਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕੀਤਾ ਗਿਆ ਉਨ੍ਹਾਂ ਕਿਹਾ ਨਸ਼ਿਆਂ ਵਿਰੁੱਧ ਲੜਾਈ ਇੱਕ ਵਿਅਕਤੀ ਜਾਂ ਸੰਸਥਾ ਦੀ ਨਹੀਂ ਇਹ ਪੂਰੇ ਸਮਾਜ ਦੀ ਹੈ ਇਸ ਲਈ ਸਮਾਜ ਦੇ ਹਰ ਵਰਗ ਨੂੰ ਮਿਲ ਕੇ ਜਾਗਰੂਕਤਾ ਪੈਦਾ ਕਰਨੀ ਚਾਹੀਦੀ ਹੈ ਤਾਂ ਕਿ ਨੌਜਵਾਨਾਂ ਨੂੰ ਇਸ ਤੋਂ ਬਚਾਇਆ ਜਾ ਸਕੇ ਅਤੇ ਸਿਹਤਮੰਦ ਸਮਾਜ ਬਣਾਇਆ ਜਾ ਸਕੇ !

ਮਾਨ ਦੇ ਮੁਨਾਫ਼ੇ ਮੁਹਿੰਮ: ਲਹਿਰਾ ਵਿੱਚ ਲੋਕਾਂ ਦੇ ਬੂਹੇ 'ਤੇ ਪਹੁੰਚੇ ਮੰਤਰੀ ਗੋਇਲ

ਲਹਿਰਾਗਾਗਾ 2 ਅਕਤੂਬਰ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲਹਿਰਾਗਾਗਾ ਸ਼ਹਿਰ ਵਿੱਚ @ਮਾਨ ਦੇ ਮੁਨਾਫ਼ੇ@ ਮੁਹਿੰਮ ਤਹਿਤ ਘਰ-ਘਰ ਅਤੇ ਦੁਕਾਨਾਂ @ਤੇ ਜਾ ਕੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਆਮ ਆਦਮੀ ਪਾਰਟੀ ਦੀ ਡੋਰ-ਟੂ-ਡੋਰ ਮੁਹਿੰਮ ਤਹਿਤ ਉਨ੍ਹਾਂ ਲੋਕਾਂ ਸਾਹਮਣੇ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਰੱਖਿਆ ਅਤੇ ਵੱਖ-ਵੱਖ ਲੋਕ-ਭਲਾਈ ਪਹਿਲਕਦਮੀਆਂ ਬਾਰੇ ਗੱਲਬਾਤ ਕੀਤੀ।ਇਸ ਮੌਕੇ ਮੰਤਰੀ ਗੋਇਲ ਨੇ ਕਿਹਾ ਕਿ ਲੋਕਾਂ ਵਿਚਕਾਰ ਜਾ ਕੇ ਆਪਣੇ ਕੰਮਾਂ ਦਾ ਹਿਸਾਬ ਦੇਣਾ ਅਤੇ ਉਨ੍ਹਾਂ ਦੀਆਂ ਲੋੜਾਂ ਨੂੰ ਸਮਝਣਾ ਆਮ ਆਦਮੀ ਪਾਰਟੀ ਦੀ ਕਾਰਜਸ਼ੈਲੀ ਦਾ ਅਹਿਮ ਹਿੱਸਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਪਰਿਵਾਰਾਂ ਦੇ ਘਰੇਲੂ ਖ਼ਰਚਿਆਂ ਦਾ ਬੋਝ ਘਟਾਉਣ ਅਤੇ ਉਨ੍ਹਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਆਪਣੀਆਂ ਮੁੱਖ ਤਰਜੀਹਾਂ ਵਿੱਚ ਰੱਖਿਆ ਹੈ। ਉਨ੍ਹਾਂ ਕਿਹਾ ਕਿ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਘਰੇਲੂ ਖਪਤਕਾਰਾਂ ਨੂੰ ਵੱਡੀ ਰਾਹਤ ਮਿਲੀ ਹੈ।ਉਨ੍ਹਾਂ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਤਹਿਤ ਯੋਗ ਐਸ.ਸੀ. ਵਰਗ ਦੀਆਂ ਮਹਿਲਾਵਾਂ ਲਈ 1,500 ਰੁਪਏ ਅਤੇ ਹੋਰ ਯੋਗ ਵਰਗਾਂ ਦੀਆਂ ਮਹਿਲਾਵਾਂ ਲਈ 1,000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਾ ਪ੍ਰਬੰਧ ਕੀਤਾ ਗਿਆ ਹੈ।ਪਾਣੀ ਦੀ ਸੰਭਾਲ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਅਤੇ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਲਈ ਵੀ ਕੰਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇਨ੍ਹਾਂ ਦੀ ਸੰਭਾਲ ਸਰਕਾਰ ਦੀਆਂ ਅਹਿਮ ਤਰਜੀਹਾਂ ਵਿੱਚ ਸ਼ਾਮਲ ਹੈ।ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਅਸੀਂ ਲੋਕਾਂ ਕੋਲ ਆਪਣੇ ਕੰਮਾਂ ਦਾ ਹਿਸਾਬ ਲੈ ਕੇ ਪਹੁੰਚ ਰਹੇ ਹਾਂ। ਲੋਕ ਖੁਦ ਪਰਖਣ ਕਿ ਉਨ੍ਹਾਂ ਦੇ ਪਰਿਵਾਰ ਨੂੰ ਕਿਹੜੀਆਂ ਸਹੂਲਤਾਂ ਮਿਲੀਆਂ ਹਨ ਅਤੇ ਘਰੇਲੂ ਖ਼ਰਚਿਆਂ ਵਿੱਚ ਕਿੰਨੀ ਬੱਚਤ ਹੋਈ ਹੈ। ਲੋਕਾਂ ਦੀ ਭਲਾਈ, ਹਲਕੇ ਦਾ ਵਿਕਾਸ ਅਤੇ ਲੋਕਾਂ ਪ੍ਰਤੀ ਜਵਾਬਦੇਹੀ ਸਾਡੀ ਰਾਜਨੀਤੀ ਦਾ ਕੇਂਦਰ ਹਨ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮੈਡਮ ਕਾਂਤ

ਸਮੱਸਿਆ ਦੀ ਜਾਣਕਾਰੀ, ਹੱਲ ਤੇ ਫਿਰ ਨਾਗਰਿਕ ਤੋਂ ਤਸਦੀਕ-ਤਦ ਹੀ ਮੰਨਿਆ ਜਾਵੇਗਾ ਸ਼ਿਕਾਇਤ ਦਾ ਅਸਲ ਨਿਪਟਾਰਾ : ਸੀਐਮ ਸੈਣੀ

ਚੰਡੀਗੜ੍ਹ, 2 ਅਕਤੂਬਰ (ਰਾਜੇਂਦਰ ਸਿੰਘ ਜਾਦੌਂ):-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਡੀ ਸਰਕਾਰ ਦਾ ਟੀਚਾ ਹੈ - ਨਾਗਰਿਕਾਂ ਦੀ ਸਮੱਸਿਆ ਦੀ ਜਾਣਕਾਰੀ, ਉਸ ਦਾ ਹੱਲ ਅਤੇ ਫਿਰ ਨਾਗਰਿਕਾਂ ਤੋਂ ਉਸ ਦੀ ਤਸਦੀਕ, ਜਦੋਂ ਤੱਕ ਨਾਗਰਿਕ ਸੰਤੁਸ਼ਟ ਨਹੀਂ ਹੁੰਦਾ, ਤਦ ਤੱਕ ਸ਼ਿਕਾਇਤ ਦਾ ਨਿਪਟਾਰਾ ਪੂਰਾ ਨਹੀਂ ਮੰਨਿਆ ਜਾਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਹ ਗੱਲ ਸ਼ੁੱਕਰਵਾਰ ਨੂੰ ਗੁਰੂਗ੍ਰਾਮ ਵਿੱਚ ਵਿਕਾਸ ਕਾਰਜਾਂ ਦੀ ਪ੍ਰਗਤੀ, ਨਾਗਰਿਕ ਸਹੂਲਤਾਂ ਅਤੇ ਜਨਤਕ ਸਮੱਸਿਆਵਾਂ ਦੇ ਹੱਲ ਦੀ ਸਥਿਤੀ ਦੀ ਸਮੀਖਿਆ ਮੀਟਿੰਗ ਤੋਂ ਬਾਅਦ ਮੀਡੀਆ ਕਰਮੀਆਂ ਨਾਲ ਗੱਲਬਾਤ ਕਰਦਿਆਂ ਕਹੀ। ਉਨ੍ਹਾਂ ਕਿਹਾ ਕਿ ਸਰਕਾਰ ਕੋਲ ਨਾਗਰਿਕਾਂ ਦੀਆਂ ਸਮੱਸਿਆਵਾਂ ਦੀ ਜਾਣਕਾਰੀ ਪ੍ਰਾਪਤ ਕਰਨ ਅਤੇ ਉਨ੍ਹਾਂ ਦੇ ਹੱਲ ਦੀ ਸਥਿਤੀ ਦੀ ਨਿਗਰਾਨੀ ਲਈ ਸਮਾਨਾਂਤਰ ਪ੍ਰਣਾਲੀ ਹੈ, ਜਿਸ ਦੀ ਉਹ ਖੁਦ ਮਾਨੀਟਰਿੰਗ ਕਰਦੇ ਹਨ। ਇਸ ਪ੍ਰਣਾਲੀ ਰਾਹੀਂ ਲਗਾਤਾਰ ਇਹ ਜਾਣਕਾਰੀ ਮਿਲਦੀ ਰਹਿੰਦੀ ਹੈ ਕਿ ਜ਼ਮੀਨ 'ਤੇ ਅਸਲ ਸਥਿਤੀ ਕੀ ਹੈ ਅਤੇ ਨਾਗਰਿਕਾਂ ਨੂੰ ਕਿਨ੍ਹਾਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਈ ਵਾਰ ਜਦੋਂ ਕੋਈ ਨਾਗਰਿਕ ਉਨ੍ਹਾਂ ਦੇ ਧਿਆਨ ਵਿੱਚ ਆਪਣੀ ਸਮੱਸਿਆ ਲਿਆਉਂਦਾ ਹੈ ਤਾਂ ਉਹ ਖੁਦ ਉਸ ਨਾਲ ਗੱਲ ਕਰਦੇ ਹਨ। ਕਈ ਮੌਕਿਆਂ 'ਤੇ ਉਹ ਇਹ ਦੱਸੇ ਬਿਨਾਂ ਕਿ ਉਹ ਪ੍ਰਦੇਸ਼ ਦੇ ਮੁੱਖ ਮੰਤਰੀ ਹਨ, ਸਿੱਧੇ ਨਾਗਰਿਕ ਤੋਂ ਉਸ ਦੀ ਪਰੇਸ਼ਾਨੀ ਪੁੱਛਦੇ ਹਨ, ਉਸ ਦੀ ਗੱਲ ਸੁਣਦੇ ਹਨ ਅਤੇ ਫਿਰ ਸਬੰਧਤ ਵਿਭਾਗ ਦੇ ਅਧਿਕਾਰੀਆਂ ਦੇ ਸਾਹਮਣੇ ਉਸ ਸਮੱਸਿਆ ਨੂੰ ਰੱਖਦੇ ਹਨ ਉਮੁੱਖ ਮੰਤਰੀ ਨੇ ਕਿਹਾ ਕਿ ਗੁਰੂਗ੍ਰਾਮ ਦੀਆਂ ਵਧਦੀਆਂ ਲੋੜਾਂ ਨੂੰ ਵੇਖਦਿਆਂ ਮੀਟਿੰਗ ਵਿੱਚ ਕਈ ਮਹੱਤਵਪੂਰਨ ਫੈਸਲੇ ਲਏ ਗਏ ਹਨ ਭੂਮੀਗਤ ਪਾਈਪਲਾਈਨ ਰਾਹੀਂ ਹੋਵੇਗੀ ਨਿਰਵਿਘਨ ਪਾਣੀ ਦੀ ਸਪਲਾਈ:ਉਨ੍ਹਾਂ ਕਿਹਾ ਕਿ ਅੱਜ ਦੀ ਮੀਟਿੰਗ ਦਾ ਉਦੇਸ਼ ਸਿਰਫ਼ ਫੈਸਲਾ ਲੈਣਾ ਨਹੀਂ, ਸਗੋਂ ਇਹ ਯਕੀਨੀ ਬਣਾਉਣਾ ਹੈ ਕਿ ਫੈਸਲਿਆਂ ਦੀ ਡਿਲਿਵਰੀ ਜ਼ਮੀਨ 'ਤੇ ਦਿਖਾਈ ਦੇਵੇ। ਸਰਕਾਰ ਦੀ ਤਰਜੀਹ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਉਪਲਬਧ ਕਰਵਾਉਣਾ, ਉਨ੍ਹਾਂ ਦੀਆਂ ਸਮੱਸਿਆਵਾਂ ਦਾ ਅਸਲ ਸਮਾਧਾਨ ਕਰਨਾ ਅਤੇ ਸਰਕਾਰ ਤੇ ਜਨਤਾ ਵਿਚਕਾਰ ਵਿਸ਼ਵਾਸ ਅਤੇ ਸੰਵਾਦ ਨੂੰ ਮਜ਼ਬੂਤ ਕਰਨਾ ਹੈ। ਨਾਗਰਿਕ ਦੀ ਤਸਦੀਕ ਤੋਂ ਬਾਅਦ ਹੀ ਸ਼ਿਕਾਇਤ ਦਾ ਅਸਲ ਨਿਪਟਾਰਾ ਮੰਨਿਆ ਜਾਵੇਗਾ।

ਵਿਕਸਤ ਭਾਰਤ ਲਈ ਸਵੱਛਤਾ ਰੋਜ਼ਾਨਾ ਦੀ ਨਾਗਰਿਕ ਜ਼ਿੰਮੇਵਾਰੀ ਬਣੇ-ਸਤਨਾਮ ਸਿੰਘ ਸੰਧੂ

ਸ਼ਸ਼ੀ ਪਾਲ ਜੈਨ

ਚੰਡੀਗੜ੍ਹ 2 ਅਕਤੂਬਰ-ਵਿਕਸਤ ਭਾਰਤ ਦਾ ਸੁਪਨਾ ਲੋਕਾਂ ਦੇ ਜੀਵਨ ਦੀ ਗੁਣਵੱਤਾ ਨਾਲ ਜੁੜਿਆ ਹੈ। ਸਾਫ਼ ਗਲੀਆਂ, ਸਿਹਤਮੰਦ ਬਾਜ਼ਾਰ ਅਤੇ ਸਵੱਛ ਵਾਤਾਵਰਣ ਇਸ ਗੁਣਵੱਤਾ ਦੀ ਬੁਨਿਆਦ ਹਨ। ਸਵੱਛਤਾ ਸਰਕਾਰ ਵੱਲੋਂ ਬਣਾਏ ਢਾਂਚੇ ਅਤੇ ਹਰ ਨਾਗਰਿਕ ਦੀ ਰੋਜ਼ਾਨਾ ਭਾਗੀਦਾਰੀ ਨਾਲ ਹੀ ਜੀਵਨ ਸ਼ੈਲੀ ਬਣ ਸਕਦੀ ਹੈ, ਇਹ ਗੱਲ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਹੀ।

ਮਹਾਤਮਾ ਗਾਂਧੀ ਦੀ ਜਯੰਤੀ ਮੌਕੇ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮਦਿਨ ਨੂੰ ਸਮਰਪਿਤ ਸੇਵਾ ਸੰਕਲਪ ਅਭਿਆਨ ਦੇ ਹਿੱਸੇ ਵਜੋਂ ਸੈਕਟਰ 26 ਸਬਜ਼ੀ ਮੰਡੀ, ਚੰਡੀਗੜ੍ਹ ਵਿਖੇ ਸਵੱਛਤਾ ਮੁਹਿਮ ਚਲਾਈ ਗਈ। ਇਹ ਮੁਹਿੰਮ ਭਾਜਪਾ ਦੇ ਚੰਡੀਗੜ੍ਹ ਇੰਚਾਰਜ ਅਤੇ ਸਾਬਕਾ ਕੇਂਦਰੀ ਮੰਤਰੀ ਮਹਿੰਦਰ ਨਾਥ ਪਾਂਡੇ ਦੀ ਅਗਵਾਈ ਹੇਠ ਹੋਈ। ਇਸ ਵਿੱਚ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ, ਚੰਡੀਗੜ੍ਹ ਭਾਜਪਾ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ, ਸਾਬਕਾ ਪ੍ਰਧਾਨ ਅਰੁਣ ਸੂਦ, ਮੇਅਰ ਸੌਰਭ ਜੋਸ਼ੀ, ਪਾਰਟੀ ਆਗੂਆਂ, ਕਾਰਕੁਨਾਂ ਅਤੇ ਸ਼ਹਿਰ ਵਾਸੀਆਂ ਨੇ ਭਾਗ ਲਿਆ। ਸੰਧੂ ਨੇ ਕਿਹਾ ਕਿ ਪਿਛਲੇ ਬਾਰਾਂ ਸਾਲਾਂ ਵਿੱਚ ਸਵੱਛ ਭਾਰਤ ਮਿਸ਼ਨ ਸਿਰਫ਼ ਇੱਕ ਨਾਅਰਾ ਬਣ ਕੇ ਨਹੀਂ ਰਿਹਾ, ਸਗੋਂ ਜਨ ਭਾਗੀਦਾਰੀ ਨਾਲ ਇੱਕ ਵਿਸ਼ਾਲ ਜਨ ਅੰਦੋਲਨ ਬਣਿਆ ਹੈ।

ਉਨ੍ਹਾਂ ਕਿਹਾ ਕਿ ਸਵੱਛ ਭਾਰਤ ਮਿਸ਼ਨ ਤਹਿਤ ਪੁਰਾਣੇ ਕੂੜੇ ਦੇ ਵੱਡੇ ਢੇਰਾਂ ਨੂੰ ਵਿਗਿਆਨਕ ਤਰੀਕੇ ਨਾਲ ਹਟਾਉਣ ਅਤੇ ਉਸ ਜ਼ਮੀਨ ਨੂੰ ਮੁੜ ਵਰਤੋਂ ਵਿੱਚ ਲਿਆਉਣ ਦਾ ਕੰਮ ਵੀ ਅੱਗੇ ਵਧਿਆ ਹੈ। ਕੇਂਦਰੀ ਸ਼ਹਿਰੀ ਵਿਕਾਸ ਮੰਤਰਾਲੇ ਅਨੁਸਾਰ ਮਈ 2026 ਤੱਕ ਦੇਸ਼ ਭਰ ਦੇ 2,482 ਕੂੜਾ ਸਥਾਨਾਂ ਉੱਤੇ ਜਮ੍ਹਾਂ 26 ਕਰੋੜ ਮੈਟ੍ਰਿਕ ਟਨ ਪੁਰਾਣੇ ਕੂੜੇ ਵਿੱਚੋਂ 65 ਫ਼ੀਸਦੀ ਦੀ ਪ੍ਰਕਿਰਿਆ ਕੀਤੀ ਜਾ ਚੁੱਕੀ ਸੀ ਅਤੇ ਲਗਭਗ 9,000 ਏਕੜ ਜ਼ਮੀਨ ਮੁੜ ਪ੍ਰਾਪਤ ਕੀਤੀ ਗਈ ਸੀ। ਚੰਡੀਗੜ੍ਹ ਦੇ ਡੱਡੂਮਾਜਰਾ ਅਤੇ ਦਿੱਲੀ ਦੇ ਭਲਸਵਾ ਵਿੱਚ ਵੀ ਪੁਰਾਣੇ ਕੂੜੇ ਦੀ ਵਿਗਿਆਨਕ ਪ੍ਰਕਿਰਿਆ ਦਾ ਕੰਮ ਹੋ ਰਿਹਾ ਹੈ। ਸੰਧੂ ਨੇ ਕਿਹਾ ਕਿ ਸੈਕਟਰ 26 ਵਰਗੀ ਰੁਝੇਵਿਆਂ ਵਾਲੀ ਸਬਜ਼ੀ ਮੰਡੀ ਵਿੱਚ ਸਫ਼ਾਈ ਦਾ ਸਿੱਧਾ ਸਬੰਧ ਜਨਤਕ ਸਿਹਤ, ਵਪਾਰੀਆਂ ਅਤੇ ਰੇਹੜੀ ਫੜ੍ਹੀ ਵਾਲਿਆਂ ਦੀ ਰੋਜ਼ੀ ਰੋਟੀ ਅਤੇ ਖਰੀਦਦਾਰੀ ਲਈ ਆਉਣ ਵਾਲੇ ਲੋਕਾਂ ਦੀ ਸਹੂਲਤ ਨਾਲ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਭਾਗੀਦਾਰੀ ਨਾਲ ਚੰਡੀਗੜ੍ਹ ਨੂੰ ਹੋਰ ਸਾਫ਼, ਸਿਹਤਮੰਦ ਅਤੇ ਰਹਿਣਯੋਗ ਸ਼ਹਿਰ ਬਣਾਇਆ ਜਾ ਸਕਦਾ ਹੈ।

49.09 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਟਿਊਬਵੈੱਲ ਦੇ ਕੰਮ ਦੀ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਰਵਾਈ ਸ਼ੁਰੂਆਤ

ਡੇਰਾਬੱਸੀ, 2 ਅਕਤੂਬਰ: (ਸੁਖਵਿੰਦਰ ਸੈਣੀ)-ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਡੇਰਾਬੱਸੀ ਹਲਕੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਕਦਮ ਚੁੱਕਦਿਆਂ ਡੇਰਾਬੱਸੀ ਦੇ ਵਾਰਡ ਨੰਬਰ 19 ਅਧੀਨ ਪੈਂਦੇ ਪਿੰਡ ਡੇਰਾ ਜਗਾਧਰੀ ਵਿਖੇ 49.09 ਲੱਖ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੇ ਨਵੇਂ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਰੰਧਾਵਾ ਨੇ ਕਿਹਾ ਕਿ ਸਾਫ਼-ਸੁਥਰਾ ਪੀਣ ਵਾਲਾ ਪਾਣੀ ਹਰ ਨਾਗਰਿਕ ਦੀ ਮੁੱਢਲੀ ਲੋੜ ਹੈ ਅਤੇ ਲੋਕਾਂ ਨੂੰ ਇਹ ਸਹੂਲਤ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਵੇਂ ਟਿਊਬਵੈੱਲ ਦੇ ਚਾਲੂ ਹੋਣ ਨਾਲ ਡੇਰਾ ਜਗਾਧਰੀ ਦੇ ਵਸਨੀਕਾਂ ਨੂੰ ਪੀਣ ਵਾਲੇ ਪਾਣੀ ਦੀ ਬਿਹਤਰ ਸਹੂਲਤ ਮਿਲੇਗੀ ਅਤੇ ਪਾਣੀ ਨਾਲ ਸਬੰਧਤ ਸਮੱਸਿਆਵਾਂ ਨੂੰ ਦੂਰ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ ਅਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਦੇ ਨਾਲ-ਨਾਲ ਉਨ੍ਹਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣਾ ਵੀ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਆਸ਼ੂ ਉਪਨੇਜਾ, ਕੌਂਸਲਰ ਸ੍ਰੀਮਤੀ ਹਰਜੀਤ ਕੌਰ, ਕੌਂਸਲਰ ਨਰੇਸ਼ ਉਪਨੇਜਾ, ਸਥਾਨਕ ਵਾਰਡ ਵਾਸੀ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਨੈਸ਼ਨਲ ਇੰਸ਼ੋਰੈਂਸ ਕੰਪਨੀ ਦੇ ਚੰਡੀਗੜ੍ਹ ਖੇਤਰੀ ਦਫ਼ਤਰ ਵਿੱਚ ਸਫ਼ਾਈ ਮੁਹਿੰਮ

ਸ਼ਸ਼ੀ ਪਾਲ ਜੈਨ

ਚੰਡੀਗੜ੍ਹ 2 ਅਕਤੂਬਰ-ਨੈਸ਼ਨਲ ਇੰਸ਼ੋਰੈਂਸ ਕੰਪਨੀ ਲਿਮਟਿਡ (ਭਾਰਤ ਸਰਕਾਰ ਦਾ ਉਪਕ੍ਰਮ) ਦੇ ਚੰਡੀਗੜ੍ਹ ਖੇਤਰੀ ਦਫ਼ਤਰ ਵਿੱਚ ਸਫ਼ਾਈ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦਾ ਉਦੇਸ਼ ਦਫ਼ਤਰ ਦੇ ਪਰਿਸਰ ਅਤੇ ਆਸ-ਪਾਸ ਦੇ ਇਲਾਕੇ ਵਿੱਚ ਸਫ਼ਾਈ ਬਣਾਈ ਰੱਖਣ ਦੇ ਨਾਲ-ਨਾਲ ਅਧਿਕਾਰੀਆਂ ਅਤੇ ਕਰਮਚਾਰੀਆਂ ਵਿੱਚ ਸਫ਼ਾਈ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸੀ। ਇਸ ਸਫ਼ਾਈ ਮੁਹਿੰਮ ਵਿੱਚ ਉਪ ਮਹਾਂਪ੍ਰਬੰਧਕ ਅਰਜੁਨ ਸਿੰਘ ਦੁਗਤਾਲ, ਖੇਤਰੀ ਪ੍ਰਬੰਧਕ ਮਹਿੰਦਰ ਸਿੰਘ, ਖੁਸ਼ਵੰਤ ਵਰਮਾ ਅਤੇ ਦੇਵੇਂਦਰ ਕੁਮਾਰ ਸਵਾਮੀ ਸਮੇਤ ਖੇਤਰੀ ਦਫ਼ਤਰ ਦੇ ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਰਗਰਮ ਭਾਗੀਦਾਰੀ ਕੀਤੀ। ਇਸ ਦੌਰਾਨ ਦਫ਼ਤਰ ਦੇ ਪਰਿਸਰ ਅਤੇ ਆਸ-ਪਾਸ ਦੇ ਇਲਾਕੇ ਵਿੱਚ ਸਫ਼ਾਈ ਕੀਤੀ ਗਈ ਅਤੇ ਸਾਫ਼-ਸੁਥਰਾ ਤੇ ਸੁਚੱਜਾ ਦਫ਼ਤਰੀ ਵਾਤਾਵਰਣ ਬਣਾਈ ਰੱਖਣ ਲਈ ਲੋੜੀਂਦੇ ਉਪਰਾਲੇ ਕੀਤੇ ਗਏ ਮੁਹਿੰਮ ਦੌਰਾਨ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਫ਼ਾਈ ਨੂੰ ਆਪਣੇ ਰੋਜ਼ਾਨਾ ਦੇ ਕੰਮਕਾਜ ਦਾ ਅਹਿਮ ਹਿੱਸਾ ਬਣਾਉਣ ਅਤੇ ਦਫ਼ਤਰ ਦੇ ਪਰਿਸਰ ਤੇ ਆਸ-ਪਾਸ ਦੇ ਵਾਤਾਵਰਣ ਨੂੰ ਸਾਫ਼, ਸੁੰਦਰ ਅਤੇ ਸੁਚੱਜਾ ਰੱਖਣ ਦਾ ਸੰਕਲਪ ਲਿਆ। ਇਸ ਮੌਕੇ ਸਫ਼ਾਈ, ਸਾਫ਼-ਸੁਥਰੇ ਦਫ਼ਤਰ ਅਤੇ ਸਿਹਤਮੰਦ ਵਾਤਾਵਰਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਗਿਆ। ਇਸ ਸਫ਼ਾਈ ਮੁਹਿੰਮ ਰਾਹੀਂ "ਸਾਫ਼ ਦਫ਼ਤਰ, ਸਿਹਤਮੰਦ ਵਾਤਾਵਰਣ ਅਤੇ ਸਾਫ਼-ਸੁਥਰਾ ਸਮਾਜ "ਦਾ ਸੁਨੇਹਾ ਦਿੱਤਾ ਗਿਆ ਅਤੇ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਫ਼ਾਈ ਪ੍ਰਤੀ ਨਿਰੰਤਰ ਜਾਗਰੂਕ ਅਤੇ ਵਚਨਬੱਧ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

ਜਗਮੋਹਨ ਸਿੰਘ ਕੰਗ ਵੱਲੋਂ ਸਚਿਨ ਪਾਇਲਟ ਨਾਲ ਮੁਲਾਕਾਤ

ਕੁਰਾਲੀ, 2 ਅਕਤੂਬਰ (ਪ੍ਰਭਦੀਪ ਸਿੰਘ ਸੋਢੀ)- ਪੰਜਾਬ ਦੇ ਸਾਬਕਾ ਮੰਤਰੀ ਜਗਮੋਹਨ ਸਿੰਘ ਕੰਗ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਦੋਵਾਂ ਆਗੂਆਂ ਵੱਲੋਂ ਪੰਜਾਬ ਦੀ ਮੌਜੂਦਾ ਰਾਜਨੀਤਕ ਸਥਿਤੀ ਸਮੇਤ ਪਾਰਟੀ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਕੰਗ ਨੇ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਪੰਜਾਬ ਦੀ ਰਾਜਨੀਤੀ ਵਿੱਚ ਹੋ ਰਹੇ ਬਦਲਾਅ, ਕਾਂਗਰਸ ਦੀਆਂ ਗਤੀਵਿਧੀਆਂ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਸਬੰਧੀ ਵੀ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਜਗਮੋਹਨ ਸਿੰਘ ਕੰਗ ਦੇ ਸਪੁੱਤਰ ਅਮਰਿੰਦਰ ਸਿੰਘ ਰੋਮੀ ਕੰਗ ਵੀ ਹਾਜ਼ਰ ਸਨ।

ਦਿੱਲੀ ਕਾਂਗਰਸ ਪ੍ਰੈਸ ਕਾਨਫਰੰਸ 'ਚ ਡਾ ਮਨੋਹਰ ਸਿੰਘ ਦਾ ਨਾਮ ਗੂੰਜਿਆ

ਖਮਾਣੋਂ, 2 ਅਕਤੂਬਰ (ਬਲਬੀਰ ਸਿੰਘ ਸਿੱਧੂ) ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਦੀ ਚਰਚਾ ਸਿਖਰਾਂ ਤੇ ਹੈ ਉੱਥੇ ਹਰ ਪਾਰਟੀ ਆਪਣੀਆਂ ਸਿਆਸੀ ਸਰਗਰਮੀਆਂ ਤੇਜ਼ ਕਰ ਰਹੀ ਹੈ ਉੱਥੇ ਹੀ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਡਾ ਮਨੋਹਰ ਸਿੰਘ ਪਿਛਲੇ ਪੰਦਰਾਂ ਕੁ ਦਿਨਾਂ ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਸੀਨੀਅਰ ਲੀਡਰਸ਼ਿਪ ਨਾਲ ਸੰਪਰਕ ਵਧਾ ਰਹੇ ਹਨ ਜਿਸ ਦਾ ਪਤਾ ਡਾ ਮਨੋਹਰ ਸਿੰਘ ਦੀਆਂ ਸੋਸ਼ਲ ਮੀਡੀਆ ਅਤੇ ਪ੍ਰਿੰਟ ਮੀਡੀਆ ਵਿੱਚ ਲਗਾਤਾਰ ਘੁੰਮ ਰਹੀਆਂ ਤਸਵੀਰਾਂ ਜਗ ਜ਼ਾਹਿਰ ਕਰ ਰਹੀਆਂ ਹਨ। ਸ਼ਨੀਵਾਰ ਨੂੰ ਅਕਬਰ ਰੋਡ ਨਵੀਂ ਦਿੱਲੀ ਸਥਿਤ ਕਾਂਗਰਸ ਪਾਰਟੀ ਦੇ ਦਫ਼ਤਰ ਵਿਖੇ ਆਲ ਇੰਡੀਆ ਪ੍ਰੋਫੈਸ਼ਨਲ ਕਾਂਗਰਸ (ਏਆਈਪੀਸੀ) ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ ਜਿਸ ਵਿੱਚ ਦੇ ਚੇਅਰਮੈਨ ਸਾਬਕਾ ਸੰਸਦ ਮਧੂ ਯਾਸਕੀ ਗੌਡ ਅਤੇ ਸਾਬਕਾ ਚੇਅਰਮੈਨ ਤੇ ਤੇਲੰਗਾਨਾ ਤੋਂ ਰਾਜ ਸਭਾ ਮੈਂਬਰ ਪ੍ਰਵੀਨ ਚੱਕਰਵਰਤੀ ਨੇ ਪਿਛਲੇ ਸਾਲ ਸ਼ੁਰੂ ਕਿਤੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਨਾਮ ਤੇ ਸਾਰੇ ਦੇਸ਼ ਵਿਚੋਂ ਚੁਣੇ ਪੰਜਾਹ ਫੈਲੋਜ਼ ਬਾਰੇ ਜਾਣਕਾਰੀ ਦਿੱਤੀ ਜਿਸ ਵਿਚ ਡਾ ਮਨੋਹਰ ਸਿੰਘ ਦਾ ਨਾਂ ਵੀ ਸ਼ਾਮਲ ਸੀ। ਇਸ ਪ੍ਰੈਸ ਕਾਨਫਰੰਸ ਦੌਰਾਨ ਚੇਅਰਮੈਨ ਮਧੂ ਯਾਸ਼ਿਕ ਗੌਡ ਨੇ ਪਿਛਲੇ ਸਾਲ ਪੰਜਾਹ ਫੈਲੋਜ਼ ਨਾਲ ਕੰਮ ਕਰਨ ਅਤੇ ਉਨ੍ਹਾਂ ਦੀਆਂ ਯੋਗਤਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਲ ਇੰਡੀਆ ਪ੍ਰੋਫੈਸ਼ਨਲ ਕਾਂਗਰਸ ਨੇ ਅੱਗੇ ਨੂੰ ਵੀ ਇਹ ਪ੍ਰੋਗਰਾਮ ਜਾਰੀ ਰੱਖਣ ਦਾ ਐਲਾਨ ਕੀਤਾ ਉਨ੍ਹਾਂ ਅੱਗੇ ਆਖਿਆ ਕਿ ਸਾਰੇ ਵਰਗਾਂ ਵਿੱਚੋਂ ਪੇਸ਼ੇਵਰ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੋੜਨ ਲਈ ਕੰਮ ਕਰਦੇ ਰਹਿਣਗੇ।

ਸੈਕਟਰ ਮੜੋਲੀ ਕਲਾਂ ਵਿੱਚ ਡੇਂਗੂ ਸਰਵੇ ਦੌਰਾਨ ਲੋਕਾਂ ਨੂੰ ਕੀਤਾ ਜਾਗਰੂਕ

ਮੋਰਿੰਡਾ,02ਅਕਤੂਬਰ(ਬਲਵੀਰ ਸਿੰਘ ਚਲਾਕੀ): ਡਾ.ਵਿਵੇਕ ਕਟਾਰੀਆ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸ਼੍ਰੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸੈਕਟਰ ਮੜੋਲੀਕਲਾਂ ਵਿੱਚ ਡੇਂਗੂ ਦੀ ਰੋਕਥਾਮ ਅਤੇ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਸਿਹਤ ਵਿਭਾਗ ਦੀ ਟੀਮ ਵੱਲੋਂ ਡੇਂਗੂ ਸਰਵੇ ਕੀਤਾ ਗਿਆ। ਇਸ ਦੌਰਾਨ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਤੋਂ ਬਚ

ਸੰਪਾਦਕੀ

ਖੇਤੀ ਨੀਤੀ 'ਚ ਬਦਲਾਅ ਜ਼ਰੂਰੀ

ਦੇਸ਼ ਦੀ ਖੇਤੀ ਨੀਤੀ ਹੁਣ ਉਸ ਮੋੜ 'ਤੇ ਪਹੁੰਚ ਚੁੱਕੀ ਹੈ, ਜਿੱਥੇ ਸਰਕਾਰ ਨੂੰ ਕਣਕ ਤੇ ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਤੋਂ ਅੱਗੇ ਸੋਚਣਾ ਹੀ ਪਵੇਗਾ। ਦਹਾਕਿਆਂ ਤੋਂ ਕਣਕ ਤੇ ਝੋਨੇ ਨੇ ਦੇਸ਼ ਦੀ ਖੁਰਾਕ ਸੁਰੱਖਿਆ 'ਚ ਵੱਡਾ ਯੋਗਦਾਨ ਪਾਇਆ ਹੈ ਪਰ ਅੱਜ ਹਾਲਾਤ ਬਦਲ ਗਏ ਹਨ। ਗੋਦਾਮਾਂ 'ਚ ਅਨਾਜ ਦੀ ਵੱਡੀ ਮਾਤਰਾ ਮੌਜੂਦ ਹੈ, ਭੰਡਾਰਨ ਸਮਰੱਥਾ 'ਤੇ ਲਗਾਤਾਰ ਦਬਾਅ ਹੈ, ਜਦਕਿ ਦਾਲਾਂ ਤੇ ਖਾਣ ਵਾਲੇ ਤੇਲ ਦੀਆਂ ਲੋੜਾਂ ਪੂਰੀਆਂ ਕਰਨ ਲਈ ਦੇਸ਼ ਨੂੰ ਵਿਦੇਸ਼ਾਂ ਵੱਲ ਦੇਖਣਾ ਪੈਂਦਾ ਹੈ। ਪੰਜਾਬ ਤੇ ਹਰਿਆਣਾ 'ਚ ਝੋਨੇ ਦੀ ਖ਼ਰੀਦ ਸ਼ੁਰੂ ਹੋਣ ਨਾਲ ਭੰਡਾਰਨ ਦੀ ਸਮੱਸਿਆ ਇਕ ਵਾਰ ਫਿਰ ਸਾਹਮਣੇ ਆ ਗਈ ਹੈ। ਜਦੋਂ ਗੋਦਾਮਾਂ 'ਚ ਪਹਿਲਾਂ ਹੀ ਕਣਕ ਤੇ ਚੌਲਾਂ ਦੀ ਵੱਡੀ ਮਾਤਰਾ ਪਈ ਹੋਵੇ ਤੇ ਕਈ ਸ਼ੈਲਰਾਂ 'ਚ ਵੀ ਨਵੇਂ ਅਨਾਜ ਲਈ ਥਾਂ ਦੀ ਕਮੀ ਹੋਵੇ ਤਾਂ ਆਉਣ ਵਾਲੇ ਮਹੀਨਿਆਂ 'ਚ ਮਿਲਿੰਗ ਤੋਂ ਨਿਕਲਣ ਵਾਲੇ ਚੌਲਾਂ ਨੂੰ ਕਿੱਥੇ ਰੱਖਿਆ ਜਾਵੇਗਾ, ਇਹ ਗੰਭੀਰ ਸਵਾਲ ਹੈ। ਕਿਸਾਨ ਲਈ ਫ਼ਸਲ ਦੀ ਚੋਣ ਸਿਰਫ਼ ਕੀਮਤ ਦਾ ਮਾਮਲਾ ਨਹੀਂ। ਉਸ ਨੂੰ ਯਕੀਨੀ ਮੰਡੀ, ਸਰਕਾਰੀ ਖਰੀਦ, ਸਮੇਂ ਸਿਰ ਭੁਗਤਾਨ, ਭੰਡਾਰਨ ਤੇ ਬਾਜ਼ਾਰ ਦੀ ਲੋੜ ਹੁੰਦੀ ਹੈ। ਕਣਕ ਤੇ ਝੋਨੇ ਦੇ ਮਾਮਲੇ 'ਚ ਉਸ ਨੂੰ ਇਹ ਢਾਂਚਾ ਲੰਮੇ ਸਮੇਂ ਤੋਂ ਮਿਲਦਾ ਆ ਰਿਹਾ ਹੈ। ਇਸ ਦੇ ਮੁਕਾਬਲੇ ਦਾਲਾਂ ਤੇ ਤੇਲ ਬੀਜਾਂ ਦੀ ਖ਼ਰੀਦ ਪ੍ਰਣਾਲੀ ਕਿੰਨੀ ਮਜ਼ਬੂਤ ਹੈ, ਇਹ ਸਰਕਾਰ ਨੂੰ ਪਹਿਲਾਂ ਸਪੱਸ਼ਟ ਕਰਨਾ ਪਵੇਗਾ ਇਸ ਲਈ ਹੁਣ ਸਿਰਫ਼ ਵੱਧ ਉਤਪਾਦਨ ਹੀ ਖੇਤੀ ਨੀਤੀ ਦਾ ਟੀਚਾ ਨਹੀਂ ਹੋ ਸਕਦਾ। ਫ਼ਸਲਾਂ ਦੀ ਸਹੀ ਤਰਜੀਹ ਤੇ ਉਨ੍ਹਾਂ ਦੀ ਖ਼ਰੀਦ ਤੇ ਭੰਡਾਰਨ ਦਾ ਪੂਰਾ ਪ੍ਰਬੰਧ ਵੀ ਜ਼ਰੂਰੀ ਹੈ। ਇਸੇ ਪਿਛੋਕੜ 'ਚ ਦਾਲਾਂ ਤੇ ਤੇਲ ਬੀਜਾਂ ਨੂੰ ਉਤਸ਼ਾਹਿਤ ਕਰਨ ਲਈ ਘੱਟੋ-ਘੱਟ ਸਮਰਥਨ ਮੁੱਲ 'ਚ ਵੱਧ ਵਾਧਾ ਕਰਨਾ ਸਰਕਾਰ ਦੀ ਬਦਲਦੀ ਤਰਜੀਹ ਵੱਲ ਇਸ਼ਾਰਾ ਕਰਦਾ ਹੈ ਪਰ ਕੀ ਸਿਰਫ਼ ਐੱਮਐੱਸਪੀ ਵਧਾ ਦੇਣ ਨਾਲ ਕਿਸਾਨ ਦਾਲਾਂ ਤੇ ਤੇਲ ਬੀਜਾਂ ਵੱਲ ਚਲਾ ਜਾਵੇਗਾ? ਸ਼ਾਇਦ ਨਹੀਂ। ਕਿਸਾਨ ਲਈ ਫ਼ਸਲ ਦੀ ਚੋਣ ਸਿਰਫ਼ ਕੀਮਤ ਦਾ ਮਾਮਲਾ ਨਹੀਂ। ਉਸ ਨੂੰ ਯਕੀਨੀ ਮੰਡੀ, ਸਰਕਾਰੀ ਖਰੀਦ, ਸਮੇਂ ਸਿਰ ਭੁਗਤਾਨ, ਭੰਡਾਰਨ ਤੇ ਬਾਜ਼ਾਰ ਦੀ ਲੋੜ ਹੁੰਦੀ ਹੈ। ਕਣਕ ਤੇ ਝੋਨੇ ਦੇ ਮਾਮਲੇ 'ਚ ਉਸ ਨੂੰ ਇਹ ਢਾਂਚਾ ਲੰਮੇ ਸਮੇਂ ਤੋਂ ਮਿਲਦਾ ਆ ਰਿਹਾ ਹੈ। ਇਸ ਦੇ ਮੁਕਾਬਲੇ ਦਾਲਾਂ ਤੇ ਤੇਲ ਬੀਜਾਂ ਦੀ ਖ਼ਰੀਦ ਪ੍ਰਣਾਲੀ ਕਿੰਨੀ ਮਜ਼ਬੂਤ ਹੈ, ਇਹ ਸਰਕਾਰ ਨੂੰ ਪਹਿਲਾਂ ਸਪੱਸ਼ਟ ਕਰਨਾ ਪਵੇਗਾ। ਜੇਕਰ ਸਰਕਾਰ ਸੱਚਮੁੱਚ ਫ਼ਸਲੀ ਵਿਭਿੰਨਤਾ ਚਾਹੁੰਦੀ ਹੈ ਤਾਂ ਉਸ ਨੂੰ ਕਿਸਾਨ ਨੂੰ ਸਿਰਫ਼ ਫ਼ਸਲ ਬਦਲਣ ਲਈ ਕਹਿਣ ਦੀ ਬਜਾਏ ਜੋਖ਼ਮ ਵੀ ਆਪਣੇ ਸਿਰ ਲੈਣਾ ਪਵੇਗਾ। ਦਾਲਾਂ ਤੇ ਤੇਲ ਬੀਜਾਂ ਲਈ ਲੋੜੀਂਦੇ ਖ਼ਰੀਦ ਕੇਂਦਰ ਬਣਾਏ ਜਾਣ, ਸਰਕਾਰੀ ਖ਼ਰੀਦ ਦਾ ਭਰੋਸਾ ਦਿੱਤਾ ਜਾਵੇ, ਪ੍ਰੋਸੈਸਿੰਗ ਤੇ ਸਟੋਰੇਜ ਦੀ ਸਮਰੱਥਾ ਵਧਾਈ ਜਾਵੇ ਤੇ ਬਾਜ਼ਾਰ 'ਚ ਕੀਮਤ ਡਿੱਗਣ ਦੀ ਸਥਿਤੀ 'ਚ ਕਿਸਾਨ ਦੀ ਸੁਰੱਖਿਆ ਲਈ ਪ੍ਰਭਾਵਸ਼ਾਲੀ ਪ੍ਰਬੰਧ ਕੀਤਾ ਜਾਵੇ। ਕਿਸਾਨ ਨੂੰ ਸਿਰਫ਼ ਇਹ ਕਹਿਣਾ ਕਾਫ਼ੀ ਨਹੀਂ ਕਿ ਕਣਕ-ਝੋਨੇ ਤੋਂ ਬਾਹਰ ਆਓ। ਉਸ ਨੂੰ ਇਹ ਭਰੋਸਾ ਵੀ ਦੇਣਾ ਪਵੇਗਾ ਕਿ ਨਵੀਂ ਫ਼ਸਲ ਬੀਜਣ ਤੋਂ ਬਾਅਦ ਉਸ ਦੀ ਪੈਦਾਵਾਰ ਦਾ ਖ਼ਰੀਦਦਾਰ ਕੌਣ ਹੋਵੇਗਾ ਤੇ ਉਸ ਨੂੰ ਵਾਜਬ ਕੀਮਤ ਕਿਵੇਂ ਮਿਲੇਗੀ। ਜੇਕਰ ਸਰਕਾਰ ਇਹ ਭਰੋਸਾ ਤੇ ਪ੍ਰਬੰਧ ਦੋਵੇਂ ਮੁਹੱਈਆ ਕਰਵਾ ਸਕੇ, ਤਾਂ ਫ਼ਸਲੀ ਵਿਭਿੰਨਤਾ ਸਿਰਫ਼ ਸਰਕਾਰੀ ਨੀਤੀ ਨਹੀਂ ਰਹੇਗੀ, ਸਗੋਂ ਕਿਸਾਨ ਲਈ ਵੀ ਆਰਥਿਕ ਤੌਰ 'ਤੇ ਵਿਹਾਰਕ ਬਦਲ ਬਣ ਸਕਦੀ ਹੈ। ਦੇਸ਼ ਦੀ ਖੁਰਾਕ ਸੁਰੱਖਿਆ ਹੁਣ ਸਿਰਫ਼ ਗੋਦਾਮਾਂ ਨੂੰ ਕਣਕ ਤੇ ਚੌਲ ਨਾਲ ਭਰਨ ਦਾ ਨਾਮ ਨਹੀਂ। ਹੁਣ ਲੋੜ ਸਿਰਫ਼ ਫ਼ਸਲ ਬਦਲਣ ਦੀ ਨਹੀਂ, ਖੇਤੀ ਦਾ ਪੂਰਾ ਆਰਥਿਕ ਢਾਂਚਾ ਬਦਲਣ ਦੀ ਹੈ। ਪੰਜਾਬ ਲਈ ਇਹ ਮਸਲਾ ਹੋਰ ਵੀ ਮਹੱਤਵਪੂਰਨ ਹੈ। ਧਰਤੀ ਹੇਠਲੇ ਪਾਣੀ ਦਾ ਲਗਾਤਾਰ ਡਿੱਗਦਾ ਪੱਧਰ ਵੀ ਕਣਕ-ਝੋਨੇ ਦੇ ਚੱਕਰ 'ਤੇ ਮੁੜ ਵਿਚਾਰ ਕਰਨ ਦੀ ਮੰਗ ਕਰਦਾ ਹੈ ਪਰ ਇਹ ਤਬਦੀਲੀ ਕਿਸਾਨ 'ਤੇ ਥੋਪੀ ਨਹੀਂ ਜਾ ਸਕਦੀ।

ਮਾਂ ਹੋਣ ਤੋਂ ਪਰੇ: ਆਪਣੇ ਅਸਤਿਤਵ ਦੀ ਤਲਾਸ਼

ਮਾਤ੍ਰਿਤਵ ਨੂੰ ਅਕਸਰ ਪਿਆਰ, ਤਿਆਗ ਅਤੇ ਜ਼ਿੰਮੇਵਾਰੀ ਦੀ ਸਭ ਤੋਂ ਉੱਚੀ ਅਭਿਵਿਅਕਤੀ ਮੰਨਿਆ ਜਾਂਦਾ ਹੈ। ਇੱਕ ਮਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਆਪਣੇ ਬੱਚਿਆਂ ਦੀ ਦੇਖਭਾਲ ਕਰੇ, ਉਨ੍ਹਾਂ ਦੀ ਪਰਵਰਿਸ਼ ਕਰੇ, ਉਨ੍ਹਾਂ ਦੀ ਰੱਖਿਆ ਕਰੇ, ਉਨ੍ਹਾਂ ਨੂੰ ਸਹੀ ਰਾਹ ਦਿਖਾਏ ਅਤੇ ਕਈ ਵਾਰ ਉਨ੍ਹਾਂ ਦੇ ਚੰਗੇ ਭਵਿੱਖ ਲਈ ਆਪਣੇ ਸੁਪਨਿਆਂ ਨੂੰ ਵੀ ਚੁੱਪਚਾਪ ਪਿੱਛੇ ਛੱਡ ਦੇਵੇ। ਸਮਾਜ ਉਸ ਦੇ ਤਿਆਗ ਦੀ ਪ੍ਰਸ਼ੰਸਾ ਤਾਂ ਕਰਦਾ ਹੈ, ਪਰ ਹਮੇਸ਼ਾ ਇਹ ਮਹੱਤਵਪੂਰਨ ਸਵਾਲ ਨਹੀਂ ਪੁੱਛਦਾ—ਮਾਂ ਦੀ ਭੂਮਿਕਾ ਦੇ ਪਿੱਛੇ ਉਹ ਔਰਤ ਕੌਣ ਹੈ?

ਮਾਂ ਬਣਨ ਤੋਂ ਬਾਅਦ ਕਿਸੇ ਔਰਤ ਦੀ ਨਿੱਜੀ ਪਛਾਣ ਖਤਮ ਨਹੀਂ ਹੋ ਜਾਂਦੀ। ਉਸ ਦੇ ਆਪਣੇ ਸੁਪਨੇ, ਇੱਛਾਵਾਂ, ਰੁਚੀਆਂ, ਪ੍ਰਤਿਭਾਵਾਂ, ਦੋਸਤੀਆਂ ਅਤੇ ਭਵਿੱਖ ਦੀਆਂ ਆਸਾਂ ਵੀ ਹੁੰਦੀਆਂ ਹਨ। ਮਾਤ੍ਰਿਤਵ ਉਸ ਦੀ ਪਛਾਣ ਦਾ ਇੱਕ ਮਹੱਤਵਪੂਰਨ ਹਿੱਸਾ ਹੋ ਸਕਦਾ ਹੈ, ਪਰ ਉਸ ਦੀ ਪੂਰੀ ਪਛਾਣ ਸਿਰਫ਼ ਮਾਂ ਹੋਣ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ। ਇਹ ਸਵਾਲ ਖ਼ਾਸ ਤੌਰ 'ਤੇ ਇਕੱਲੀਆਂ ਮਾਵਾਂ ਦੇ ਸੰਦਰਭ ਵਿੱਚ ਮਹੱਤਵਪੂਰਨ ਹੋ ਜਾਂਦਾ ਹੈ। ਵਿਧਵਾ ਹੋਣ, ਤਲਾਕ, ਵੱਖਰੇ ਰਹਿਣ ਜਾਂ ਹੋਰ ਨਿੱਜੀ ਹਾਲਾਤਾਂ ਕਾਰਨ ਬੱਚਿਆਂ ਦੀ ਪਰਵਰਿਸ਼ ਇਕੱਲੇ ਕਰਨ ਵਾਲੀ ਔਰਤ ਨੂੰ ਕਈ ਅਜਿਹੀਆਂ ਜ਼ਿੰਮੇਵਾਰੀਆਂ ਨਿਭਾਉਣੀਆਂ ਪੈ ਸਕਦੀਆਂ ਹਨ, ਜੋ ਪਹਿਲਾਂ ਦੋ ਵਿਅਕਤੀ ਮਿਲ ਕੇ ਨਿਭਾਉਂਦੇ ਸਨ। ਘਰ ਸੰਭਾਲਣਾ, ਆਮਦਨ ਕਮਾਉਣਾ, ਬੱਚਿਆਂ ਦੀ ਦੇਖਭਾਲ ਕਰਨਾ, ਸਮਾਜਿਕ ਉਮੀਦਾਂ ਦਾ ਸਾਹਮਣਾ ਕਰਨਾ ਅਤੇ ਮਹੱਤਵਪੂਰਨ ਫ਼ੈਸਲੇ ਲੈਣਾ ਉਸ ਦੇ ਸਮੇਂ ਅਤੇ ਮਾਨਸਿਕ ਊਰਜਾ 'ਤੇ ਵੱਡਾ ਦਬਾਅ ਪਾ ਸਕਦਾ ਹੈ।

ਅਜਿਹੀਆਂ ਸਥਿਤੀਆਂ ਵਿੱਚ ਨਿੱਜੀ ਸੁਪਨੇ ਅਤੇ ਇੱਛਾਵਾਂ ਅਕਸਰ ਪਿੱਛੇ ਰਹਿ ਜਾਂਦੀਆਂ ਹਨ। ਮਾਂ ਆਪਣੀ ਅੱਗੇ ਦੀ ਪੜ੍ਹਾਈ ਮੁਲਤਵੀ ਕਰ ਸਕਦੀ ਹੈ, ਨੌਕਰੀ ਛੱਡ ਸਕਦੀ ਹੈ, ਆਪਣਾ ਸ਼ੌਕ ਤਿਆਗ ਸਕਦੀ ਹੈ ਜਾਂ ਆਪਣੇ ਭਵਿੱਖ ਬਾਰੇ ਸੋਚਣਾ ਵੀ ਛੱਡ ਸਕਦੀ ਹੈ, ਕਿਉਂਕਿ ਉਸ ਦੇ ਬੱਚਿਆਂ ਨੂੰ ਉਸ ਦੀ ਲੋੜ ਹੁੰਦੀ ਹੈ। ਕੁਝ ਹਾਲਾਤਾਂ ਵਿੱਚ ਅਜਿਹੇ ਤਿਆਗ ਜ਼ਰੂਰੀ ਹੋ ਸਕਦੇ ਹਨ, ਪਰ ਉਨ੍ਹਾਂ ਨੂੰ ਹਮੇਸ਼ਾ ਲਈ ਔਰਤ ਦੀ ਜ਼ਿੰਮੇਵਾਰੀ ਮੰਨ ਲੈਣਾ ਠੀਕ ਨਹੀਂ।

ਉਮੀਦਾਂ ਦਾ ਅਦਿੱਖ ਬੋਝ

ਸਮਾਜ ਅਕਸਰ ਔਰਤਾਂ ਅਤੇ ਮਰਦਾਂ ਲਈ ਵੱਖ-ਵੱਖ ਉਮੀਦਾਂ ਰੱਖਦਾ ਹੈ। ਲੰਬੇ ਸਮੇਂ ਤੱਕ ਕੰਮ ਕਰਨ ਵਾਲੇ ਪਿਤਾ ਨੂੰ ਜ਼ਿੰਮੇਵਾਰ ਕਿਹਾ ਜਾ ਸਕਦਾ ਹੈ, ਜਦਕਿ ਇੰਨਾ ਹੀ ਸਮਾਂ ਆਪਣਾ ਕਰੀਅਰ ਬਣਾਉਣ ਵਾਲੀ ਮਾਂ ਤੋਂ ਉਸ ਦੀਆਂ ਪਰਿਵਾਰਕ ਤਰਜੀਹਾਂ ਬਾਰੇ ਸਵਾਲ ਕੀਤੇ ਜਾ ਸਕਦੇ ਹਨ।

ਇਸੇ ਤਰ੍ਹਾਂ, ਜਦੋਂ ਕੋਈ ਮਾਂ ਆਪਣੇ ਲਈ ਸਮਾਂ ਕੱਢਦੀ ਹੈ ਤਾਂ ਉਸ ਨੂੰ ਦੋਸ਼ੀ ਹੋਣ ਵਰਗਾ ਅਹਿਸਾਸ ਹੋ ਸਕਦਾ ਹੈ। ਦੋਸਤਾਂ ਨਾਲ ਬਾਹਰ ਜਾਣਾ, ਕੋਈ ਨਵਾਂ ਕੋਰਸ ਕਰਨਾ, ਆਪਣਾ ਸ਼ੌਕ ਵਿਕਸਿਤ ਕਰਨਾ ਜਾਂ ਆਪਣੇ ਕਰੀਅਰ 'ਤੇ ਧਿਆਨ ਦੇਣਾ ਕਈ ਵਾਰ ਉਸ ਨੂੰ ਖੁਦਗਰਜ਼ੀ ਵਰਗਾ ਲੱਗ ਸਕਦਾ ਹੈ।

ਪਰ ਆਪਣੇ ਲਈ ਸਮਾਂ ਕੱਢਣਾ ਖੁਦਗਰਜ਼ੀ ਨਹੀਂ ਹੈ।

ਜਿਹੜੀ ਮਾਂ ਆਪਣੀ ਸਰੀਰਕ, ਭਾਵਨਾਤਮਕ ਅਤੇ ਬੌਧਿਕ ਤੰਦਰੁਸਤੀ ਦਾ ਧਿਆਨ ਰੱਖਦੀ ਹੈ, ਉਹ ਅਸਲ ਵਿੱਚ ਆਪਣੇ ਪਰਿਵਾਰ ਵਿੱਚ ਵੀ ਨਿਵੇਸ਼ ਕਰ ਰਹੀ ਹੁੰਦੀ ਹੈ। ਬੱਚੇ ਉਸ ਮਾਂ ਤੋਂ ਇੱਕ ਮਹੱਤਵਪੂਰਨ ਜੀਵਨ-ਸਬਕ ਸਿੱਖ ਸਕਦੇ ਹਨ, ਜੋ ਉਨ੍ਹਾਂ ਨੂੰ ਦਿਖਾਉਂਦੀ ਹੈ ਕਿ ਦੂਜਿਆਂ ਦੀ ਦੇਖਭਾਲ ਕਰਨ ਅਤੇ ਆਪਣੇ ਆਪ ਦਾ ਸਨਮਾਨ ਕਰਨ ਵਿਚਕਾਰ ਸੰਤੁਲਨ ਸੰਭਵ ਹੈ।

ਆਰਥਿਕ ਆਤਮਨਿਰਭਰਤਾ ਦੀ ਮਹੱਤਤਾ

ਬਹੁਤ ਸਾਰੀਆਂ ਔਰਤਾਂ ਲਈ ਆਰਥਿਕ ਆਤਮਨਿਰਭਰਤਾ ਆਤਮ-ਸਨਮਾਨ ਅਤੇ ਫ਼ੈਸਲੇ ਲੈਣ ਦੀ ਆਜ਼ਾਦੀ ਨਾਲ ਜੁੜੀ ਹੁੰਦੀ ਹੈ। ਆਪਣੀ ਆਮਦਨ ਹੋਣ ਨਾਲ ਔਰਤ ਨੂੰ ਆਪਣੀ ਸਿੱਖਿਆ, ਕਰੀਅਰ, ਰਹਿਣ-ਸਹਿਣ ਅਤੇ ਬੱਚਿਆਂ ਦੇ ਭਵਿੱਖ ਨਾਲ ਸਬੰਧਤ ਫ਼ੈਸਲੇ ਲੈਣ ਵਿੱਚ ਵਧੇਰੇ ਆਜ਼ਾਦੀ ਮਿਲ ਸਕਦੀ ਹੈ।

ਇਸ ਦਾ ਮਤਲਬ ਇਹ ਨਹੀਂ ਕਿ ਹਰ ਮਾਂ ਲਈ ਪੂਰੇ ਸਮੇਂ ਦੀ ਨੌਕਰੀ ਕਰਨਾ ਜ਼ਰੂਰੀ ਹੈ। ਹਰ ਪਰਿਵਾਰ ਦੇ ਹਾਲਾਤ ਵੱਖਰੇ ਹੁੰਦੇ ਹਨ। ਮਹੱਤਵਪੂਰਨ ਗੱਲ ਇਹ ਹੈ ਕਿ ਔਰਤਾਂ ਨੂੰ ਆਪਣੀ ਯੋਗਤਾ ਅਤੇ ਜ਼ਿੰਮੇਵਾਰੀਆਂ ਅਨੁਸਾਰ ਆਰਥਿਕ ਤੌਰ 'ਤੇ ਆਤਮਨਿਰਭਰ ਬਣਨ ਦੇ ਅਸਲ ਮੌਕੇ ਮਿਲਣੇ ਚਾਹੀਦੇ ਹਨ।

ਸਿੱਖਿਆ, ਵੋਕੇਸ਼ਨਲ ਟ੍ਰੇਨਿੰਗ, ਉਦਮਸ਼ੀਲਤਾ, ਡਿਜ਼ੀਟਲ ਹੁਨਰ ਅਤੇ ਲਚਕੀਲੇ ਰੋਜ਼ਗਾਰ ਦੇ ਮੌਕੇ ਔਰਤਾਂ ਲਈ ਨਵੀਆਂ ਸੰਭਾਵਨਾਵਾਂ ਖੋਲ੍ਹ ਸਕਦੇ ਹਨ। ਤਕਨਾਲੋਜੀ ਨੇ ਘਰ ਤੋਂ ਕੰਮ ਕਰਨ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਦੇ ਨਾਲ ਕਰੀਅਰ ਬਣਾਉਣ ਦੇ ਮੌਕੇ ਵੀ ਵਧਾਏ ਹਨ।

ਬੱਚਿਆਂ ਨੂੰ ਸਿਰਫ਼ ਤਿਆਗ ਨਹੀਂ, ਉਦਾਹਰਨ ਵੀ ਚਾਹੀਦੀ ਹੈ

ਮਾਪੇ ਆਪਣੇ ਬੱਚਿਆਂ ਲਈ ਕੁਦਰਤੀ ਤੌਰ 'ਤੇ ਤਿਆਗ ਕਰਦੇ ਹਨ। ਪਰ ਬੱਚੇ ਆਪਣੇ ਮਾਪਿਆਂ ਦੇ ਵਿਹਾਰ ਤੋਂ ਵੀ ਬਹੁਤ ਕੁਝ ਸਿੱਖਦੇ ਹਨ।

ਜੇ ਬੱਚੇ ਆਪਣੀ ਮਾਂ ਨੂੰ ਲਗਾਤਾਰ ਆਪਣੇ ਹਰ ਸੁਪਨੇ ਨੂੰ ਦਬਾਉਂਦੇ ਦੇਖਦੇ ਹਨ, ਤਾਂ ਉਹ ਅਣਜਾਣੇ ਵਿੱਚ ਇਹ ਸਿੱਖ ਸਕਦੇ ਹਨ ਕਿ ਮਾਤ੍ਰਿਤਵ ਦਾ ਅਰਥ ਆਪਣੀ ਨਿੱਜੀ ਪਛਾਣ ਨੂੰ ਪੂਰੀ ਤਰ੍ਹਾਂ ਖਤਮ ਕਰ ਦੇਣਾ ਹੈ। ਇਸ ਦੇ ਉਲਟ, ਜਦੋਂ ਉਹ ਆਪਣੀ ਮਾਂ ਨੂੰ ਬੱਚਿਆਂ ਦੀ ਦੇਖਭਾਲ ਦੇ ਨਾਲ ਪੜ੍ਹਦੇ, ਕੰਮ ਕਰਦੇ, ਕੁਝ ਨਵਾਂ ਸਿੱਖਦੇ, ਸਿਰਜਣਾ ਕਰਦੇ ਜਾਂ ਕਿਸੇ ਸਾਰਥਕ ਟੀਚੇ ਵੱਲ ਵਧਦੇ ਦੇਖਦੇ ਹਨ, ਤਾਂ ਉਹ ਇੱਕ ਹੋਰ ਮਹੱਤਵਪੂਰਨ ਗੱਲ ਸਿੱਖਦੇ ਹਨ—ਜ਼ਿੰਮੇਵਾਰੀ ਅਤੇ ਨਿੱਜੀ ਪਛਾਣ ਇਕੱਠੇ ਚੱਲ ਸਕਦੇ ਹਨ।

ਆਪਣੇ ਵਿਅਕਤਿਤਵ ਦਾ ਵਿਕਾਸ ਕਰਨ ਵਾਲੀ ਮਾਂ ਆਪਣੇ ਬੱਚਿਆਂ ਤੋਂ ਕੁਝ ਖੋਹ ਨਹੀਂ ਰਹੀ ਹੁੰਦੀ। ਉਹ ਉਨ੍ਹਾਂ ਨੂੰ ਆਤਮ-ਵਿਸ਼ਵਾਸ, ਦ੍ਰਿੜਤਾ ਅਤੇ ਆਤਮ-ਸਨਮਾਨ ਦੀ ਕਦਰ ਸਿਖਾ ਰਹੀ ਹੁੰਦੀ ਹੈ।

ਸਹਿਯੋਗ ਦੀ ਮਹੱਤਤਾ

ਸਿਰਫ਼ ਮਾਂ ਹੋਣ ਕਾਰਨ ਕਿਸੇ ਔਰਤ ਤੋਂ ਇਹ ਉਮੀਦ ਨਹੀਂ ਕੀਤੀ ਜਾਣੀ ਚਾਹੀਦੀ ਕਿ ਉਹ ਹਰ ਜ਼ਿੰਮੇਵਾਰੀ ਇਕੱਲੀ ਨਿਭਾਏ।

ਪਰਿਵਾਰ, ਕੰਮਕਾਜ ਵਾਲੀ ਥਾਂ, ਸਕੂਲ ਅਤੇ ਸਮਾਜ—ਸਾਰਿਆਂ ਦੀ ਇਸ ਵਿੱਚ ਭੂਮਿਕਾ ਹੈ। ਕਿਫ਼ਾਇਤੀ ਬਾਲ-ਸੰਭਾਲ, ਲਚਕੀਲੇ ਕੰਮ ਦੇ ਪ੍ਰਬੰਧ, ਸੁਰੱਖਿਅਤ ਕੰਮਕਾਜ ਵਾਲੀਆਂ ਥਾਵਾਂ, ਸਿੱਖਿਆ ਦੇ ਮੌਕੇ ਅਤੇ ਸਹਿਯੋਗੀ ਪਰਿਵਾਰਕ ਮਾਹੌਲ ਔਰਤ ਦੇ ਜੀਵਨ ਵਿੱਚ ਵੱਡਾ ਬਦਲਾਅ ਲਿਆ ਸਕਦੇ ਹਨ।

ਸਹਿਯੋਗ ਦੇ ਛੋਟੇ-ਛੋਟੇ ਰੂਪ ਵੀ ਮਹੱਤਵਪੂਰਨ ਹੁੰਦੇ ਹਨ। ਪਰਿਵਾਰ ਦਾ ਕੋਈ ਮੈਂਬਰ ਕੁਝ ਘੰਟਿਆਂ ਲਈ ਬੱਚੇ ਦੀ ਦੇਖਭਾਲ ਕਰ ਲਵੇ ਤਾਂ ਮਾਂ ਨੂੰ ਕਿਸੇ ਕਲਾਸ ਵਿੱਚ ਜਾਣ, ਆਪਣਾ ਕੰਮ ਪੂਰਾ ਕਰਨ ਜਾਂ ਸਿਰਫ਼ ਆਰਾਮ ਕਰਨ ਦਾ ਸਮਾਂ ਮਿਲ ਸਕਦਾ ਹੈ। ਸਹਿਯੋਗੀ ਨਿਯੋਕਤਾ ਕਿਸੇ ਔਰਤ ਲਈ ਆਪਣਾ ਪੇਸ਼ੇਵਰ ਜੀਵਨ ਜਾਰੀ ਰੱਖਣਾ ਆਸਾਨ ਬਣਾ ਸਕਦਾ ਹੈ। ਸੰਵੇਦਨਸ਼ੀਲ ਸਮਾਜ ਇਕੱਲੀਆਂ ਮਾਵਾਂ ਵਿੱਚ ਪੈਦਾ ਹੋਣ ਵਾਲੇ ਸਮਾਜਿਕ ਇਕੱਲੇਪਣ ਨੂੰ ਘਟਾ ਸਕਦਾ ਹੈ।

ਸਹਿਯੋਗ ਨੂੰ ਦਇਆ ਜਾਂ ਉਪਕਾਰ ਨਹੀਂ ਸਮਝਣਾ ਚਾਹੀਦਾ। ਇਹ ਅਜਿਹੇ ਸਮਾਜ ਦੀ ਉਸਾਰੀ ਦਾ ਹਿੱਸਾ ਹੈ, ਜਿੱਥੇ ਜ਼ਿੰਮੇਵਾਰੀਆਂ ਨੂੰ ਵਧੇਰੇ ਨਿਆਂਪੂਰਨ ਢੰਗ ਨਾਲ ਸਾਂਝਾ ਕੀਤਾ ਜਾਂਦਾ ਹੈ।

ਪਛਾਣ ਦੇ ਲੇਬਲ ਤੋਂ ਪਰੇ

ਔਰਤਾਂ ਨੂੰ ਅਕਸਰ ਰਿਸ਼ਤਿਆਂ ਰਾਹੀਂ ਪਰਿਭਾਸ਼ਿਤ ਕਰਨ ਦੀ ਪ੍ਰਵਿਰਤੀ ਦਿਖਾਈ ਦਿੰਦੀ ਹੈ—ਕਿਸੇ ਦੀ ਧੀ, ਕਿਸੇ ਦੀ ਪਤਨੀ ਜਾਂ ਕਿਸੇ ਦੀ ਮਾਂ। ਇਹ ਰਿਸ਼ਤੇ ਮਹੱਤਵਪੂਰਨ ਹਨ, ਪਰ ਇਹ ਕਿਸੇ ਔਰਤ ਦੀ ਪੂਰੀ ਪਛਾਣ ਨਹੀਂ ਦੱਸਦੇ।

ਇੱਕ ਔਰਤ ਇੱਕੋ ਸਮੇਂ ਮਾਂ, ਅਧਿਆਪਕਾ, ਵਿਗਿਆਨੀ, ਉਦਮੀ, ਕਲਾਕਾਰ, ਲੇਖਿਕਾ, ਕਿਸਾਨ, ਡਾਕਟਰ, ਵਿਦਿਆਰਥਣ, ਦੋਸਤ ਅਤੇ ਨਾਗਰਿਕ ਹੋ ਸਕਦੀ ਹੈ। ਇੱਕ ਭੂਮਿਕਾ ਦੂਜੀ ਭੂਮਿਕਾ ਨੂੰ ਖਤਮ ਨਹੀਂ ਕਰਦੀ।

"ਮਾਂ ਹੋਣ ਤੋਂ ਪਰੇ" ਦਾ ਅਰਥ ਮਾਤ੍ਰਿਤਵ ਨੂੰ ਘੱਟ ਮਹੱਤਵ ਦੇਣਾ ਨਹੀਂ ਹੈ। ਇਸ ਦਾ ਅਰਥ ਇਹ ਮੰਨਣਾ ਹੈ ਕਿ ਇੱਕ ਮਾਂ ਵੀ ਆਪਣੀ ਸੁਤੰਤਰ ਪਛਾਣ ਰੱਖਣ ਵਾਲੀ ਇੱਕ ਪੂਰੀ ਮਨੁੱਖੀ ਹਸਤੀ ਹੈ।

ਆਪਣੇ ਲਈ ਸਮਾਂ ਕੱਢਣਾ

ਆਪਣੇ ਲਈ ਸਮਾਂ ਕੱਢਣਾ ਖ਼ਾਸ ਕਰਕੇ ਉਨ੍ਹਾਂ ਮਾਵਾਂ ਲਈ ਮੁਸ਼ਕਲ ਹੋ ਸਕਦਾ ਹੈ ਜੋ ਘਰ ਅਤੇ ਨੌਕਰੀ ਦੋਵੇਂ ਸੰਭਾਲ ਰਹੀਆਂ ਹਨ। ਫਿਰ ਵੀ ਛੋਟੇ-ਛੋਟੇ ਕਦਮ ਮਹੱਤਵਪੂਰਨ ਹੋ ਸਕਦੇ ਹਨ। ਕਿ

43 ਸਾਲਾਂ ਤੋਂ ਗੁਰੂ ਸਾਹਿਬ ਦੀ ਬਖਸ਼ਿਸ਼ਾਂ ਨਾਲ ਭਲਾਈ ਕੇਂਦਰ ਵਲੋਂ ਸਾਰੀਆ ਸੇਵਾਵਾਂ ਚਲ ਰਹੀਆਂ ਹਨ: ਭਾਈ ਗੁਰਇਕਬਾਲ ਸਿੰਘ

ਅੰਮ੍ਰਿਤਸਰ 2 ਅਕਤੂਬਰ (ਮੋਹਕਮ ਸਿੰਘ) ਦਾਤਾ ਬੰਦੀ ਛੋੜ ਦਿਵਸ ਨੂੰ ਸਮਰਪਿਤ ਅਤੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਦਾ 43 ਵਾਂ ਸਾਲਾਨਾ ਸਮਾਗਮ ਸ਼ਰਧਾ ਪੁਰਵ ਭਲਾਈ ਕੇਂਦਰ ਟਰੱਸਟ ਵਿਖੇ ਮਨਾਇਆ ਗਿਆ ਇਸ ਮੌਕੇ ਬੀਬੀ ਕੌਲਾਂ ਜੀ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਗੁਰਦੁਆਰਾ ਕੌਲਸਰ ਸਾਹਿਬ ਭਾਈ ਗੁਰਦੀਪ ਸਿੰਘ ਵੱਲੋਂ ਜੱਥੇ ਸਮੇਤ ਸੰਗਤ ਰੂਪੀ ਪਾਠ ਸ੍ਰੀ ਸੁਖਮਨੀ ਸਾਹਿਬ ਨਾਲ ਸਮਾਗਮ ਦੀ ਆਰੰਭਤਾ ਕੀਤੀ ਗਈ ਉਪਰੰਤ ਕਵੀ ਦਰਬਾਰ, ਕੀਰਤਨ ਦਰਬਾਰ ਕਰਵਾਏ ਗਏ ਜਿਸ ਵਿੱਚ ਭਾਈ ਜਗਤਾਰ ਸਿੰਘ ਖਾਲਸਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਗੁਰਸ਼ਰਨ ਸਿੰਘ ਲੁਧਿਆਣੇ ਵਾਲੇ , ਭਾਈ ਹਰਵਿੰਦਰਪਾਲ ਸਿੰਘ ਲਿਟਲ, ਭਾਈ ਹਰਦੇਵ ਸਿੰਘ ਦਿਵਾਨਾ ਤੋਂ ਇਲਾਵਾ ਭਾਈ ਗੁਰਇਕਬਾਲ ਸਿੰਘ ਜੀ ਨੇ ਕਥਾ ਕੀਰਤਨ ਦੀਆਂ ਹਾਜਰੀਆ ਭਰਦੇ ਹੋਏ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਭਾਈ ਗੁਰਇਕਬਾਲ ਸਿੰਘ ਜੀ ਨੇ ਕਿਹਾ ਕਿ ਗੁਰੂ ਸਾਹਿਬ ਜੀ ਨੇ 43 ਸਾਲਾਂ ਤੋਂ ਬੀਬੀ ਕੌਲਾਂ ਜੀ ਭਲਾਈ ਕੇਂਦਰ ਤੇ ਬਖਸ਼ਿਸ਼ਾਂ ਬਖਸਦੇ ਹੋਏ ਟਰੱਸਟ ਵੱਲੋਂ ਸਾਰੀਆਂ ਸੇਵਾਵਾਂ ਲੈ ਰਹੇ ਹਨ ਇਸ ਮੌਕੇ 43 ਵਾਂ ਸਾਲਾਨਾ ਸਮਾਗਮ ਨੂੰ ਸਮਰਪਿਤ ਛੋਟੇ ਬੱਚਿਆਂ ਨੂੰ ਦਸਤਾਰਾ ਸਜਾਈਆ ਗਈਆ ਦਸਤਾਰਾਂ ਸਜਾਉਣ ਵਾਲੇ ਬੱਚਿਆਂ ਨੂੰ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਮਿਠਾਣ ਦੇ ਪ੍ਰਸ਼ਾਦ ਵੀ ਦਿਤੇ ਇਸ ਮੌਕੇ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ, ਅਰਦਾਸੀਏ ਭਾਈ ਗੁਰਸੇਵਕ ਸਿੰਘ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ, ਮਾਤਾ ਵਿਪਨਪ੍ਰੀਤ ਕੌਰ ਲੁਧਿਆਣੇ ਵਾਲੇ, ਬਾਬਾ ਹਰੀ ਸਿੰਘ ਜੀ ਹਰੀਕੇ ਪੱਤਣ , ਬਾਬਾ ਹਰਮਿੰਦਰ ਸਿੰਘ ਕਾਰ ਸੇਵਾ ਪਹੁਵਿੰਡ ਸਾਹਿਬ, ਮੈਨੇਜਰ ਬਿਕਰਮਜੀਤ ਸਿੰਘ, ਅਜੈਬ ਸਿੰਘ ਸ੍ਰੀ ਦਰਬਾਰ ਸਾਹਿਬ, ਪਭਜੋਤ ਸਿੰਘ ਮੈਨੇਜਰ ਪਹੁਵਿੰਡ ਸਾਹਿਬ, ਬੀਬੀ ਦਲਜੀਤ ਕੌਰ ਲੁਧਿਆਣਾ ਤੋਂ ਇਲਾਵਾ ਦਿੱਲੀ, ਜਲੰਧਰ, ਸ਼ਾਹਜਹਾਨ ਪੁਰ ਤਰਨਤਾਰਨ, ਲੁਧਿਆਣਾ ਅਤੇ ਹੋਰ ਪਿੰਡਾਂ ਸ਼ਹਿਰਾਂ ਦੀਆਂ ਸੰਗਤਾਂ ਨੇ ਪਿਆਰ ਭਰੀਆਂ ਹਾਜ਼ਰੀਆਂ ਭਰੀਆਂ ਭਾਈ ਸਾਹਿਬ ਜੀ ਨੇ ਦੱਸਿਆ ਕਿ 43 ਵਾਂ ਸਾਲਾਨਾ ਸਮਾਗਮ ਨੂੰ ਸਮਰਪਿਤ 28 ਸਤੰਬਰ ਤੋਂ 2 ਅਕਤੂਬਰ ਤੱਕ ਜਪ ਤਪ ਸਮਾਗਮ ਦੀਆਂ ਲੜੀਆ ਚਲਾਈਆ ਗਈਆ ਸਨ ਸਾਰੇ ਸਮਾਗਮਾਂ ਦੌਰਾਨ ਉਪਰੰਤ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਸਨ ਸਾਰੇ ਸਮਾਗਮਾਂ ਦੌਰਾਨ ਸਟੇਜ ਦੀ ਸੇਵਾ ਭਾਈ ਤੇਜਪਾਲ ਸਿੰਘ ਭਾਈ ਸੁਖਵਿੰਦਰ ਸਿੰਘ ਗੋਗਾ ਵਲੋਂ ਹਾਜਰੀਆ ਲਗਾਈਆਂ ਗਈਆਂ

ਸਵੱਛਤਾ ਹੀ ਸੇਵਾ ਦਾ ਸੰਦੇਸ਼ ਲੈ ਕੇ ਵਿਦਿਆਰਥੀਆਂ ਨੇ ਸੰਵਾਰਿਆ ਕਾਲਜ ਕੈਂਪਸ

ਗੁਰਦਾਸਪੁਰ, 2, ਅਕਤੂਬਰ (ਗੁਲਸ਼ਨ ਕੁਮਾਰ ਰਣੀਆ) ਗਾਂਧੀ ਜਯੰਤੀ ਦੇ ਉਪਲਕਸ਼ ਵਿੱਚ ਮਹਾਤਮਾ ਗਾਂਧੀ ਜੀ ਦੀ ਸਵੱਛਤਾ ਦੀ ਸੋਚ ਅਤੇ ਸਵੱਛਤਾ ਹੀ ਸੇਵਾ ਦੇ ਸੰਦੇਸ਼ ਨੂੰ ਸਮਰਪਿਤ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਪ੍ਰਿੰਸੀਪਲ, ਟੀਚਿੰਗ ਸਟਾਫ, ਨਾਨ-ਟੀਚਿੰਗ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸਾਂਝੇ ਤੌਰ 'ਤੇ ਵਿਸ਼ੇਸ਼ ਸਫਾਈ ਅਭਿਆਨ ਚਲਾਇਆ ਗਿਆ। ਇਹ ਸਵੱਛਤਾ ਸੰਕਲਪ ਪ੍ਰੋਗਰਾਮ ਸਮਰਪਣ ਸੋਸਾਇਟੀ ਗੁਰਦਾਸਪੁਰ ਦੇ ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਸ੍ਰੀ ਅਦਿਤਿਆ ਉੱਪਲ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ।ਅੱਜ ਦੇ ਸਫਾਈ ਅਭਿਆਨ ਦੇ ਨੋਡਲ ਅਫਸਰ ਡਾ. ਸਰਬਜੀਤ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਕਾਲਜ ਕੈਂਪਸ ਦੇ ਵੱਖ-ਵੱਖ ਹਿੱਸਿਆਂ ਵਿੱਚ ਸਫਾਈ ਕੀਤੀ। ਵਿਦਿਆਰਥੀਆਂ ਨੇ ਕੈਂਪਸ ਵਿੱਚ ਪਈਆਂ ਪਲਾਸਟਿਕ ਦੀਆਂ ਬੋਤਲਾਂ, ਰੈਪਰਾਂ ਅਤੇ ਹੋਰ ਪਲਾਸਟਿਕ ਕਚਰੇ ਨੂੰ ਇਕੱਠਾ ਕਰਕੇ ਨਿਰਧਾਰਤ ਡਸਟਬਿਨਾਂ ਵਿੱਚ ਪਾਇਆ। ਵਿਦਿਆਰਥੀਆਂ ਨੇ ਸਵੱਛਤਾ ਨੂੰ ਸਿਰਫ਼ ਇੱਕ ਦਿਨ ਦੀ ਗਤੀਵਿਧੀ ਨਾ ਸਮਝਦਿਆਂ ਇਸ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਦਾ ਸੰਕਲਪ ਵੀ ਲਿਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਅਸ਼ਵਨੀ ਕੁਮਾਰ ਭੱਲਾ ਨੇ ਖੁਦ ਵਿਦਿਆਰਥੀਆਂ ਅਤੇ ਸਟਾਫ ਨਾਲ ਮਿਲ ਕੇ ਸਫਾਈ ਅਭਿਆਨ ਵਿੱਚ ਹਿੱਸਾ ਲਿਆ ਅਤੇ ਕੂੜਾ ਇਕੱਠਾ ਕੀਤਾ। ਉਨ੍ਹਾਂ ਦੀ ਇਸ ਸ਼ਮੂਲੀਅਤ ਨੇ ਵਿਦਿਆਰਥੀਆਂ ਨੂੰ ਖੁਦ ਅੱਗੇ ਆ ਕੇ ਸਫਾਈ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਆਪਣੇ ਸੰਬੋਧਨ ਵਿੱਚ ਪ੍ਰੋ. (ਡਾ.) ਅਸ਼ਵਨੀ ਕੁਮਾਰ ਭੱਲਾ ਨੇ ਕਿਹਾ ਕਿ ਸਵੱਛਤਾ ਕੇਵਲ ਸਾਡੇ ਆਲੇ-ਦੁਆਲੇ ਦੀ ਸਫਾਈ ਦਾ ਨਾਮ ਨਹੀਂ, ਸਗੋਂ ਇਹ ਸਾਡੀ ਸੋਚ, ਸਾਡੀ ਜ਼ਿੰਮੇਵਾਰੀ ਅਤੇ ਸਾਡੇ ਸੰਸਕਾਰਾਂ ਦਾ ਪ੍ਰਤੀਕ ਹੈ। ਜੇਕਰ ਅਸੀਂ ਆਪਣੇ ਕਾਲਜ ਨੂੰ ਸਾਫ਼ ਰੱਖਣਾ ਚਾਹੁੰਦੇ ਹਾਂ ਤਾਂ ਸਾਨੂੰ ਪਹਿਲਾਂ ਆਪਣੇ ਆਪ ਤੋਂ ਸ਼ੁਰੂਆਤ ਕਰਨੀ ਪਵੇਗੀ।ਇਸ ਸਫਾਈ ਅਭਿਆਨ ਵਿੱਚ ਪ੍ਰੋਫੈਸਰ ਸੰਦੀਪ, ਕੈਂਪਸ ਇੰਚਾਰਜ, ਪ੍ਰੋਫੈਸਰ ਪਰਮਿੰਦਰ ਸੈਣੀ, ਸਕੱਤਰ ਐਲੂਮਨੀ ਐਸੋਸੀਏਸ਼ਨ, ਪ੍ਰੋਫੈਸਰ ਦਿਲਬਾਗ ਸਿੰਘ, ਪ੍ਰੋਫੈਸਰ ਕਰਨਜੀਤ ਸ਼ਰਮਾ, ਰਜਿਸਟਰਾਰ ਸੀਮਾ ਮਹਾਜਨ, ਪ੍ਰੋਫੈਸਰ ਰਾਜ ਕੌਰ ਅਤੇ ਪ੍ਰੋਫੈਸਰ ਤਰਨਵੀਰ ਕੌਰ ਸਮੇਤ ਹੋਰਨਾਂ ਅਧਿਆਪਕਾਂ ਅਤੇ ਨਾਨ-ਟੀਚਿੰਗ ਸਟਾਫ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਨੋਡਲ ਅਫਸਰ ਡਾ. ਸਰਬਜੀਤ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਕੈਂਪਸ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਪਲਾਸਟਿਕ ਦੀਆਂ ਬੋਤਲਾਂ, ਰੈਪਰਾਂ ਅਤੇ ਹੋਰ ਕਚਰਾ ਇਕੱਠਾ ਕਰਕੇ ਨਿਰਧਾਰਤ ਡਸਟਬਿਨਾਂ ਵਿੱਚ ਪਾਇਆ।

ਐਮ. ਜੀ. ਐਸ ਐਮ. ਜਨਤਾ ਕਾਲਜ ਕਰਤਾਰਪੁਰ ਵਿਖੇ ਐਨ.ਐਸ.ਐਸ. ਯੂਨਿਟ ਵੱਲੋਂ ' ਨਸ਼ਾ ਮੁਕਤ ਯੁਵਾ ' ਮੁਹਿੰਮ ਤਹਿਤ ਰੈਲੀ ਕੱਢੀ ਗਈ

ਕਰਤਾਰਪੁਰ 2 ਅਕਤੂਬਰ (ਦਿਨੇਸ਼ ਕੁਮਾਰ) ਐਮ. ਜੀ ਐਸ.ਐਮ ਜਨਤਾ ਕਾਲਜ ਕਰਤਾਰਪੁਰ ਵਿਖੇ ਪ੍ਰਿੰਸੀਪਲ ਦਲਜੀਤ ਸਿੰਘ ਦੀ ਅਗਵਾਈ ਹੇਠ ' ਐਨ. ਐਸ. ਐਸ ਯੂਨਿਟ ਵੱਲੋਂ ' ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ' ਨਸ਼ਾ ਮੁਕਤ ਯੁਵਾ ਮੁਹਿੰਮ ਤਹਿਤ ਕਰਤਾਰਪੁਰ ਮਾਰਕਿਟ ਵਿੱਚ ਐਨ. ਐਸ ਐਸ ਵਲੰਟੀਅਰ ਵੱਲੋਂ ਨਸ਼ਿਆਂ ਵਿਰੁੱਧ ਰੈਲੀ ਕੱਢੀ ਗਈ।ਕਾਲਜ ਦੇ ਸਾਰੇ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਲੜਨ ਲਈ ਸਹੁੰ ਵੀ ਚੁਕਾਈ ਗਈ।ਇਸ ਰੈਲੀ ਨੂੰ ਪ੍ਰਿੰਸੀਪਲ ਸਰਦਾਰ ਦਲਜੀਤ ਸਿੰਘ, ਸਾਬਕਾ ਪ੍ਰਿੰਸੀਪਲ ਡਾ. ਪ੍ਰੇਟੀ ਸੋਢੀ, ਸਕੱਤਰ ਹਰੀ ਪਾਲ ਨੇ ਰੈਲੀ ਦਾ ਆਗਾਜ਼ ਕੀਤਾ।ਜਿਸ ਵਿੱਚ ਐਨ. ਐਸ. ਐਸ ਵਲੰਟੀਅਰ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਪ੍ਰਿੰਸੀਪਲ ਸਰਦਾਰ ਦਲਜੀਤ ਸਿੰਘ ਨੇ ਆਪਣੇ ਸੰਦੇਸ਼ ਵਿੱਚ ਵਿੱਚ ਕਿਹਾ ਕਿ ਨਸ਼ੇ ਦੇਸ਼ ਦੀ ਨੌਜਵਾਨ ਪੀੜੀ ਨੂੰ ਘੁਣ ਵਾਂਗ ਖਾ ਰਹੇ ਹਨ। ਜੋ ਕਿ ਹੋਲੀ ਹੋਲੀ ਦੇਸ਼ ਨੂੰ ਬਰਬਾਦ ਕਰ ਰਹੇ ਹਨ।ਦੇਸ਼ ਦੇ ਹਰ ਨੌਜਵਾਨ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਕਾਲਜ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਤੇ ਸਾਬਕਾ ਐਮ. ਐਲ. ਏ (ਹਲਕਾ ਕਰਤਾਰਪੁਰ) ਚੌਧਰੀ ਸੁਰਿੰਦਰ ਸਿੰਘ ਤੇ ਸਕੱਤਰ ਸ੍ਰੀ ਹਰੀ ਪਾਲ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਨੌਜਵਾਨ ਪੀੜੀ ਨੂੰ ਸਿਰਫ਼ ਮਿਹਨਤ ਕਰਨ ਦਾ ਨਸ਼ਾ ਕਰਨਾ ਚਾਹੀਦਾ ਹੈ ਤਾਂ ਜੋ ਦੇਸ਼ ਨੂੰ ਤਰੱਕੀ ਦੀਆਂ ਬੁਲੰਦੀਆਂ ਤੇ ਪਹੁੰਚਾਇਆ ਜਾ ਸਕੇ।ਪ੍ਰੋਗਰਾਮ ਅਫ਼ਸਰ ਡਾ. ਗੁਲਜ਼ਾਰ ਸਿੰਘ, ਡਾ. ਸਾਕਸ਼ੀ ਕਸ਼ਅੱਪ, ਡਾ. ਸਰਦਾਰ ਬੂਟਾ ਸਿੰਘ ਤੇ ਮੈਡਮ ਤਜਿੰਦਰ ਕੌਰ, ਕਮਲਜੀਤ ਕੌਰ, ਕੁਲਵਿੰਦਰ ਕੌਰ ਵੀ ਮੌਜੂਦ ਸੀ।

ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਕੀਤੇ ਗਏ ਹਨ ਪੁਖਤਾ ਪ੍ਰਬੰਧ: ਡਾ. ਨਿੱਜਰ

ਅੰਮ੍ਰਿਤਸਰ, 2 ਅਕਤੂਬਰ (ਰਾਜੇਸ਼ ਡੈਨੀ) ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਅੱਜ ਭਗਤਾਂਵਾਲਾ ਦਾਣਾ ਮੰਡੀ, ਅੰਮ੍ਰਿਤਸਰ ਵਿਖੇ ਝੋਨੇ ਦੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ। ਇਸ ਮੌਕੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਪੰਜਾਬ ਮੰਡੀ ਬੋਰਡ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਡਾ. ਨਿੱਜਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਨਿਰਵਿਘਨ ਅਤੇ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਲਈ ਸੂਬੇ ਦੀਆਂ ਮੰਡੀਆਂ ਵਿੱਚ ਲੋੜੀਂਦੇ ਅਤੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਨਿਰਧਾਰਤ ਸਰਕਾਰੀ ਭਾਅ 'ਤੇ ਖਰੀਦਿਆ ਜਾਵੇਗਾ ਅਤੇ ਫਸਲ ਦੀ ਅਦਾਇਗੀ ਸਮੇਂ ਸਿਰ ਯਕੀਨੀ ਬਣਾਈ ਜਾਵੇਗੀ ਵਿਧਾਇਕ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਝੋਨੇ ਦੀ ਖਰੀਦ, ਤੋਲ ਅਤੇ ਲਿਫਟਿੰਗ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਸਾਰੇ ਕੰਮ ਆਪਸੀ ਤਾਲਮੇਲ ਨਾਲ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹੇ ਜਾਣ। ਕਿਸਾਨਾਂ ਨੂੰ ਆਪਣੀ ਫਸਲ ਵੇਚਣ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਦੀ ਸਹੂਲਤ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇ ਡਾ. ਨਿੱਜਰ ਨੇ ਦੱਸਿਆ ਕਿ ਮੰਡੀਆਂ ਵਿੱਚ ਫਸਲ ਦੀ ਅਨਲੋਡਿੰਗ, ਸਫਾਈ ਅਤੇ ਪੈਕਿੰਗ ਆਦਿ ਦਾ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਸਾਫ਼ ਪੀਣ ਵਾਲੇ ਪਾਣੀ ਅਤੇ ਲੋੜੀਂਦੀਆਂ ਡਾਕਟਰੀ ਸਹੂਲਤਾਂ ਦੇ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ ਕਿਸਾਨਾਂ ਲਈ ਵੀ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਸਫਾਈ, ਬੈਠਣ ਅਤੇ ਹੋਰ ਬੁਨਿਆਦੀ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹੈ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ 9 ਖਰੀਦ ਸੀਜ਼ਨ ਸਫਲਤਾਪੂਰਵਕ ਮੁਕੰਮਲ ਕੀਤੇ ਜਾ ਚੁੱਕੇ ਹਨ ਅਤੇ ਮੌਜੂਦਾ ਦਸਵੇਂ ਖਰੀਦ ਸੀਜ਼ਨ ਦੌਰਾਨ ਵੀ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦਾ ਪੂਰਾ ਭਾਅ ਦਿੱਤਾ ਜਾਵੇਗਾ ਅਤੇ ਖਰੀਦੀ ਗਈ ਫਸਲ ਦੀ ਅਦਾਇਗੀ 24 ਘੰਟਿਆਂ ਦੇ ਅੰਦਰ-ਅੰਦਰ ਯਕੀਨੀ ਬਣਾਈ ਜਾਵੇਗੀ।ਡਾ. ਨਿੱਜਰ ਨੇ ਕਿਹਾ ਕਿ ਪੰਜਾਬ ਦੀ ਖੇਤੀਬਾੜੀ ਆਰਥਿਕਤਾ ਵਿੱਚ ਕਿਸਾਨਾਂ ਦੀ ਅਹਿਮ ਭੂਮਿਕਾ ਹੈ ਅਤੇ ਸਰਕਾਰ ਵੱਲੋਂ ਉਨ੍ਹਾਂ ਦੀ ਮਿਹਨਤ ਦਾ ਪੂਰਾ ਮੁੱਲ ਦਿਵਾਉਣ ਲਈ ਖਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪੱਲਵੀ ਮਿਸ਼ਰਾ,ਸ੍ਰੀ ਬਲਜੀਤ ਸਿੰਘ ਰਿੰਕੂ, ਚੇਅਰਮੈਨ, ਮੰਡੀ ਬੋਰਡ,ਸ੍ਰੀ ਅਮਨਦੀਪ ਸਿੰਘ ਛੀਨਾ, ਪ੍ਰਧਾਨ, ਆੜ੍ਹਤੀ ਐਸੋਸੀਏਸ਼ਨ,ਸ੍ਰੀ ਹਰਪਾਲ ਸਿੰਘ ਖਾਲਸਾ,ਸ੍ਰੀ ਗੁਰਜੰਟ ਸਿੰਘ ਚਿੰਟੂ,ਸ੍ਰੀ ਬਲਬੀਰ ਸਿੰਘ ਕਪੂਰ,ਸ੍ਰੀ ਨਵਨੀਤ ਸ਼ਰਮਾ,ਸ੍ਰੀ ਨਰਿੰਦਰ ਮਰਵਾਹਾ,ਸ੍ਰੀ ਮਨੀਸ਼ ਤੁੱਲੀ, ਪੰਜਾਬ ਪ੍ਰਧਾਨ, ਪੱਲੇਦਾਰ ਯੂਨੀਅਨ ਵੀ ਹਾਜ਼ਰ ਸਨ।

ਮੇਰੀ ਮਾਂ ਸੇਵਾ ਸੋਸਾਇਟੀ ਵੱਲੋਂ 4 ਅਕਤੂਬਰ ਨੂੰ ਮੁਫ਼ਤ ਬ੍ਰੇਨ ਓ.ਪੀ.ਡੀ. ਕੈਂਪ

ਬਟਾਲਾ, 2 ਅਕਤੂਬਰ (ਸੰਜੀਵ ਨਈਅਰ) ਮਨੁੱਖਤਾ ਦੀ ਸੇਵਾ ਦੇ ਉਦੇਸ਼ ਨਾਲ ਮੇਰੀ ਮਾਂ ਸੇਵਾ ਸੋਸਾਇਟੀ ਵੱਲੋਂ 4 ਅਕਤੂਬਰ, ਦਿਨ ਐਤਵਾਰ ਨੂੰ ਸਵੇਰੇ 11:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਮੁਫ਼ਤ ਬ੍ਰੇਨ (ਦਿਮਾਗ) ਓ.ਪੀ.ਡੀ. ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਪ੍ਰਧਾਨ ਸ੍ਰੀ ਵਿਕਾਸ ਮਹਿਤਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਲੋੜਵੰਦ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਇਹ ਮੁਫ਼ਤ ਮੈਡੀਕਲ ਕੈਂਪ ਹਰ ਮਹੀਨੇ ਦੇ ਪਹਿਲੇ ਅਤੇ ਤੀਜੇ ਐਤਵਾਰ ਨੂੰ ਨਿਯਮਤ ਤੌਰ 'ਤੇ ਲਗਾਇਆ ਜਾਂਦਾ ਹੈ। ਕੈਂਪ ਦੌਰਾਨ ਮਰੀਜ਼ਾਂ ਦੀ ਜਾਂਚ ਮਾਹਰ ਐੱਮ.ਡੀ. ਡਾਕਟਰਾਂ ਵੱਲੋਂ ਬਿਲਕੁਲ ਮੁਫ਼ਤ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਹ ਕੈਂਪ ਨਹਿਰੂ ਗੇਟ ਵਿਖੇ ਸਥਿਤ ਮੇਰੀ ਮਾਂ ਸੇਵਾ ਸੋਸਾਇਟੀ ਦੇ ਦਫ਼ਤਰ ਵਿਖੇ ਲਗਾਇਆ ਜਾਵੇਗਾ। ਇਸ ਦੌਰਾਨ ਬ੍ਰੇਨ ਨਾਲ ਸਬੰਧਤ ਸਿਹਤ ਸਮੱਸਿਆਵਾਂ ਵਾਲੇ ਮਰੀਜ਼ ਮਾਹਰ ਡਾਕਟਰਾਂ ਤੋਂ ਮੁਫ਼ਤ ਜਾਂਚ ਅਤੇ ਡਾਕਟਰੀ ਸਲਾਹ ਲੈ ਸਕਣਗੇ। ਸ੍ਰੀ ਵਿਕਾਸ ਮਹਿਤਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਫ਼ਤ ਸਿਹਤ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਲੋੜਵੰਦ ਮਰੀਜ਼ਾਂ ਤੱਕ ਵੀ ਇਸ ਜਾਣਕਾਰੀ ਨੂੰ ਪਹੁੰਚਾਉਣ।

ਪਿੰਡ ਪੋਨਾ ਵਿਖੇ ਵਿਕਾਸ ਕੰਮਾਂ ਦਾ ਮਾਨੂੰਕੇ

ਡੀ.ਏ.ਵੀ. ਕਕਰਾਲਾ ਵਿਖੇ 'ਰਨ ਫਾਰ ਫਨ ਮੈਰਾਥਨ' ਦਾ ਆਯੋਜਨ

ਸਮਾਣਾ 2 ਅਕਤੂਬਰ (ਪ੍ਰਿੰਸ ਕੁਮਾਰ) ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਅਤੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਜੀ ਦੇ ਜਨਮ ਦਿਵਸ ਦੇ ਮੌਕੇ 'ਤੇ ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਵਿਖੇ 'ਡੀ.ਏ.ਵੀ. ਰਨ ਫਾਰ ਫਨ ਮੈਰਾਥਨ' ਦਾ ਆਯੋਜਨ ਬੜੇ ਉਤਸ਼ਾਹ, ਦੇਸ਼ ਭਗਤੀ ਅਤੇ ਜੋਸ਼ ਨਾਲ ਕੀਤਾ ਗਿਆ। ਮੈਰਾਥਨ ਵਿੱਚ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਅਤੇ ਉਤਸ਼ਾਹ ਨਾਲ ਭਾਗ ਲਿਆ। ਮੈਰਾਥਨ ਨੂੰ ਸਕੂਲ ਦੇ ਵਿਹੜੇ ਤੋਂ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਵਿਦਿਆਰਥੀ ਡੀ.ਏ.ਵੀ. ਕਕਰਾਲਾ ਤੋਂ ਅਨਾਜ ਮੰਡੀ, ਕਕਰਾਲਾ ਤੱਕ ਗਏ ਅਤੇ ਇਸ ਤੋਂ ਬਾਅਦ ਡੀ.ਏ.ਵੀ. ਕਕਰਾਲਾ ਤੋਂ ਚੁਪਕੀ ਪਿੰਡ ਵੱਲ ਵਧਦੇ ਹੋਏ ਮੁੜ ਸਕੂਲ ਦੇ ਵਿਹੜੇ ਵਿੱਚ ਪਹੁੰਚੇ। ਮੈਰਾਥਨ ਵਿੱਚ ਵੱਖ-ਵੱਖ ਉਮਰ ਵਰਗਾਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜੇਤੂ ਵਿਦਿਆਰਥੀਆਂ ਦਾ ਵੇਰਵਾ ਇਸ ਪ੍ਰਕਾਰ ਹੈ: ਅੰਡਰ-14 ਵਰਗ ਵਿੱਚ ਪਹਿਲਾ ਸਥਾਨ ਅਸ਼ਮੀਤ ਸਿੰਘ, ਜਮਾਤ 7-3, ਦੂਜਾ ਸਥਾਨ ਸਹਿਜਪ੍ਰੀਤ ਸਿੰਘ, ਜਮਾਤ 7-2 ਅਤੇ ਤੀਜਾ ਸਥਾਨ ਪ੍ਰਭਜੋਤ ਸਿੰਘ, ਜਮਾਤ 7-1 ਨੇ ਪ੍ਰਾਪਤ ਕੀਤਾ। ਅੰਡਰ-17 ਵਰਗ ਵਿੱਚ ਪਹਿਲਾ ਸਥਾਨ ਹਨੀ ਸਿੰਘ, ਜਮਾਤ 9-3, ਦੂਜਾ ਸਥਾਨ ਸਨੇਹਦੀਪ ਸਿੰਘ, ਜਮਾਤ 9-2 ਅਤੇ ਤੀਜਾ ਸਥਾਨ ਖੁਸ਼ਦੀਪ ਸਿੰਘ, ਜਮਾਤ 8-3 ਨੇ ਪ੍ਰਾਪਤ ਕੀਤਾ। ਮੈਰਾਥਨ ਅਤੇ ਜਾਗਰੂਕਤਾ ਰੈਲੀ ਦੌਰਾਨ ਵਿਦਿਆਰਥੀਆਂ ਨੇ ਏਕਤਾ, ਤੰਦਰੁਸਤੀ, ਅਨੁਸ਼ਾਸਨ ਅਤੇ ਭਾਈਚਾਰਕ ਸਾਂਝ ਦਾ ਪ੍ਰੇਰਨਾਦਾਇਕ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਸਫ਼ਾਈ ਮੁਹਿੰਮ ਤਹਿਤ ਸਫ਼ਾਈ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਮਹੱਤਤਾ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ। ਇਸ ਸਮਾਗਮ ਰਾਹੀਂ ਆਪਣੇ ਆਲੇ-ਦੁਆਲੇ ਦੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਅਤੇ ਤੰਦਰੁਸਤ ਤੇ ਸਾਫ਼-ਸੁਥਰੇ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ ਦਾ ਪ੍ਰਭਾਵਸ਼ਾਲੀ ਸੰਦੇਸ਼ ਦਿੱਤਾ ਗਿਆ। ਕਾਰਜਕ੍ਰਮ ਦੇ ਸਮਾਪਤੀ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੀ ਉਤਸ਼ਾਹਪੂਰਵਕ ਸ਼ਮੂਲੀਅਤ, ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਸ਼ਲਾਘਾ ਕੀਤੀ। ਆਪਣੇ ਪ੍ਰੇਰਨਾਦਾਇਕ ਸੰਬੋਧਨ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਤੰਦਰੁਸਤੀ, ਸਫ਼ਾਈ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਟੁੱਟ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਸਫ਼ਾਈ ਤੇ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਦੇ ਦੂਤ ਵਜੋਂ ਆਪਣੀ ਭੂਮਿਕਾ ਨਿਭਾਉਣ ਦਾ ਸੰਦੇਸ਼ ਦਿੱਤਾ। ਪ੍ਰਿੰਸੀਪਲ ਨੇ ਕਾਰਜਕ੍ਰਮ ਦੀ ਸਫਲਤਾ ਲਈ ਸਾਰੇ ਸਟਾਫ਼ ਮੈਂਬਰਾਂ ਦੇ ਸਹਿਯੋਗ, ਸਮਰਪਣ ਅਤੇ ਅਣਥੱਕ ਯਤਨਾਂ ਪ੍ਰਤੀ ਦਿਲੋਂ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਨੇ ਖੇਡ ਵਿਭਾਗ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਅਤੇ ਸ਼ਲਾਘਾ ਕੀਤੀ, ਜਿਸ ਨੇ ਮੈਰਾਥਨ ਅਤੇ ਰੈਲੀ ਦੇ ਸਫਲ ਅਤੇ ਸੁਚੱਜੇ ਆਯੋਜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਪ੍ਰਿੰਸੀਪਲ ਨੇ ਵਿਦਿਆਰਥੀਆਂ ਦੇ ਮਾਪਿਆਂ ਦੇ ਸਹਿਯੋਗ ਅਤੇ ਉਤਸ਼ਾਹ ਲਈ ਵੀ ਉਨ੍ਹਾਂ ਦਾ ਧੰਨਵਾਦ ਕੀਤਾ, ਜਿਸ ਸਦਕਾ ਇਹ ਸਮਾਗਮ ਸਫਲਤਾਪੂਰਵਕ ਸੰਪੰਨ ਹੋ ਸਕਿਆ। ਕਾਰਜਕ੍ਰਮ ਦੇ ਅੰਤ ਵਿੱਚ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ, ਸਟਾਫ਼ ਮੈਂਬਰਾਂ ਅਤੇ ਗ੍ਰੇਡ-ਡੀ ਕਰਮਚਾਰੀਆਂ ਨੂੰ ਜਲਪਾਨ ਵੰਡਿਆ ਗਿਆ। ਇਹ ਸਮਾਗਮ ਤੰਦਰੁਸਤੀ, ਅਨੁਸ਼ਾਸਨ, ਸਫ਼ਾਈ, ਸਮਾਜਿਕ ਜ਼ਿੰਮੇਵਾਰੀ ਅਤੇ ਸਰਗਰਮ ਨਾਗਰਿਕਤਾ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਨ ਵਾਲਾ ਇੱਕ ਯਾਦਗਾਰ ਅਤੇ ਪ੍ਰੇਰਨਾਦਾਇਕ ਉਪਰਾਲਾ ਸਾਬਤ ਹੋਇਆ।

ਇੰਡੋ-ਸਵਿੱਸ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਜਿੱਤੇ ਚਾਂਦੀ ਅਤੇ ਕਾਂਸੀ ਦੇ ਤਗਮੇ

ਨਕੋਦਰ (ਚੇਤਨ ਗਗਨ) ਸਥਾਨਕ ਇੰਡੋ-ਸਵਿੱਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਆਪਣੀ ਸ਼ਾਨਦਾਰ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ 'ਖੇਡਾਂ ਵਤਨ ਪੰਜਾਬ ਦੀਆਂ' ਦੇ ਐਥਲੈਟਿਕਸ ਮੁਕਾਬਲਿਆਂ ਵਿੱਚ ਚਾਂਦੀ ਅਤੇ ਕਾਂਸੀ ਦੇ ਤਗਮੇ ਜਿੱਤ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੇ ਐਥਲੈਟਿਕਸ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਪੂਰੇ ਜੋਸ਼, ਮਿਹਨਤ ਅਤੇ ਖੇਡ ਭਾਵਨਾ ਨਾਲ ਭਾਗ ਲਿਆ। ਅੰਡਰ-21 ਵਰਗ ਵਿੱਚ ਸੁਪ੍ਰਿਆ ਅਤੇ ਵੰਸ਼ ਮੋਹਨ ਨੇ ਸ਼ਾਟ-ਪੁੱਟ ਵਿੱਚ ਚਾਂਦੀ ਦਾ ਤਗਮਾ, ਜਦਕਿ ਜਸਰਾਜ ਸਿੰਘ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ। ਇਸ ਮੌਕੇ ਸੀਨੀਅਰ ਐਥਲੈਟਿਕਸ ਕੋਚ ਬਿੰਦਰ ਸਿੰਘ ਅਤੇ ਅਰਿਹੰਤ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਖਿਡਾਰੀਆਂ ਦਾ ਹੌਸਲਾ ਵਧਾਉਂਦੇ ਹੋਏ ਭਵਿੱਖ ਵਿੱਚ ਵੀ ਹੋਰ ਮਿਹਨਤ ਅਤੇ ਲਗਨ ਨਾਲ ਖੇਡਾਂ ਵਿੱਚ ਉੱਤਮ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਸਫ਼ਲਤਾ 'ਤੇ ਸਕੂਲ ਦੇ ਪ੍ਰਿੰਸੀਪਲ ਡਾ. ਪੰਕਜ ਸ਼ਰਮਾ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਲਗਨ, ਮਿਹਨਤ ਅਤੇ ਅਨੁਸ਼ਾਸਨ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਮਿਹਨਤ ਅਤੇ ਟੀਮ ਭਾਵਨਾ ਦਾ ਵਿਕਾਸ ਕਰਦੀਆਂ ਹਨ। ਉਨ੍ਹਾਂ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਸਖ਼ਤ ਮਿਹਨਤ ਕਰਕੇ ਸਕੂਲ ਅਤੇ ਇਲਾਕੇ ਦਾ ਨਾਂ ਰੌਸ਼ਨ ਕਰਨ ਲਈ ਉਤਸ਼ਾਹਿਤ ਕੀਤਾ। ਸਕੂਲ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਆਪਣੀ ਪ੍ਰਤਿਭਾ ਨਿਖਾਰਨ ਲਈ ਹਰ ਸੰਭਵ ਸਹਿਯੋਗ ਅਤੇ ਹੱਲਾਸ਼ੇਰੀ ਦਿੱਤੀ ਜਾਂਦੀ ਹੈ। ਉਨ੍ਹਾਂ ਜੇਤੂ ਖਿਡਾਰੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਵਿਪਿਨ ਸ਼ਰਮਾ, ਚੇਅਰਪਰਸਨ ਮੈਡਮ ਜਯੋਤੀ ਸ਼ਰਮਾ ਅਤੇ ਐੱਮ.ਡੀ. ਮਿਸਟਰ ਸ਼ਿਵਮ ਸ਼ਰਮਾ ਨੇ ਇਸ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇੰਡੋ-ਸਵਿੱਸ ਸਕੂਲ ਦੇ ਵਿਦਿਆਰਥੀ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਲਗਾਤਾਰ ਨਵੀਆਂ ਪ੍ਰਾਪਤੀਆਂ ਹਾਸਲ ਕਰ ਰਹੇ ਹਨ। ਪ੍ਰਬੰਧਕਾਂ ਨੇ ਕਿਹਾ ਕਿ ਖਿਡਾਰੀਆਂ ਦੀ ਇਹ ਸਫ਼ਲਤਾ ਦੂਜੇ ਵਿਦਿਆਰਥੀਆਂ ਨੂੰ ਵੀ ਖੇਡਾਂ ਪ੍ਰਤੀ ਪ੍ਰੇਰਿਤ ਕਰੇਗੀ।

ਨਸ਼ਾ, ਲੁੱਟਾਂ-ਖੋਹਾਂ ਤੇ ਅਪਰਾਧਾਂ ਨੂੰ ਲੈ ਕੇ ਸਰਕਾਰ 'ਤੇ ਵਰ੍ਹੇ ਵਾਰਸ ਪੰਜਾਬ ਦੇ ਆਗੂ

ਸ੍ਰੀ ਹਰਗੋਬਿੰਦਪੁਰ ਸਾਹਿਬ 1 ਅਕਤੂਬਰ (ਸੰਜੀਵ ਨਈਅਰ) ਪੰਜਾਬ ਦੀ ਸਿਆਸਤ ਵਿੱਚ ਨਸ਼ੇ ਅਤੇ ਕਾਨੂੰਨ-ਵਿਵਸਥਾ ਨੂੰ ਲੈ ਕੇ ਚੱਲ ਰਹੀ ਚਰਚਾ ਦਰਮਿਆਨ ਵਾਰਸ ਪੰਜਾਬ ਦੇ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਸਰਗਰਮ ਆਗੂ ਪਲਵਿੰਦਰ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਨੂੰ ਤਿੱਖੇ ਸਵਾਲਾਂ ਦੇ ਘੇਰੇ ਵਿੱਚ ਲਿਆ ਹੈ। ਸਿੱਧੂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ, ਲੁੱਟ-ਖੋਹ, ਚੋਰੀਆਂ ਅਤੇ ਕਤਲ ਵਰਗੀਆਂ ਘਟਨਾਵਾਂ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਸਰਕਾਰ ਜ਼ਮੀਨੀ ਹਕੀਕਤਾਂ ਦਾ ਹੱਲ ਕਰਨ ਦੀ ਬਜਾਏ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਬਿਆਨਬਾਜ਼ੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਹੁਣ ਦਾਅਵੇ ਨਹੀਂ, ਨਤੀਜੇ ਚਾਹੀਦੇ ਹਨ।' ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਜੇਕਰ ਨਸ਼ੇ ਦੀ ਸਮੱਸਿਆ 'ਤੇ ਕਾਬੂ ਪਾਉਣਾ ਹੈ ਤਾਂ ਸਿਰਫ਼ ਐਲਾਨਾਂ ਨਾਲ ਨਹੀਂ, ਸਗੋਂ ਨਸ਼ੇ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਖ਼ਤ ਅਤੇ ਲਗਾਤਾਰ ਕਾਰਵਾਈ ਦੀ ਲੋੜ ਹੈ। ਪਲਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਵਾਰਸ ਪੰਜਾਬ ਦੇ ਦੀ ਸਰਕਾਰ ਬਣਨ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਮੁੱਖ ਮੰਤਰੀ ਬਣਨ ਦੀ ਸਥਿਤੀ ਵਿੱਚ ਨਸ਼ੇ ਨੂੰ ਪੰਜਾਬ ਵਿੱਚੋਂ ਖਤਮ ਕਰਨਾ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ ਮੁੱਖ ਏਜੰਡਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦਾ ਨੌਜਵਾਨ ਨਸ਼ੇ ਜਾਂ ਬੇਰੁਜ਼ਗਾਰੀ ਦੀ ਮਾਰ ਸਹਿਣ ਲਈ ਨਹੀਂ, ਸਗੋਂ ਆਪਣੇ ਭਵਿੱਖ ਨੂੰ ਬਣਾਉਣ ਲਈ ਪੈਦਾ ਹੋਇਆ ਹੈ। ਸਰਕਾਰਾਂ ਦੀ ਜ਼ਿੰਮੇਵਾਰੀ ਹੈ ਕਿ ਨੌਜਵਾਨਾਂ ਨੂੰ ਸਿੱਖਿਆ, ਹੁਨਰ ਅਤੇ ਰੁਜ਼ਗਾਰ ਦੇ ਮੌਕੇ ਦਿੱਤੇ ਜਾਣ ਤਾਂ ਜੋ ਉਹ ਵਿਦੇਸ਼ ਜਾਣ ਲਈ ਮਜਬੂਰ ਨਾ ਹੋਣ। ਸਿੱਧੂ ਨੇ ਕਿਹਾ ਕਿ 2027 ਦੀਆਂ ਚੋਣਾਂ ਪੰਜਾਬ ਲਈ ਇੱਕ ਮਹੱਤਵਪੂਰਨ ਮੋੜ ਹੋ ਸਕਦੀਆਂ ਹਨ ਅਤੇ ਵਾਰਸ ਪੰਜਾਬ ਦੇ ਵੱਲੋਂ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਭਵਿੱਖ ਸਬੰਧੀ ਆਖਰੀ ਫ਼ੈਸਲਾ ਲੋਕਾਂ ਨੇ ਆਪਣੇ ਵੋਟ ਰਾਹੀਂ ਕਰਨਾ ਹੈ।

ਰੁਚੀ ਬਾਵਾ ਨੇ ਆਸ ਅਹਿਸਾਸ ਐਨਜੀਓ ਰਾਹੀਂ ਸਾਫ਼ ਪੰਜਾਬ, ਖੁਸ਼ਹਾਲ ਪੰਜਾਬ ਸਫਾਈ ਮੁਹਿੰਮ ਦੀ ਕੀਤੀ ਸ਼ੁਰੂਆਤ

ਲੁਧਿਆਣਾ, 2 ਅਕਤੂਬਰ (ਸੂਰਜ) ਗਾਂਧੀ ਜਯੰਤੀ ਦੇ ਸ਼ੁੱਭ ਮੌਕੇ ਤੇ, ਆਸ ਅਹਿਸਾਸ ਐਨਜੀਓ ਨੇ ਮਹਾਨਗਰ ਲੁਧਿਆਣਾ ਵਿੱਚ ਆਪਣੇ ਆਲੇ ਦੁਆਲੇ ਸਫਾਈ ਰੱਖਣ ਦੇ ਉਦੇਸ਼ ਨਾਲ ਵਿਧਾਨ ਸਭਾ ਹਲਕਾ ਦੱਖਣੀ ਦੀ ਗੁਰੂ ਅਮਰਦਾਸ ਕਲੋਨੀ, ਗਿਆਸਪੁਰਾ ਵਿਖੇ ਆਪਣੀ ਸਫਾਈ ਮੁਹਿੰਮ ਸਾਫ਼ ਪੰਜਾਬ, ਖੁਸ਼ਹਾਲ ਪੰਜਾਬ ਦੀ ਸ਼ੁਰੂਆਤ ਕੀਤੀ। ਇਹ ਮੁਹਿੰਮ ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਵਾਈਸ ਚੇਅਰਪਰਸਨ ਗੁੰਜੀਤ ਰੁਚੀ ਬਾਵਾ ਦੀ ਨਿਗਰਾਨੀ ਹੇਠ ਸ਼ੁਰੂ ਕੀਤੀ ਗਈ। ਇਹ ਸਫਾਈ ਮੁਹਿੰਮ ਪੀਏਯੂ ਸਰਕਾਰੀ ਸਕੂਲ ਦੇ ਐਨਐਸਐਸ ਵਲੰਟੀਅਰਾਂ ਦੀ ਸਹਿਯੋਗ ਨਾਲ ਚਲਾਈ ਗਈ, ਜਿਨ੍ਹਾਂ ਨੇ ਆਪਣੇ ਅਧਿਆਪਕਾਂ ਗਗਨ ਧੰਨਾ, ਰਮਾ ਧੰਨਾ ਅਤੇ ਕਿਰਨਦੀਪ ਕੌਰ ਦੀ ਅਗਵਾਈ ਵਿਚ ਕੰਮ ਕੀਤਾ ਅਤੇ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਵਿਸ਼ੇਸ਼ ਯੋਗਦਾਨ ਪਾਇਆ। ਸਮਾਜ ਸੇਵਾ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਸ਼ਲਾਘਾ ਕਰਦੇ ਹੋਏ ਰੁਚੀ ਬਾਵਾ ਨੇ ਭਾਗ ਲੈਣ ਵਾਲੇ ਅਧਿਆਪਕਾਂ ਦਾ ਸਨਮਾਨ ਕੀਤਾ ਅਤੇ ਪੀਏਯੂ ਸਕੂਲ, ਖਾਸ ਕਰਕੇ ਪ੍ਰਿੰਸੀਪਲ ਡਾ. ਪ੍ਰਦੀਪ ਕੁਮਾਰ ਦੇ ਯਤਨਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਾਜਿਕ ਕਾਰਜਾਂ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬੋਲਦਿਆਂ, ਗੁੰਜੀਤ ਰੁਚੀ ਬਾਵਾ ਨੇ ਕਿਹਾ, ਸਫਾਈ ਸਿਰਫ਼ ਸਰਕਾਰੀ ਏਜੰਸੀਆਂ ਦੀ ਜ਼ਿੰਮੇਵਾਰੀ ਨਹੀਂ ਹੈ; ਇਹ ਹਰੇਕ ਨਾਗਰਿਕ ਦੀ ਆਪਣੀ ਜ਼ਿੰਮੇਵਾਰੀ ਹੈ, ਇਸ ਲਈ ਹਰੇਕ ਨੂੰ ਚਾਹੀਦਾ ਹੈ ਕਿ ਉਹ ਆਪਣਾ ਆਲਾ ਦੁਆਲਾ ਸਾਫ ਸੁਥਰਾ ਬਣਾਉਣ। ਉਹਨਾਂ ਹੋਰ ਕਿਹਾ ਕਿ 'ਸਾਫ ਪੰਜਾਬ, ਖੁਸ਼ਹਾਲ ਪੰਜਾਬ' ਰਾਹੀਂ, ਅਸੀਂ ਲੋਕਾਂ ਨੂੰ, ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ, ਆਪਣੇ ਆਲੇ ਦੁਆਲੇ ਦੀ ਸਫਾਈ ਦੀ ਮਾਲਕੀ ਲੈਣ ਲਈ ਉਤਸ਼ਾਹਿਤ ਕਰਨਾ ਚਾਹੁੰਦੇ ਹਾਂ। ਅਸੀਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਅਜਿਹੇ ਸਫ਼ਾਈ ਅਭਿਆਨ ਚਲਾਉਂਦੇ ਰਹਾਂਗੇ ਅਤੇ ਵਧੇਰੇ ਜਾਗਰੂਕਤਾ ਅਤੇ ਭਾਈਚਾਰਕ ਭਾਗੀਦਾਰੀ ਪੈਦਾ ਕਰਨ ਲਈ ਕੰਮ ਕਰਾਂਗੇ।' ਗੁੰਜੀਤ ਰੁਚੀ ਬਾਵਾ ਨੇ ਇਸ ਮੁਹਿੰਮ ਰਾਹੀਂ ਜਨਤਕ ਥਾਵਾਂ ਨੂੰ ਸਾਫ਼ ਰੱਖਣ ਦੀ ਮਹੱਤਤਾ ਤੇ ਜ਼ੋਰ ਦਿੱਤਾ ਅਤੇ ਨਾਗਰਿਕਾਂ ਨੂੰ ਸਫ਼ਾਈ ਨੂੰ ਇੱਕ ਨਿਯਮਤ ਆਦਤ ਵਿੱਚ ਬਦਲਣ ਲਈ ਪ੍ਰੇਰਿਤ ਕੀਤਾ।

ਗੋਆ ਦੀ ਆਲ ਇੰਡੀਆ ਮਲਟੀ ਸਪੋਰਟਸ ਨੇ ਕਰਾਟੇ ਤੇ ਬੈਡਮਿੰਟਨ 'ਚ ਕਈ ਤਗਮੇ ਜਿੱਤ ਕੇ ਖਿਡਾਰੀਆਂ ਨੇ ਪੰਜਾਬ ਦਾ ਨਾਮ ਰੌਸ਼ਨ ਕੀਤਾ

ਅੰਮ੍ਰਿਤਸਰ, 2 ਅਕਤੂਬਰ (ਗੌਰਵ ਮਲਹੋਤਰਾ) ਗੋਆ ਵਿਖੇ ਕਰਵਾਈ ਗਈ 'ਆਲ ਇੰਡੀਆ ਮਲਟੀ ਸਪੋਰਟਸ ਚੈਂਪੀਅਨਸ਼ਿਪ-2026' ਵਿੱਚ ਪੰਜਾਬ ਦੇ ਖਿਡਾਰੀਆਂ ਨੇ ਕਰਾਟੇ ਅਤੇ ਬੈਡਮਿੰਟਨ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਤਗਮੇ ਜਿੱਤੇ। ਪੰਜਾਬ ਦੇ ਜੇਤੂ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਸੂਬੇ ਦਾ ਨਾਂ ਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ। 2 ਅਕਤੂਬਰ ਨੂੰ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਪਹੁੰਚਣ

ਤਰਨਤਾਰਨ ਸਰਹੱਦ 'ਤੇ ਘੁਸਪੈਠ ਦੀ ਵੱਡੀ ਕੋਸ਼ਿਸ਼ ਨਾਕਾਮ, ਬੀਐਸਐਫ ਨੇ ਦੋ ਘੁਸਪੈਠੀਆਂ ਨੂੰ ਕੀਤਾ ਢੇਰ

ਤਰਨਤਾਰਨ, 2 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਬਾਰਡਰ ਸਕਿਓਰਿਟੀ ਫੋਰਸ (ਬੀਐਸਐਫ) ਦੇ ਜਵਾਨਾਂ ਨੇ ਵੀਰਵਾਰ ਦੇਰ ਰਾਤ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਖਾਲੜਾ ਸੈਕਟਰ ਵਿੱਚ ਘੁਸਪੈਠ ਦੀ ਇੱਕ ਵੱਡੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ। ਬੀਐਸਐਫ ਦੇ ਜਵਾਨਾਂ ਨੇ ਰਾਜੋਕੇ ਬਾਰਡਰ ਆਊਟਪੋਸਟ (ਬੀਓਪੀ) ਨੇੜੇ ਭਾਰਤੀ ਖੇਤਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰ ਰਹੇ ਦੋ ਘੁਸਪੈਠੀਆਂ ਨੂੰ ਗੋਲੀ ਮਾਰ ਕੇ ਮਾਰ ਦਿੱਤਾ। ਦੋਵਾਂ ਵਿੱਚੋਂ ਕਿਸੇ ਦੀ ਵੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ। ਇਸ ਘਟਨਾ ਤੋਂ ਬਾਅਦ, ਸੁਰੱਖਿਆ ਬਲਾਂ ਨੇ ਸ਼ੁੱਕਰਵਾਰ ਨੂੰ ਇਲਾਕੇ ਵਿੱਚ ਇੱਕ ਵਿਆਪਕ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

ਰਿਪੋਰਟਾਂ ਅਨੁਸਾਰ, ਰਾਜੋਕੇ ਬੀਓਪੀ 'ਤੇ ਤਾਇਨਾਤ ਬੀਐਸਐਫ ਜਵਾਨਾਂ ਨੇ ਵੀਰਵਾਰ ਰਾਤ ਕਰੀਬ 12:35 ਵਜੇ ਸਰਹੱਦ ਪਾਰੋਂ ਸ਼ੱਕੀ ਗਤੀਵਿਧੀ ਦੇਖੀ। ਨਾਈਟ-ਵਿਜ਼ਨ ਕੈਮਰਿਆਂ ਰਾਹੀਂ ਨਿਗਰਾਨੀ ਦੌਰਾਨ, ਜਵਾਨਾਂ ਨੇ ਤਿੰਨ ਤੋਂ ਚਾਰ ਸ਼ੱਕੀ ਵਿਅਕਤੀਆਂ ਨੂੰ ਪਾਕਿਸਤਾਨੀ ਪਾਸੇ ਤੋਂ ਭਾਰਤੀ ਖੇਤਰ ਵੱਲ ਆਉਂਦੇ ਦੇਖਿਆ। ਜਵਾਨਾਂ ਨੇ ਉਨ੍ਹਾਂ ਨੂੰ ਰੁਕਣ ਦੀ ਚੇਤਾਵਨੀ ਦਿੱਤੀ, ਪਰ ਸ਼ੱਕੀ ਵਿਅਕਤੀ ਅੱਗੇ ਵਧਦੇ ਰਹੇ। ਇਸ ਤੋਂ ਬਾਅਦ, ਬੀਐਸਐਫ ਜਵਾਨਾਂ ਨੇ ਗੋਲੀਬਾਰੀ ਕੀਤੀ, ਜਿਸ ਵਿੱਚ ਦੋ ਘੁਸਪੈਠੀਏ ਮਾਰੇ ਗਏ।

ਸੁਰੱਖਿਆ ਬਲਾਂ ਨੇ ਕਾਰਵਾਈ ਤੋਂ ਬਾਅਦ ਲਾਸ਼ਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਉਨ੍ਹਾਂ ਦੀ ਪਛਾਣ ਅਜੇ ਅਣਜਾਣ ਹੈ। ਮੁੱਢਲੇ ਸੰਕੇਤ ਦੱਸਦੇ ਹਨ ਕਿ ਇਹ ਦੋਵੇਂ ਪਾਕਿਸਤਾਨ ਤੋਂ ਸਨ, ਹਾਲਾਂਕਿ ਬੀਐਸਐਫ ਨੇ ਅਜੇ ਤੱਕ ਇਸ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਹੈ। ਅਧਿਕਾਰੀਆਂ ਨੇ ਪਾਕਿਸਤਾਨ ਰੇਂਜਰਾਂ ਨੂੰ ਵੀ ਇਸ ਘਟਨਾ ਬਾਰੇ ਸੂਚਿਤ ਕਰ ਦਿੱਤਾ ਹੈ।

ਹਾਲ ਹੀ ਵਿੱਚ ਸਰਹੱਦੀ ਖੇਤਰ ਵਿੱਚ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਨਤੀਜੇ ਵਜੋਂ, ਸੁਰੱਖਿਆ ਏਜੰਸੀਆਂ ਇਸ ਘਟਨਾ ਦੀ ਜਾਂਚ ਸੰਭਾਵਿਤ ਤਸਕਰੀ ਦੇ ਪਹਿਲੂ ਤੋਂ ਕਰ ਰਹੀਆਂ ਹਨ। ਸੂਤਰਾਂ ਨੂੰ ਸ਼ੱਕ ਹੈ ਕਿ ਮਾਰੇ ਗਏ ਘੁਸਪੈਠੀਏ ਨਸ਼ੀਲੇ ਪਦਾਰਥਾਂ ਜਾਂ ਹਥਿਆਰਾਂ ਦੀ ਤਸਕਰੀ ਨਾਲ ਜੁੜੇ ਹੋ ਸਕਦੇ ਹਨ; ਹਾਲਾਂਕਿ, ਬੀਐਸਐਫ ਅਧਿਕਾਰੀਆਂ ਨੇ ਇਸ ਬਾਰੇ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਜਾਰੀ ਨਹੀਂ ਕੀਤੀ ਹੈ। ਰਾਤ ਵੇਲੇ ਨਾਈਟ-ਵਿਜ਼ਨ ਕੈਮਰਿਆਂ ਦੀ ਵਰਤੋਂ ਕਰਕੇ ਕੀਤੀ ਗਈ ਨਿਗਰਾਨੀ ਦੌਰਾਨ ਤਿੰਨ ਤੋਂ ਚਾਰ ਸ਼ੱਕੀ ਵਿਅਕਤੀਆਂ ਦੀ ਹਿਲਜੁਲ ਦਿਖਾਈ ਦਿੱਤੀ। ਜਿੱਥੇ ਗੋਲੀਬਾਰੀ ਤੋਂ ਬਾਅਦ ਦੋ ਘੁਸਪੈਠੀਆਂ ਦੀ ਮੌਤ ਦੀ ਪੁਸ਼ਟੀ ਹੋ ਗਈ ਹੈ, ਉੱਥੇ ਹੀ ਬਾਕੀ ਸ਼ੱਕੀਆਂ ਦੀ ਸਥਿ ਇਸ ਦੇ ਨਾਲ ਹੀ, ਘਟਨਾ ਵਾਲੀ ਥਾਂ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਹਥਿਆਰਾਂ, ਨਸ਼ੀਲੇ ਪਦਾਰਥਾਂ ਜਾਂ ਹੋਰ ਸ਼ੱਕੀ ਸਮੱਗਰੀ ਦੀ ਭਾਲ ਕੀਤੀ ਜਾ ਰਹੀ ਹੈ।

ਮਾਰੇ ਗਏ ਦੋ ਘੁਸਪੈਠੀਆਂ ਦੀ ਪਛਾਣ ਅਤੇ ਉਨ੍ਹਾਂ ਦੇ ਮਕਸਦ ਬਾਰੇ ਜਾਂਚ ਫਿਲਹਾਲ ਜਾਰੀ ਹੈ। ਘਟਨਾ ਬਾਰੇ ਹੋਰ ਵੇਰਵੇ ਸੁਰੱਖਿਆ ਏਜੰਸੀਆਂ ਵੱਲੋਂ ਕੀਤੀ ਜਾਣ ਵਾਲੀ ਅਧਿਕਾਰਤ ਜਾਂਚ ਤੋਂ ਬਾਅਦ ਹੀ ਸਾਹਮਣੇ ਆਉਣਗੇ।

ਮਹਾਤਮਾ ਗਾਂਧੀ ਦੇ ਜਨਮ ਦਿਵਸ ਮੌਕੇ ਕਾਂਗਰਸ ਵੱਲੋਂ ਸ਼ਰਧਾਂਜਲੀ

ਨਸ਼ਿਆਂ ਖ਼ਿਲਾਫ਼ ਲੋਕਾਂ ਨੂੰ ਅੰਦੋਲਨ ਦਾ ਹਿੱਸਾ ਬਣਨ ਦੀ ਲੋੜ: ਪਵਨ ਦੀਵਾਨ

ਲੁਧਿਆਣਾ, 2 ਅਕਤੂਬਰ (ਸੂਰਜ) : ਕਾਂਗਰਸ ਪਾਰਟੀ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ 157ਵਾਂ ਜਨਮ ਦਿਵਸ ਲੁਧਿਆਣਾ ਦੇ ਸਰਾਭਾ ਨਗਰ ਵਿਖੇ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਪੰਜਾਬ ਕਾਂਗਰਸ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਵੱਲੋਂ ਮਹਾਤਮਾ ਗਾਂਧੀ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਭੇਂਟ ਕਰਕੇ ਉਨ੍ਹਾਂ ਨੂੰ ਯਾਦ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ, ਦੀਵਾਨ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਦੇਸ਼ ਅਤੇ ਪੰਜਾਬ ਨੂੰ ਨਸ਼ਿਆਂ ਤੋਂ ਆਜ਼ਾਦੀ ਦੀ ਲੋੜ ਹੈ। ਉਨ੍ਹਾਂ ਨੇ ਕਿਹਾ ਕਿ ਜਿਸ ਤਰ੍ਹਾਂ ਆਜ਼ਾਦੀ ਦੇ ਸੰਘਰਸ਼ ਦੌਰਾਨ ਅੰਗਰੇਜ਼ ਹਕੂਮਤ ਦੀਆਂ ਗੋਲੀਆਂ ਭਾਰਤ ਵਾਸੀਆਂ ਨੂੰ ਨਿਸ਼ਾਨਾ ਬਣਾਉਂਦੀਆਂ ਸਨ, ਉਸੇ ਤਰ੍ਹਾਂ ਅੱਜ ਨਸ਼ੇ ਦੀਆਂ ਗੋਲੀਆਂ ਅਤੇ ਨਸ਼ਿਆਂ ਦਾ ਜਾਲ ਬੇਕਸੂਰ ਨੌਜਵਾਨਾਂ ਦੀਆਂ ਜ਼ਿੰਦਗੀਆਂ ਨੂੰ ਨਿਗਲ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਆਪਣੀ ਭੂਮਿਕਾ ਨਿਭਾਉਣ।ਇਸ ਮੌਕੇ ਪਾਰਟੀ ਵਰਕਰਾਂ ਵੱਲੋਂ ਪਵਨ ਦੀਵਾਨ ਨੂੰ ਚਰਖਾ ਭੇਂਟ ਕਰਕੇ ਮਹਾਤਮਾ ਗਾਂਧੀ ਦੇ ਸਾਦਗੀ, ਸਵਦੇਸ਼ੀ ਅਤੇ ਆਤਮਨਿਰਭਰਤਾ ਦੇ ਸੰਦੇਸ਼ ਨੂੰ ਯਾਦ ਕੀਤਾ ਗਿਆ। ਇਸ ਦੌਰਾਨ ਹੋਰਨਾਂ ਤੋਂ ਇਲਾਵਾ, ਰਵਿੰਦਰ ਸਾਹਨੀ, ਗੁਰਨਾਮ ਸਿੰਘ ਕਲੇਰ, ਦੀਪਕ ਹੰਸ, ਬਲਜੀਤ ਸਿੰਘ ਆਹੂਜਾ, ਰਾਕੇਸ਼ ਕੁਮਾਰ ਤਿਵਾੜੀ, ਕਿਰਪਾਲ ਸਿੰਘ ਸਾਹੜਾ, ਰਜੀਵ ਦੀਵਾਕਰ, ਕੇਵਲ ਪਾਹਵਾ, ਸੰਜੀਵ, ਸੰਜੇ ਕੁਮਾਰ, ਗੁਲਾਬ ਸਿੰਘ ਦੀਵਾਨ, ਵਿਕਰਮ ਚੌਹਾਨ, ਨਿਵੇਸ਼ ਵਾਸਨ, ਮਨੂ ਚੌਧਰੀ, ਸੰਦੀਪ ਅਰੋੜਾ, ਸੁਨੀਲ ਕੁਮਾਰ, ਹਰਭਗਤ ਗਰੇਵਾਲ ਆਦਿ ਹਾਜ਼ਰ ਸਨ।

ਗਗਨਦੀਪ ਜੋਸ਼ੀ ਜ਼ਿਲ੍ਹਾ ਅਦਾਲਤ ਕਲਰਕ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਬਣੇ

ਚੰਡੀਗੜ੍ਹ, 2 ਅਕਤੂਬਰ (ਬਿਊਰੋ) : ਸੈਕਟਰ-43 ਸਥਿਤ ਜ਼ਿਲ੍ਹਾ ਅਦਾਲਤ ਕਲਰਕ ਬਾਰ ਐਸੋਸੀਏਸ਼ਨ ਲਈ ਇੱਕ ਨਵੀਂ ਕਾਰਜਕਾਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਚੋਣ ਪ੍ਰਕਿਰਿਆ ਦੌਰਾਨ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਨਵੀਂ ਕਮੇਟੀ ਵਿੱਚ ਗਗਨਦੀਪ ਜੋਸ਼ੀ ਨੂੰ ਪ੍ਰਧਾਨ ਅਤੇ ਗੁਜੇਤ ਸਿੰਘ ਸੈਣੀ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ, ਪੰਪਾਲ ਨੂੰ ਸੰਯੁਕਤ ਸਕੱਤਰ, ਸੰਜੇ ਕੁਮਾਰ ਨੂੰ ਖਜ਼ਾਨਚੀ ਅਤੇ ਕਾਕਾ ਰਾਮ ਨੂੰ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ। ਸੰਜੇ ਕੁਮਾਰ ਅਤੇ ਕਾਕਾ ਰਾਮ ਬਿਨਾਂ ਮੁਕਾਬਲਾ ਚੁਣੇ ਗਏ। ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ, ਨਵੀਂ ਕਮੇਟੀ ਦੇ ਮੈਂਬਰਾਂ ਨੇ ਕਿਹਾ ਕਿ ਉਹ ਕਲਰਕ ਬਾਰ ਐਸੋਸੀਏਸ਼ਨ ਦੇ ਹਿੱਤਾਂ ਲਈ ਮਿਲ ਕੇ ਕੰਮ ਕਰਨਗੇ। ਇਸ ਮੌਕੇ ਮੈਂਬਰਾਂ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਜਗਦੀਪ ਸਿੰਘ ਹਨੀ ਨੇ ਵੀ ਨਵੀਂ ਚੁਣੀ ਗਈ ਕਮੇਟੀ ਦੇ ਸਮੂਹ ਅਹੁਦੇਦਾਰਾਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸਫਲ ਕਾਰਜਕਾਲ ਦੀ ਕਾਮਨਾ ਕੀਤੀ।

ਬੁੱਚੋ ਮੰਡੀ ਦੇ ਪਿੰਡਾਂ 'ਚ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਦਾ ਪ੍ਰਦਰਸ਼ਨ

ਬਠਿੰਡਾ, 2 ਅਕਤੂਬਰ :(ਰਾਣਾ ਸ਼ਰਮਾ)- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਦਸਤਾਵੇਜ਼ੀ ਫ਼ ?ਲਮ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਪਿੰਡ ਚੱਕ ਬਖਤੂ, ਤੁੰਗਵਾਲੀ ਅਤੇ ਬੁਰਜ ਕਾਹਨ ਸਿੰਘ ਵਾਲਾ ਵਿਖੇ ਆਧੁਨਿਕ ਐਲ.ਈ.ਡੀ. ਸਕ੍ਰੀਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪਵਿੱਤਰ ਜੀਵਨ, ਉੱਚੇ ਆਦਰਸ਼ਾਂ ਅਤੇ ਮਨੁੱਖਤਾ ਨੂੰ ਸਮਰਪਿਤ ਸੰਦੇਸ਼ 'ਤੇ ਆਧਾਰਿਤ ਵਿਸ਼ੇਸ਼ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ। ਪਿੰਡਾਂ ਵਿੱਚ ਵਿਸ਼ੇਸ਼ ਪ੍ਰਚਾਰ ਵੈਨ ਉੱਪਰ ਲਗਾਈ ਗਈ ਵੱਡੀ ਐਲ.ਈ.ਡੀ. ਸਕ੍ਰੀਨ ਰਾਹੀਂ ਕਰੀਬ 30-30 ਮਿੰਟ ਦੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਸਮਾਜਿਕ ਸਮਾਨਤਾ, ਆਪਸੀ ਪ੍ਰੇਮ, ਸਾਂਝੀਵਾਲਤਾ ਅਤੇ ਲੋਕ-ਭਲਾਈ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਹਾਜ਼ਰ ਸੰਗਤਾਂ ਨੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦੱਸਦਿਆਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਵਿਚਾਰਧਾਰਾ ਨਾਲ ਜੋੜਨ ਵਿੱਚ ਮਹੱਤਵਪੂਰਨ ਯੋਗਦਾਨ ਮਿਲੇਗਾ। ਪਿੰਡਾਂ ਵਾਸੀਆਂ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਦਇਆ, ਪ੍ਰੇਮ, ਸਮਾਨਤਾ ਅਤੇ ਮਨੁੱਖੀ ਏਕਤਾ ਦਾ ਸੰਦੇਸ਼ ਦੇ ਕੇ ਸਮਾਜ ਨੂੰ ਨਵੀਂ ਦਿਸ਼ਾ ਦਿੱਤੀ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਆਪਸੀ ਭਾਈਚਾਰੇ ਅਤੇ ਲੋਕ-ਭਲਾਈ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦੀਆਂ ਹਨ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਕੈਬਨਿਟ ਮੰਤਰੀ ਮੁੰਡੀਆਂ ਵੱਲੋਂ ਸਾਹਨੇਵਾਲ ਅਤੇ ਧਨਾਨਸੂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ ਦੀ ਸ਼ੁਰੂਆਤ ਕਰਵਾਈ

ਲੁਧਿਆਣਾ/ ਸਾਹਨੇਵਾਲ , 2 ਅਕਤੂਬਰ -(ਝੱਜ ਉਮੇਦਪੁਰ)- ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਅੱਜ ਦਾਣਾ ਮੰਡੀ ਸਾਹਨੇਵਾਲ ਅਤੇ ਧਨਾਨਸੂ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਦੀ ਰਸਮੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਉਣ ਦਿੱਤੀ ਜਾਵੇ ਅਤੇ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਨਿਰਵਿਘਨ, ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ।ਕੈਬਿਨਟ ਮੰਤਰੀ ਸ੍ਰੀ ਮੁੰਡੀਆਂ ਨੇ ਕਿਹਾ ਕਿ ਮੌਜੂਦਾ ਝੋਨੇ ਦੇ ਖ਼ਰੀਦ ਸੀਜ਼ਨ ਦੌਰਾਨ ਲੁਧਿਆਣਾ ਜ਼ਿਲ੍ਹੇ ਦੀਆਂ 109 ਨਿਯਮਤ ਅਨਾਜ ਮੰਡੀਆਂ ਵਿੱਚ ਕਰੀਬ 17.25 ਲੱਖ ਮੀਟ੍ਰਿਕ ਟਨ ਝੋਨਾ ਆਉਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਖ਼ਰੀਦਣ ਲਈ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਖ਼ਰੀਦੀ ਗਈ ਫ਼ਸਲ ਦੀ ਸਮੇਂ ਸਿਰ ਚੁਕਾਈ ਅਤੇ ਕਿਸਾਨਾਂ ਨੂੰ ਫ਼ਸਲ ਦੀ ਅਦਾਇਗੀ ਯਕੀਨੀ ਬਣਾਉਣ ਲਈ ਵੀ ਲੋੜੀਂਦੇ ਇੰਤਜ਼ਾਮ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਨੂੰ ਨਿਰਧਾਰਤ ਸਮੇਂ ਅੰਦਰ ਖ਼ਰੀਦਣ ਅਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਸਾਲ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ 2461 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ, ਜਿਸ ਨਾਲ ਕਿਸਾਨਾਂ ਨੂੰ ਆਪਣੀ ਫ਼ਸਲ ਦਾ ਉਚਿਤ ਮੁੱਲ ਮਿਲੇਗਾ। ਇਸ ਮੌਕੇ ਕੈਬਨਿਟ ਮੰਤਰੀ ਨੇ ਮੰਡੀਆਂ ਵਿੱਚ ਮੌਜੂਦ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਕੋਲੋਂ ਖ਼ਰੀਦ ਪ੍ਰਬੰਧਾਂ, ਫ਼ਸਲ ਦੀ ਖ਼ਰੀਦ ਅਤੇ ਹੋਰ ਸਹੂਲਤਾਂ ਬਾਰੇ ਫੀਡਬੈਕ ਵੀ ਲਿਆ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕੀ ਅਤੇ ਮਿਆਰੀ ਫ਼ਸਲ ਹੀ ਲੈ ਕੇ ਆਉਣ, ਕਿਉਂਕਿ ਝੋਨੇ ਵਿੱਚ ਨਮੀ ਦੀ ਨਿਰਧਾਰਤ ਹੱਦ 17 ਫ਼ੀਸਦੀ ਹੈ।ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਕਿਸਾਨ ਰਾਤ ਸਮੇਂ ਝੋਨੇ ਦੀ ਕਟਾਈ ਤੋਂ ਗੁਰੇਜ਼ ਕਰਨ।

ਇਸ ਦੌਰਾਨ ਸਥਾਨਕ ਕਿਸਾਨਾਂ ਨੇ ਦੱਸਿਆ ਕਿ ਮੰਡੀ ਵਿੱਚ ਫ਼ਸਲ ਲਿਆਉਣ 'ਤੇ ਉਨ੍ਹਾਂ ਦੀ ਸਾਰੀ ਫ਼ਸਲ ਤੁਰੰਤ ਖ਼ਰੀਦ ਲਈ ਗਈ। ਕਿਸਾਨਾਂ ਨੇ ਮੰਡੀਆਂ ਵਿੱਚ ਕੀਤੇ ਗਏ ਸੁਚੱਜੇ ਪ੍ਰਬੰਧਾਂ ਅਤੇ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ।

ਮੌੜ ਹਲਕੇ 'ਚ ਚੇਅਰਮੈਨ ਨਵਦੀਪ ਸਿੰਘ ਜੀਦਾ ਨੇ ਖੋਲ੍ਹਿਆ ਚੋਣ ਦਫ਼ਤਰ

ਚੋਣ ਸਰਗਰਮੀਆਂ ਤੇਜ਼ ਕਰਨ ਦਾ ਕੀਤਾ ਐਲਾਨ, ਵੱਡੀ ਗਿਣਤੀ 'ਚ ਲੋਕਾਂ ਨੇ ਕੀਤੀ ਸ਼ਮੂਲੀਅਤ

ਬਠਿੰਡਾ (ਦਿਹਾਤੀ), 2 ਅਕਤੂਬਰ (ਕੁਲਜੀਤ ਸਿੰਘ ਢੀਂਗਰਾ ਸੁਰੇਸ਼ ਗਰਗ): ਸ਼ੁਰੂਗਫੈਡ ਪੰਜਾਬ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਨਵਦੀਪ ਸਿੰਘ ਜੀਦਾ ਨੇ ਜਿਲੇ ਦੇ ਵਿਧਾਨ ਸਭਾ ਹਲਕਾ ਮੌੜ ਵਿੱਚ ਆਪਣੀਆਂ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਕੜੀ ਤਹਿਤ ਉਨ੍ਹਾਂ ਵੱਲੋਂ ਮੌੜ-ਰਾਮਪੁਰਾ ਮੁੱਖ ਮਾਰਗ

ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਚ ਤੇਜ਼ੀ ਲਈ ਸੀਐਮ ਮਾਨ ਵੱਲੋਂ ਸਰਹੱਦੀ ਜ਼ਿਲ੍ਹਿਆਂ 'ਚ ਨਸ਼ਾ-ਮੁਕਤੀ ਬਾਰੇ ਆਤਮਿਕ ਸੁਧਾਰ ਪ੍ਰੋਗਰਾਮ ਨੂੰ ਪ੍ਰਵਾਨਗੀ

ਚੰਡੀਗੜ੍ਹ, 2 ਅਕਤੂਬਰ(ਦੇਸ਼ ਪ੍ਰਦੇਸ਼ ਬਿਊਰੋ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਤਰਨ ਤਾਰਨ ਅਤੇ ਫ਼ਾਜ਼ਿਲਕਾ ਸਮੇਤ ਗੁਰਦਾਸਪੁਰ ਅਤੇ ਕਪੂਰਥਲਾ ਦੀਆਂ ਜੇਲ੍ਹਾਂ ਅਤੇ ਓਟ (ਓ.ਓ.ਏ.ਟੀ.) ਕਲੀਨਿਕਾਂ ਵਿੱਚ ਨਸ਼ਿਆਂ ਦੀ ਲਤ ਨਾਲ ਜੂਝ ਰਹੇ ਮਰੀਜ਼ਾਂ ਦੇ ਚੱਲ ਰਹੇ ਡਾਕਟਰੀ ਇਲਾਜ ਦੇ ਨਾਲ-ਨਾਲ ਉਨ੍ਹਾਂ ਦੀ ਮਨੋ-ਸਮਾਜਿਕ ਦੇਖਭਾਲ ਨੂੰ ਹੋਰ ਮਜ਼ਬੂਤ ਕਰਨ ਲਈ ਪਾਇਲਟ ਪ੍ਰੋਜੈਕਟ ਸ਼ੁਰੂ ਕਰਨ ਨੂੰ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਹੈ। ਇਹ ਫ਼ੈਸਲਾ ਅੱਜ ਇੱਥੇ ਮੁੱਖ ਮੰਤਰੀ ਅਤੇ 'ਆਰਟ ਆਫ਼ ਲਿਵਿੰਗ ਫਾਊਂਡੇਸ਼ਨ' ਦੇ ਵਫ਼ਦ ਵਿਚਾਲੇ ਹੋਈ ਮੀਟਿੰਗ ਦੌਰਾਨ ਲਿਆ ਗਿਆ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪਹਿਲਕਦਮੀ ਤਹਿਤ 'ਆਰਟ ਆਫ਼ ਲਿਵਿੰਗ' 'ਤੇ ਆਧਾਰਤ ਆਤਮਿਕ ਸੁਧਾਰ ਪ੍ਰੋਗਰਾਮ ਸ਼ੁਰੂ ਕੀਤਾ ਜਾਵੇਗਾ, ਜਿਸ ਦਾ ਮੁੱਖ ਉਦੇਸ਼ ਦਵਾਈਆਂ ਦੇ ਇਲਾਜ ਅਤੇ ਲੰਬੇ ਸਮੇਂ ਦੇ ਮਨੋ-ਸਮਾਜਿਕ ਪੁਨਰਵਾਸ ਵਿਚਕਾਰਲੇ ਪਾੜੇ ਨੂੰ ਪੂਰਨਾ ਹੈ। ਉਨ੍ਹਾਂ ਕਿਹਾ, ਇਹ ਪਾਇਲਟ ਵੋਲਨੈੱਸ ਪ੍ਰੋਗਰਾਮ ਮੌਜੂਦਾ ਡਾਕਟਰੀ ਇਲਾਜ ਦਾ ਪੂਰਕ ਬਣੇਗਾ ਅਤੇ ਮੈਡੀਕਲ ਸਟਾਫ਼ ਦੇ ਸਹਿਯੋਗ ਨਾਲ ਨਾਲੋ-ਨਾਲ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦੀ ਰੂਪ-ਰੇਖਾ ਇਸ ਢੰਗ ਨਾਲ ਤਿਆਰ ਕੀਤੀ ਗਈ ਹੈ ਕਿ ਸਿਖਲਾਈ ਪ੍ਰਾਪਤ ਸਥਾਨਕ ਅਮਲਾ ਹੌਲੀ-ਹੌਲੀ ਇਸ ਦੀ ਵਾਗਡੋਰ ਸੰਭਾਲ ਲਵੇਗਾ, ਜਿਸ ਨਾਲ ਬਾਹਰੀ ਸਹਾਇਤਾ 'ਤੇ ਨਿਰਭਰ ਰਹੇ ਬਿਨਾਂ ਇਸ ਦਾ ਨਿਰੰਤਰ ਸੰਚਾਲਨ ਯਕੀਨੀ ਹੋ ਸਕੇਗਾ।ਉਨ੍ਹਾਂ ਅੱਗੇ ਕਿਹਾ, ਇਹ ਪਹਿਲਕਦਮੀ ਨਸ਼ਿਆਂ ਖ਼ਿਲਾਫ਼ ਮਹਿਜ਼ ਕਾਨੂੰਨੀ ਕਾਰਵਾਈ ਤੋਂ ਅੱਗੇ ਵਧ ਕੇ ਪੁਨਰਵਾਸ, ਦੁਬਾਰਾ ਨਸ਼ੇ ਦੀ ਲਤ ਲੱਗਣ ਤੋਂ ਰੋਕਣ, ਭਾਈਚਾਰਕ ਸਾਂਝ ਅਤੇ ਲੰਮੇ ਸਮੇਂ ਦੇ ਸੁਧਾਰ 'ਤੇ ਵਧੇਰੇ ਜ਼ੋਰ ਦਿੰਦਿਆਂ ਯੁੱਧ ਨਸ਼ਿਆਂ ਵਿਰੁੱਧ ਨੂੰ ਹੋਰ ਮਜ਼ਬੂਤੀ ਦੇਵੇਗੀ। ਮੁੱਖ ਮੰਤਰੀ ਨੇ ਕਿਹਾ, ਆਰਟ ਆਫ਼ ਲਿਵਿੰਗ ਫਾਊਂਡੇਸ਼ਨ ਜਾਗਰੂਕਤਾ ਮੁਹਿੰਮ ਦੌਰਾਨ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਤਾਲਮੇਲ ਯਕੀਨੀ ਬਣਾਵੇ ਤਾਂ ਜੋ ਕਿਸਾਨਾਂ, ਨੌਜਵਾਨਾਂ, ਵਿਦਿਆਰਥੀਆਂ ਅਤੇ ਸਮਾਜ ਦੇ ਸਾਰੇ ਵਰਗਾਂ ਤੱਕ ਪਹੁੰਚ ਬਣਾਈ ਜਾ ਸਕੇ।ਨਹਿਰੀ ਸਿੰਜਾਈ ਢਾਂਚੇ ਦੀ ਕਇਆਕਲਪ ਦੇ ਨਤੀਜੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ, ਸਾਲ 2022 ਵਿੱਚ ਸੂਬੇ ਦੇ 166 ਬਲਾਕ ਧਰਤੀ ਹੇਠਲੇ ਪਾਣੀ ਦਾ ਪੱਧਰ ਘਟਣ ਕਰਕੇ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਸਨ, ਜਦਕਿ 2026 ਵਿੱਚ ਇਹ ਗਿਣਤੀ ਘਟ ਕੇ 152 ਰਹਿ ਗਈ ਹੈ। ਇਹਨਾਂ 152 ਬਲਾਕਾਂ ਵਿੱਚੋਂ ਵੀ 90 ਬਲਾਕ ਲਗਾਤਾਰ ਸੁਧਾਰ ਵੱਲ ਵੱਧ ਰਹੇ ਹਨ, ਜਿੱਥੇ ਜ਼ਮੀਨੀ ਪਾਣੀ ਦਾ ਪੱਧਰ ਇੱਕ ਤੋਂ ਡੇਢ ਮੀਟਰ ਤੱਕ ਉੱਪਰ ਆ ਗਿਆ ਹੈ, ਜੋ ਕਿ ਵਧੇਰੇ ਤਸੱਲੀ ਦੀ ਗੱਲ ਹੈ।ਮੁੱਖ ਮੰਤਰੀ ਨੇ ਕਿਹਾ, ਝੋਨਾ ਪੰਜਾਬ ਦੀ ਮੁੱਖ ਫ਼ਸਲ ਨਹੀਂ ਹੈ, ਪਰ ਫਿਰ ਵੀ ਸਾਡਾ ਸੂਬਾ ਦੇਸ਼ ਦੇ ਅੰਨ ਭੰਡਾਰ ਲਈ ਹਰ ਸਾਲ ਲਗਭਗ 180 ਲੱਖ ਮੀਟ੍ਰਿਕ ਟਨ ਝੋਨੇ ਦਾ ਉਤਪਾਦਨ ਕਰਦਾ ਹੈ। ਉਨ੍ਹਾਂ ਕਿਹਾ, ਪਾਣੀ ਦੀ ਸੁਰੱਖਿਆ ਲਈ ਪੰਜਾਬ ਦੀ ਇਹ ਚੁਣੌਤੀ ਸਾਡੇ ਸੂਬੇ ਦੇ ਭਵਿੱਖ ਦੀ ਚੁਣੌਤੀ ਹੈ ਅਤੇ ਸਾਡੀ ਸਰਕਾਰ ਨਹਿਰੀ ਸਿੰਜਾਈ ਢਾਂਚੇ ਨੂੰ ਹੋਰ ਮਜ਼ਬੂਤ ਕਰਨਾ, ਪਾਣੀ ਦੀ ਸੰਭਾਲ ਨੂੰ ਉਤਸ਼ਾਹਿਤ ਕਰਨਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸੂਬੇ ਦੇ ਧਰਤੀ ਹੇਠਲੇ ਕੀਮਤੀ ਪਾਣੀ ਨੂੰ ਬਚਾਉਣ ਲਈ ਹਰ ਸੰਭਵ ਕਦਮ ਚੁੱਕਣਾ ਜਾਰੀ ਰੱਖੇਗੀ।'ਆਰਟ ਆਫ਼ ਲਿਵਿੰਗ ਫਾਊਂਡੇਸ਼ਨ' ਵੱਲੋਂ ਵਿਅਕਤੀ ਵਿਕਾਸ ਕੇਂਦਰ ਇੰਡੀਆ ਦੇ ਚੇਅਰਮੈਨ ਬ੍ਰਹਮਚਾਰੀ ਪ੍ਰਗਿਆ ਚੈਤੰਨਿਆ ਅਤੇ ਹੋਰ ਨੁਮਾਇੰਦਿਆਂ ਨੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ।

ਹਿਊਮਨ ਇੰਪਾਵਰਮੈਂਟ ਸੁਸਾਇਟੀ ਆਫ ਇੰਡੀਆ ਵੱਲੋਂ ਮਨਾਈ ਗਈ ਗਾਂਧੀ ਜਯੰਤੀ

ਮੋਗਾ, 2 ਅਕਤੂਬਰ (ਜਗਰਾਜ ਸਿੰਘ ਸੰਘਾ) ਅੱਜ ਗਾਂਧੀ ਜਯੰਤੀ ਦੇ ਮੌਕੇ ਤੇ ਹਿਊਮਨ ਇੰਪਾਵਰਮੈਂਟ ਸੁਸਾਇਟੀ ਆਫ ਇੰਡੀਆ ਵੱਲੋਂ ਪ੍ਰਧਾਨ ਸੰਜੀਵ ਨਰੂਲਾ ਦੀ ਅਗਵਾਈ ਵਿੱਚ ਮਹਾਤਮਾ ਗਾਂਧੀ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਅਨਮੋਲ ਵੈਲਫੇਅਰ ਕਲੱਬ ਦੇ ਪ੍ਰਧਾਨ ਰਜੇਸ਼ ਅਰੋੜਾ ਅਤੇ ਵਿਵੇਕ ਮਜੀਠੀਆ ਦੁਆਰਾ ਸ਼ਿਰਕਤ ਕੀਤੀ ਗਈ। ਇਸ ਮੌਕੇ ਤੇ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸੰਜੀਵ ਨਰੂਲਾ, ਜਰਨਲ ਸਕੱਤਰ ਸੰਜੀਵ ਅਰੋੜਾ, ਸੀਨੀਅਰ ਵਾਈਸ ਪ੍ਰਧਾਨ ਵੇਨੀਕਾ ਗੋਇਲ , ਪੰਜਾਬ ਪ੍ਰਧਾਨ ਰਮਨ ਗਾਂਧੀ, ਜਿਲਾ ਪ੍ਰਧਾਨ ਸਤਪਾਲ ਸਿੰਘ ਕੰਡਾ, ਜਿਲ੍ਹਾ ਪ੍ਰਧਾਨ ਮਹਿਲਾ ਵਿੰਗ ਵਰਿੰਦਾ ਮਜੀਠੀਆ ਨੇ ਕਿਹਾ ਕਿ ਜਿੰਨਾ ਨੇ ਦੇਸ਼ ਨੂੰ ਆਜ਼ਾਦ ਕਰਾਉਣ ਲਈ ਕੁਰਬਾਨੀਆਂ ਦਿੱਤੀਆਂ ਹਨ ਉਹਨਾਂ ਨੂੰ ਹਮੇਸ਼ਾ ਯਾਦ ਕਰਨਾ ਚਾਹੀਦਾ ਹੈ ਹਰ ਇੱਕ ਵਿਅਕਤੀ ਆਪਣੇ ਲਈ ਸੋਚਦਾ ਹੈ ਪ੍ਰੰਤੂ ਇਹਨਾਂ ਦੇਸ਼ ਭਗਤਾਂ ਵੱਲੋਂ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਆਪਣੀ ਜਾਨ ਨੂੰ ਦਾਅ ਤੇ ਲਾ ਦਿੱਤਾ ਇਸ ਮੌਕੇ ਤੇ ਮਹਿਲਾ ਵਿੰਗ ਸੀਨੀਅਰ ਵਾਈਸ ਪ੍ਰਧਾਨ ਗੀਤੂ ਕਾਲੜਾ, ਵਾਈਸ ਪ੍ਰਧਾਨ ਨੀਤੂ ਗੋਇਲ, ਚੇਅਰਮੈਨ ਗੁਰਸੇਵਕ ਸਿੰਘ ਸਨਿਆਸੀ, ਮੁੱਖ ਸਲਾਹਕਾਰ ਵੀਪੀ ਸੇਠੀ, ਸ਼ਿਵ ਟੰਡਨ, ਰਜਿੰਦਰ ਕੁਮਾਰ, ਪ੍ਰਦੀਪ ਕੁਮਾਰ, ਅਮਨ ਕੁਮਾਰ, ਨੀਰਜ ਕੁਮਾਰ, ਸ਼ੁਭਮ ਗੁਪਤਾ ਅਤੇ ਹੋਰ ਵੀ ਮੈਂਬਰ ਹਾਜ਼ਰ ਸਨ।

ਖੇਡਾਂ ਵਤਨ ਪੰਜਾਬ ਦੀਆਂ-2026: ਰਾਜ ਪੱਧਰੀ ਖੇਡਾਂ ਲਈ ਚੋਣ ਟਰਾਇਲ 7 ਅਕਤੂਬਰ ਨੂੰ

- ਕੈਕਿੰਗ ਐਂਡ ਕਨੋਇੰਗ, ਵੁਸ਼ੂ, ਰੋਇੰਗ, ਜਿਮਨਾਸਟਿਕ,ਰਗਬੀ, ਘੋੜਸਵਾਰੀ, ਬੇਸਬਾਲ, ਤਾਈਕਵਾਂਡੋ, ਕਰਾਟੇ ਅਤੇ ਸਾਈਕਲਿੰਗ ਲਈ ਟਰਾਇਲ

ਬਰਨਾਲਾ, 2 ਅਕਤੂਬਰ (ਅਵਤਾਰ ਸਿੰਘ ਫਰਵਾਹੀ) ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਸੂਬਾ ਪੱਧਰ 'ਤੇ ਹੋਣ ਵਾਲੀਆਂ ਖੇਡਾਂ ਲਈ ਬਰਨਾਲਾ ਜ਼ਿਲ੍ਹੇ ਦੇ ਖਿਡਾਰੀਆਂ ਦੀ ਚੋਣ ਕਰਨ ਵਾਸਤੇ ਵੱਖ-ਵੱਖ ਖੇਡਾਂ ਦੇ ਚੋਣ ਟਰਾਇਲ 7 ਅਕਤੂਬਰ ਨੂੰ ਬਾਬਾ ਕਾਲਾ ਮਹਿਰ ਸਟੇਡੀਅਮ ਬਰਨਾਲਾ ਵਿਖੇ ਕਰਵਾਏ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਬਰਨਾਲਾ ਸ਼੍ਰੀ ਰੁਪੇਸ਼ ਬੇਗੜਾ ਨੇ ਦੱਸਿਆ ਕਿ ਸੂਬਾ ਪੱਧਰ ਲਈ ਯੋਗ ਖਿਡਾਰੀਆਂ ਦੀ ਚੋਣ ਵਾਸਤੇ ਖੇਡਾਂ ਦੇ ਟਰਾਇਲ ਕਰਵਾਏ ਜਾਣਗੇ । ਇਨ੍ਹਾਂ ਖੇਡਾਂ ਵਿਚ ਕੈਕਿੰਗ ਐਂਡ ਕਨੋਇੰਗ, ਵੁਸ਼ੂ, ਰੋਇੰਗ, ਜਿਮਨਾਸਟਿਕ,ਬਰਗਬੀ, ਘੋੜਸਵਾਰੀ, ਬੇਸਬਾਲ, ਤਾਈਕਵਾਂਡੋ, ਕਰਾਟੇ ਅਤੇ ਸਾਈਕਲਿੰਗ ਸ਼ਾਮਿਲ ਹਨ। ਉਨ੍ਹਾਂ ਨੇ ਦੱਸਿਆ ਕਿ 14 ਸਾਲ ਜਾਂ ਇਸ ਤੋਂ ਵੱਧ ਉਮਰ ਵਰਗ ਦੇ ਇੱਛੁਕ ਅਤੇ ਯੋਗ ਖਿਡਾਰੀ 7 ਅਕਤੂਬਰ ਨੂੰ ਸਵੇਰ 10 ਵਜੇ ਨਿਰਧਾਰਤ ਸਥਾਨ 'ਤੇ ਪਹੁੰਚ ਕੇ ਟਰਾਇਲਾਂ ਵਿੱਚ ਹਿੱਸਾ ਲੈ ਸਕਦੇ ਹਨ। ਜ਼ਿਲ੍ਹਾ ਖੇਡ ਅਫ਼ਸਰ ਨੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਚੋਣ ਟਰਾਇਲਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਖੇਡਾਂ ਵਤਨ ਪੰਜਾਬ ਦੀਆਂ-2026 ਦੇ ਰਾਜ ਪੱਧਰ ਦੇ ਮੁਕਾਬਲਿਆਂ ਲਈ ਆਪਣੀ ਪ੍ਰਤਿਭਾ ਦਿਖਾਉਣ। ਉਨ੍ਹਾਂ ਦੱਸਿਆ ਕਿ ਇਨ੍ਹਾਂ ਟਰਾਇਲਾਂ ਦਾ ਮੰਤਵ ਜ਼ਿਲ੍ਹੇ ਦੇ ਹੋਣਹਾਰ ਅਤੇ ਯੋਗ ਖਿਡਾਰੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਸੂਬਾ ਪੱਧਰ 'ਤੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਜ਼ਿਲ੍ਹਾ ਪੱਧਰੀ ਟੈਨਿਸ ਬਾਲ ਕ੍ਰਿਕਟ ਟੂਰਨਾਮੈਂਟ ਮਿਤੀ 06 ਅਕਤੂਬਰ ਨੂੰ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ, ਖੁੱਡੀ ਕਲਾਂ ਵਿਖੇ ਕਰਵਾਏ ਜਾ ਰਹੇ ਹਨ। ਇਸ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਖਿਡਾਰੀ ਉਪਰੋਕਤ ਮਿਤੀ ਨੂੰ ਖੇਡ ਸਥਾਨ 'ਤੇ ਗੇਮ ਕਨਵੀਨਰ ਸ੍ਰੀ ਤਰਪਿੰਦਰ ਸਿੰਘ (ਮੋਬਾਈਲ: 97792-46003) ਨੂੰ ਸਵੇਰੇ 9.00 ਵਜੇ ਰਿਪੋਰਟ ਕਰਨਗੇ।

ਨੀਫਾ ਪੰਜਾਬ ਟੀਮ ਵੱਲੋਂ 26 ਬਟਾਲੀਅਨ ਦੀ 1,040 ਕਿਲੋਮੀਟਰ ਸਾਈਕਲਿੰਗ ਮੁਹਿੰਮ ਦਾ ਸ਼ਾਨਦਾਰ ਸਵਾਗਤ

ਲੁਧਿਆਣਾ 2 ਅਕਤੂਬਰ (ਸਰਬਜੀਤ ਸੂਫ਼ੀ)। ਭਾਰਤੀ ਫੌਜ ਦੀ 26 ਬਟਾਲੀਅਨ ਵੱਲੋਂ ਨੌਜਵਾਨਾਂ ਵਿੱਚ ਦੇਸ਼ ਸੇਵਾ, ਅਨੁਸ਼ਾਸਨ, ਸਾਹਸ ਅਤੇ ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ 1,040 ਕਿਲੋਮੀਟਰ ਸਾਈਕਲਿੰਗ ਮੁਹਿੰਮ ਦਾ ਪਠਾਨਕੋਟ ਵਿਖੇ ਨੀਫਾ ਪੰਜਾਬ ਟੀਮ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਅੰਬਾਲਾ ਤੋਂ ਸ਼ੁਰੂ ਹੋਈ ਇਹ ਮੁਹਿੰਮ ਕੇਲਯੋਂਗ ਹੁੰਦੀ ਹੋਈ ਪਠਾਨਕੋਟ ਪਹੁੰਚੀ ਹੈ ਅਤੇ 3 ਅਕਤੂਬਰ ਨੂੰ ਜਲੰਧਰ ਕੈਂਟ ਪਹੁੰਚਣ ਦਾ ਟੀਚਾ ਰੱਖਿਆ ਗਿਆ ਹੈ। ਇਸ ਮੁਹਿੰਮ ਵਿੱਚ 12 ਸਾਈਕਲਿਸਟ ਹਿੱਸਾ ਲੈ ਰਹੇ ਹਨ, ਜੋ ਕੈਪਟਨ ਅਨੀਸ਼ ਨਾਇਸ਼ਾਂਡ ਅਤੇ ਨਾਇਬ ਸੂਬੇਦਾਰ ਕੁਲਵੰਤ ਮਾਨ ਦੀ ਦੇਖ-ਰੇਖ ਹੇਠ ਇਹ ਚੁਣੌਤੀਪੂਰਨ ਯਾਤਰਾ ਪੂਰੀ ਕਰ ਰਹੇ ਹਨ। ਪ੍ਰਤਾਪ ਵਰਡ ਸਕੂਲ ਵਿਖੇ ਸਕੂਲ ਦੇ ਮਾਲਕ ਸੰਨੀ ਮਹਾਜਨ ਵੱਲੋਂ ਫੌਜੀ ਜਵਾਨਾਂ ਦਾ ਸਨਮਾਨ ਕੀਤਾ ਗਿਆ ਅਤੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਪ੍ਰੇਰਣਾਦਾਇਕ ਯਾਤਰਾ ਬਾਰੇ ਗੱਲਬਾਤ ਕੀਤੀ ਗਈ। ਵਿਦਿਆਰਥੀਆਂ ਨੂੰ ਫੌਜ ਵਿੱਚ ਭਰਤੀ, ਕਰੀਅਰ ਦੇ ਮੌਕਿਆਂ, ਅਨੁਸ਼ਾਸਨ ਅਤੇ ਦੇਸ਼ ਸੇਵਾ ਲਈ ਪ੍ਰੇਰਿਤ ਕੀਤਾ ਗਿਆ। ਨੀਫਾ ਦੇ ਰਾਸ਼ਟਰੀ ਚੇਅਰਮੈਨ ਅਤੇ ਸੰਸਥਾਪਕ ਪ੍ਰਤਾਪ ਸਿੰਘ ਪੰਨੂ ਅਤੇ ਨੀਫਾ ਪੰਜਾਬ ਦੇ ਪ੍ਰਧਾਨ ਸਚਪ੍ਰੀਤ ਸਿੰਘ ਬੈਰਾਬੇਟ ਦੀ ਰਹਿਨੁਮਾਈ ਹੇਠ ਨੀਫਾ ਪੰਜਾਬ ਦੇ ਜਨਰਲ ਸਕੱਤਰ ਦੀਪਕ ਵਾਲੀਆ ਸਮੇਤ ਟੀਮ ਨੇ ਇਸ ਉਪਰਾਲੇ ਵਿੱਚ ਸਹਿਯੋਗ ਦਿੱਤਾ। ਇਸ ਮੌਕੇ ਸ਼ਮੀ ਚੌਧਰੀ, ਵਿਧਾਇਕ ਡਾ. ਐੱਮ. ਐੱਲ. ਅੱਤਰੀ, ਡਾ. ਉਮੇਸ਼ ਕੁਮਾਰ, ਪੰਕਜ ਸਰਨਾ, ਅਜੈ ਕੁਮਾਰ, ਦਵਿੰਦਰ ਪਾਲ ਮੰਗਾ, ਸੰਦੀਪ ਸੰਧਲ, ਬੀ. ਡੀ. ਸ਼ਰਮਾ, ਐਡਵੋਕੇਟ ਰਵਿੰਦਰ ਠਾਕੁਰ, ਸੁਧੀਰ ਮਜਨ, ਐਡਵੋਕੇਟ ਸ਼ਸ਼ੀ, ਵਰੁਣ ਕੌਸ਼ਲ, ਨਿਤਿਨ ਬਲੋਤਰਾ, ਹਿਤੇਨ ਵਾਲੀਆ ਅਤੇ ਗੀਤ ਸ਼ਰਮਾ ਸਮੇਤ ਹੋਰ ਪਤਵੰਤੇ ਮੌਜੂਦ ਸਨ। ਸਾਰੇ ਹਾਜ਼ਰੀਨ ਨੇ ਫੌਜੀ ਜਵਾਨਾਂ ਦੀ ਹਿੰਮਤ, ਸਿਹਨਤ ਅਤੇ ਦੇਸ਼ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ।

ਦੇਵਨ ਕੁਮਾਰ ਨੇ ਤਾਇਕਵਾਂਡੋ ਵਿੱਚ ਚਮਕਾਇਆ ਡੀ.ਏ.ਵੀ. ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ ਦਾ ਨਾਮ

ਫਿਰੋਜ਼ਪੁਰ, 2 ਅਕਤੂਬਰ (ਪਰੇਸ਼ ਕੁਮਾਰ ਡਿੰਪੀ): ਡੀ.ਏ.ਵੀ. ਪਬਲਿਕ ਸਕੂਲ, ਪਖੋਵਾਲ ਰੋਡ, ਲੁਧਿਆਣਾ ਵੱਲੋਂ ਕਰਵਾਈ ਗਈ ਡੀ.ਏ.ਵੀ. ਰਾਜ ਪੱਧਰੀ ਤਾਇਕਵਾਂਡੋ ਟੂਰਨਾਮੈਂਟ ਵਿੱਚ ਡੀ.ਏ.ਵੀ. ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਫਿਰੋਜ਼ਪੁਰ ਦੇ ਵਿਦਿਆਰਥੀ ਦੇਵਨ ਕੁਮਾਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-17 (-45 ਕਿਲੋਗ੍ਰਾਮ) ਵਰਗ ਵਿੱਚ ਸੋਨ ਤਮਗਾ ਹਾਸਲ ਕੀਤਾ। ਦੇਵਨ ਕੁਮਾਰ ਨੇ ਮੁਕਾਬਲੇ ਦੌਰਾਨ ਸ਼ਾਨਦਾਰ ਖੇਡ ਕੌਸ਼ਲ, ਆਤਮ-ਵਿਸ਼ਵਾਸ ਅਤੇ ਸਖ਼ਤ ਮਿਹਨਤ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ। ਉਸ ਦੀ ਇਸ ਸ਼ਾਨਦਾਰ ਉਪਲਬਧੀ ਨਾਲ ਸਕੂਲ ਪਰਿਵਾਰ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨੀਰੂ ਗੁਪਤਾ ਨੇ ਦੇਵਨ ਕੁਮਾਰ ਨੂੰ ਉਸ ਦੀ ਸ਼ਾਨਦਾਰ ਸਫਲਤਾ ਲਈ ਹਾਰਦਿਕ ਵਧਾਈ ਦਿੱਤੀ ਅਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਦੇਵਨ ਕੁਮਾਰ ਦੀ ਇਹ ਉਪਲਬਧੀ ਸਕੂਲ ਦੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰੇਗੀ।

ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਕੀਤੀ ਪਿੰਡ ਬਘੇਲੇ ਵਾਲਾ ਵਿੱਚ ਬੂਥ ਵਾਈਜ ਮੀਟਿੰਗ

ਮੋਗਾ 2 ਅਕਤੂਬਰ (ਜਗਰਾਜ ਸਿੰਘ ਸੰਘਾ) ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਵੱਲੋਂ ਪਾਰਟੀ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨ ਲਈ ਹਲਕੇ ਦੇ ਪਿੰਡਾਂ ਵਿੱਚ ਬੂਥ ਵਾਈਜ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਸੇ ਦੇ ਸਬੰਧ ਵਿੱਚ ਉਨ੍ਹਾਂ ਪਿੰਡ ਬਘੇਲੇ ਵਾਲਾ ਵਿੱਚ ਡਾਕਟਰ ਸਰਬਜੀਤ ਸਿੰਘ ਸੰਘਾ ਦੇ ਗ੍ਰਹਿ ਵਿਖੇ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਵਰਕਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਤੇ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼

ਮੱਖਣ ਬਰਾੜ ਦੀ ਮਿਹਨਤ ਸਦਕਾ ਬਲਦੇਵ ਸਿੰਘ ਮਾਨੂੰਕੇ ਦੀ ਸ਼੍ਰੋਮਣੀ ਅਕਾਲੀ ਦਲ ਵਿੱਚ ਘਰ ਵਾਪਸੀ, ਅਕਾਲੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ

ਮੋਗਾ ਯ, 2 ਅਕਤੂਬਰ (ਜਗਰਾਜ ਸਿੰਘ ਸੰਘਾ) ਹਲਕਾ ਇੰਚਾਰਜ ਸ. ਬਰਜਿੰਦਰ ਸਿੰਘ ਮੱਖਣ ਬਰਾੜ ਦੀ ਲਗਾਤਾਰ ਮਿਹਨਤ ਅਤੇ ਯਤਨਾਂ ਸਦਕਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਨਿਹਾਲ ਸਿੰਘ ਵਾਲਾ ਹਲਕੇ ਦੀ ਸਿਆਸਤ ਵਿੱਚ ਅਹਿਮ ਘਟਨਾਕ੍ਰਮ ਸਾਹਮਣੇ ਆਇਆ ਹੈ। ਪੁਨਰ ਸੁਰਜੀਤ ਅਕਾਲੀ ਦਲ ਨਿਹਾਲ ਸਿੰਘ ਵਾਲਾ ਤੋਂ ਹਲਕਾ ਇੰਚਾਰਜ ਸ. ਬਲਦੇਵ ਸਿੰਘ ਮਾਨੂੰਕੇ ਨੇ ਮੁੜ ਸ਼੍ਰੋਮਣੀ ਅਕਾਲੀ ਦਲ ਵਿੱਚ ਘਰ ਵਾਪਸੀ ਕਰਦਿਆਂ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਹੈ। ਉਨ੍ਹਾਂ ਦੀ ਮੁੜ ਪਾਰਟੀ ਵਿੱਚ ਵਾਪਸੀ ਨੂੰ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਖੁਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਇਸ ਮੌਕੇ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਪਾਰਟੀ ਆਗੂਆਂ ਨੇ ਕਿਹਾ ਕਿ ਸ. ਬਲਦੇਵ ਸਿੰਘ ਮਾਨੂੰਕੇ ਦਾ ਸ਼੍ਰੋਮਣੀ ਅਕਾਲੀ ਦਲ ਨਾਲ ਪੁਰਾਣਾ ਅਤੇ ਮਜ਼ਬੂਤ ਸਬੰਧ ਰਿਹਾ ਹੈ ਅਤੇ ਉਨ੍ਹਾਂ ਦੀ ਘਰ ਵਾਪਸੀ ਨਾਲ ਨਿਹਾਲ ਸਿੰਘ ਵਾਲਾ ਹਲਕੇ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸ. ਮੱਖਣ ਬਰਾੜ ਵੱਲੋਂ ਹਲਕੇ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੀਤੇ ਜਾ ਰਹੇ ਯਤਨਾਂ ਦੇ ਚਲਦਿਆਂ ਪਾਰਟੀ ਨਾਲ ਜੁੜੇ ਆਗੂਆਂ ਅਤੇ ਵਰਕਰਾਂ ਨੂੰ ਇਕਜੁੱਟ ਕਰਨ ਦੀ ਪ੍ਰਕਿਰਿਆ ਜਾਰੀ ਹੈ। ਬਲਦੇਵ ਸਿੰਘ ਮਾਨੂੰਕੇ ਦੀ ਵਾਪਸੀ ਨੂੰ ਵੀ ਇਸੇ ਲੜੀ ਦੀ ਇੱਕ ਅਹਿਮ ਕੜੀ ਵਜੋਂ ਦੇਖਿਆ ਜਾ ਰਿਹਾ ਹੈ। ਅਕਾਲੀ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਆਪਣੀ ਪੁਰਾਣੀ ਅਤੇ ਮਜ਼ਬੂਤ ਸਿਆਸੀ ਜਥੇਬੰਦੀ ਹੈ ਅਤੇ ਪਾਰਟੀ ਦੀ ਮਜ਼ਬੂਤੀ ਲਈ ਸਮਰਪਿਤ ਆਗੂਆਂ ਅਤੇ ਵਰਕਰਾਂ ਦੀ ਇਕਜੁੱਟਤਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸ. ਬਲਦੇਵ ਸਿੰਘ ਮਾਨੂੰਕੇ ਦੇ ਮੁੜ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਨਿਹਾਲ ਸਿੰਘ ਵਾਲਾ ਹਲਕੇ ਵਿੱਚ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਆਗੂਆਂ, ਅਹੁਦੇਦਾਰਾਂ ਅਤੇ ਵਰਕਰਾਂ ਨੇ ਸ. ਬਲਦੇਵ ਸਿੰਘ ਮਾਨੂੰਕੇ ਦਾ ਤਹਿ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਘਰ ਵਾਪਸੀ ਪਾਰਟੀ ਪਰਿਵਾਰ ਲਈ ਖੁਸ਼ੀ ਦਾ ਮੌਕਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸ. ਮਾਨੂੰਕੇ ਪਾਰਟੀ ਦੀ ਮਜ਼ਬੂਤੀ ਲਈ ਪਹਿਲਾਂ ਵਾਂਗ ਆਪਣੀ ਭੂਮਿਕਾ ਨਿਭਾਉਣਗੇ ਅਤੇ ਪਾਰਟੀ ਵਰਕਰਾਂ ਨਾਲ ਮਿਲ ਕੇ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਗਰਮੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਆਗੂਆਂ ਨੇ ਕਿਹਾ ਕਿ ਪਾਰਟੀ ਦੀ ਅਗਵਾਈ ਵੱਲੋਂ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਅਤੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਸ. ਬਲਦੇਵ ਸਿੰਘ ਮਾਨੂੰਕੇ ਦੀ ਮੁੜ ਸ਼ਮੂਲੀਅਤ ਮੌਕੇ ਪਾਰਟੀ ਨਾਲ ਜੁੜੇ ਵਰਕਰਾਂ ਨੇ ਉਨ੍ਹਾਂ ਨੂੰ 'ਜੀ ਆਇਆਂ ਨੂੰ' ਆਖਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਅਕਾਲੀ ਆਗੂਆਂ ਨੇ ਕਿਹਾ ਕਿ ਪਾਰਟੀ ਦੇ ਸਿਧਾਂਤਾਂ ਅਤੇ ਨੀਤੀਆਂ ਨਾਲ ਜੁੜ ਕੇ ਸਮੂਹ ਵਰਕਰਾਂ ਨੂੰ ਇਕਜੁੱਟਤਾ ਨਾਲ ਅੱਗੇ ਵਧਣਾ ਚਾਹੀਦਾ ਹੈ ਤਾਂ ਜੋ ਹਲਕੇ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਇਸ ਮੌਕੇ ਮਾਹੌਲ ਵਿੱਚ ਖੁਸ਼ੀ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਵਰਕਰਾਂ ਵੱਲੋਂ ਸ. ਬਲਦੇਵ ਸਿੰਘ ਮਾਨੂੰਕੇ ਦੀ ਘਰ ਵਾਪਸੀ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।

10 ਸਾਲਾ ਦੇਵਾਂਸ਼ ਨੇ ਗੁੱਲਕ ਤੋੜ ਕੇ ਕੀਤੇ 3100 ਰੁਪਏ ਦਾਨ, ਵੱਡਿਆਂ ਲਈ ਬਣਿਆ ਮਿਸਾਲ

ਭਗਤਾ ਭਾਈ, 02 ਅਕਤੂਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ)— ਸ਼ਹਿਰ ਦੀ ਅਗਰਵਾਲ ਧਰਮਸ਼ਾਲਾ ਨੂੰ ਏ.ਸੀ. ਕਰਵਾਉਣ ਲਈ ਚੱਲ ਰਹੇ ਸੇਵਾ ਕਾਰਜ ਵਿੱਚ ਉਸ ਸਮੇਂ ਭਾਵੁਕ ਪਲ ਬਣ ਗਏ, ਜਦੋਂ 10 ਸਾਲਾ ਦੇਵਾਂਸ਼ ਨੇ ਆਪਣੀ ਗੁੱਲਕ ਵਿੱਚ ਜੋੜੇ 3100 ਰੁਪਏ ਕੱਢ ਕੇ ਦਾਨ ਕਰ ਦਿੱਤੇ। ਵਿਪਿਨ ਕੁਮਾਰ ਵਿੱਕੀ ਅਤੇ ਰੁਚਿਕਾ ਗਰਗ ਦੇ ਇਕਲੌਤੇ ਪੁੱਤਰ ਦੇਵਾਂਸ਼ ਦੇ ਇਸ ਨਿੱਕੇ ਜਿਹੇ ਉਪਰਾਲੇ ਨੇ ਵੱਡਿਆਂ ਨੂੰ ਵੀ ਵੱਡੀ ਪ੍ਰੇਰਨਾ ਦਿੱਤੀ। ਦੇਵਾਂਸ਼ ਨੇ ਆਪਣੀ ਬਚਤ ਕਿਸੇ ਖਿਡੌਣੇ ਜਾਂ ਆਪਣੀ ਮਨਪਸੰਦ ਚੀਜ਼ ਲਈ ਖਰਚਣ ਦੀ ਬਜਾਏ ਧਰਮਸ਼ਾਲਾ ਦੇ ਸੇਵਾ ਕਾਰਜ ਲਈ ਸਮਰਪਿਤ ਕਰ ਦਿੱਤੀ। ਜਿਕਰਯੋਗ ਹੈ ਕਿ ਲਗਭਗ 25 ਲੱਖ ਰੁਪਏ ਦੀ ਲਾਗਤ ਵਾਲੇ ਇਸ ਪ੍ਰੋਜੈਕਟ ਤਹਿਤ ਅਗਰਵਾਲ ਧਰਮਸ਼ਾਲਾ ਦੇ ਮੇਨ ਹਾਲ ਨੂੰ ਏ.ਸੀ. ਕੀਤਾ ਜਾਣਾ ਹੈ। ਇਸ ਮੰਤਵ ਲਈ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਵੱਲੋਂ 1.11 ਲੱਖ ਰੁਪਏ, ਜਦਕਿ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਪ੍ਰਧਾਨ ਰਕੇਸ਼ ਕੁਮਾਰ ਗੋਇਲ, ਸਾਬਕਾ ਪ੍ਰਧਾਨ ਬੂਟਾ ਸਿੰਘ ਸਿੱਧੂ, ਮੰਗਲ ਚੰਦ ਮਿੱਤਲ, ਇੰਦਰਜੀਤ ਜੌਲੀ ਗਰਗ ਨਿਹਾਲ ਸਿੰਘ ਵਾਲਾ, ਰਜਿੰਦਰ ਕੁਮਾਰ ਕੋਠਾ ਗੁਰੂ ਵਾਲੇ, ਦੁਰਗਾ ਦਾਸ ਕੋਠਾ ਗੁਰੂ ਵਾਲੇ, ਨਿਊ ਗਰੀਨ ਇਨਕਲੇਵ ਕਲੋਨੀ ਅਤੇ ਮਨੋਜ ਕੁਮਾਰ ਗੋਇਲ ਪੱਕਾ ਬਰਿਕਸ ਕੰਪਨੀ ਵੱਲੋਂ 51-51 ਹਜ਼ਾਰ ਰੁਪਏ ਦੀ ਸੇਵਾ ਕੀਤੀ ਗਈ ਹੈ। ਯੂਥ ਵਪਾਰ ਮੰਡਲ ਭਗਤਾ ਭਾਈ ਦੇ ਪ੍ਰਧਾਨ ਜਤਿੰਦਰ ਕੁਮਾਰ ਸ਼ੈਂਕੀ ਗੋਇਲ ਨੇ ਵੀ 1 ਲੱਖ ਰੁਪਏ ਭੇਟ ਕੀਤੇ ਹਨ। ਪਰ ਇਨ੍ਹਾਂ ਵੱਡੀਆਂ ਰਕਮਾਂ ਵਿਚਕਾਰ ਦੇਵਾਂਸ਼ ਦੇ 3100 ਰੁਪਏ ਸਭ ਤੋਂ ਵੱਧ ਚਰਚਾ ਦਾ ਵਿਸ਼ਾ ਬਣੇ ਹੋਏ ਹਨ, ਕਿਉਂਕਿ ਇਹ ਕਿਸੇ ਵੱਡੀ ਆਮਦਨ ਵਿੱਚੋਂ ਦਿੱਤੀ ਰਕਮ ਨਹੀਂ, ਸਗੋਂ ਇੱਕ 10 ਸਾਲਾ ਬੱਚੇ ਦੀ ਆਪਣੀ ਗੁੱਲਕ ਵਿੱਚੋਂ ਕੱਢੀ ਹੋਈ ਬਚਤ ਹੈ। ਦੇਵਾਂਸ਼ ਨੇ ਸਾਬਤ ਕਰ ਦਿੱਤਾ ਕਿ ਸੇਵਾ ਦੀ ਕੀਮਤ ਰੁਪਏ ਨਹੀਂ, ਸਗੋਂ ਉਸ ਪਿੱਛੇ ਲੁਕੀ ਭਾਵਨਾ ਤੈਅ ਕਰਦੀ ਹੈ। ਉਸਦੀ ਇਹ ਮਾਸੂਮ ਪਹਿਲਕਦਮੀ ਨਾ ਸਿਰਫ ਉਸਦੇ ਮਾਪਿਆਂ ਲਈ ਮਾਣ ਦਾ ਪਲ ਹੈ, ਸਗੋਂ ਵੱਡਿਆਂ ਲਈ ਵੀ ਇੱਕ ਖੂਬਸੂਰਤ ਸੰਦੇਸ਼ ਹੈ। ਦੇਵਾਂਸ਼ ਗਰਗ ਦੀ ਇਸ ਭਾਵਨਾ ਬਦਲੇ ਉਸ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਸਬ ਇੰਸਪੈਕਟਰ ਕਮਲਜੀਤ ਸਿੰਘ ਨੇ ਥਾਣਾ ਕੋਟ ਈਸੇ ਖਾਂ ਦੀ ਸੰਭਾਲੀ ਕਮਾਨ, ਪੱਤਰਕਾਰਾਂ ਨਾਲ ਕੀਤੀ ਮਿਲਣੀ

ਕਿਹਾ ਨਸ਼ਾ ਤਸਕਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ

ਕੋਟ ਈਸੇ ਖਾਂ / ਮੋਗਾ 30 ਸਤੰਬਰ (ਸੰਜੀਵ ਸੂਦ /ਜਗਰਾਜ ਸੰਘਾ) - ਥਾਣਾ ਕੋਟ ਈਸੇਖਾਂ ਦੀ ਸਾਬਕਾ ਮੁਖੀ ਸੁਨੀਤਾ ਬਾਵਾ ਨੂੰ ਵਿਜੀਲੈਂਸ ਵੱਲੋਂ 50 ਹਜ਼ਾਰ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਫੜੇ ਜਾਣ ਤੋਂ ਬਾਅਦ ਕੋਟ ਈਸੇ ਖਾਂ ਦੇ ਨਵੇਂ ਥਾਣਾ ਮੁਖੀ ਸਬ ਇੰਸਪੈਕਟਰ ਕਮਲਜੀਤ ਸਿੰਘ ਵੱਲੋਂ ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਿਸ ਦਾ ਮੁੱਖ ਮਕਸਦ ਲੋਕਾਂ ਦੀ ਸੁਰੱਖਿਆ, ਅਮਨ-ਕਾਨੂੰਨ ਨੂੰ ਬਰਕਰਾਰ ਰੱਖਣਾ ਅਤੇ ਲੋਕਾਂ ਨੂੰ ਬਿਨਾਂ ਭੇਦਭਾਵ ਸੇਵਾਵਾਂ ਮੁਹੱਈਆ ਕਰਵਾਉਣਾ ਹੈ ਅਮਨ ਕਨੂੰਨ ਦੀ ਸਥਿਤੀ ਨੂੰ ਭੰਗ ਕਰਨ ਵਾਲਿਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ ਉਹਨਾਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਜਾਇਜ਼ ਸਮੱਸਿਆ ਦਰਪੇਸ਼ ਆਉਂਦੀ ਹੈ ਤਾਂ ਉਹ ਪੁਲਿਸ ਦੇ ਧਿਆਨ ਵਿੱਚ ਲਿਆਂਦਾ ਜਾਵੇ, ਜਿਸ @ਤੇ ਨਿਆਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। । ਉਹਨਾਂ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਨਸ਼ਿਆਂ ਦੇ ਗੈਰ-ਕਾਨੂੰਨੀ ਕਾਰੋਬਾਰ ਨੂੰ ਕਿਸੇ ਵੀ ਕੀਮਤ @ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਤੇ ਪ੍ਰੈਸ ਕਲੱਬ ਕੋਟ ਈਸੇਖਾਂ ਦੇ ਸਮੂਹ ਪੱਤਰਕਾਰਾਂ ਵੱਲੋਂ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਤੋਂ ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ।

ਈ.ਵੀ.ਐਮ. ਦੀ ਥਾਂ ਬੈਲੇਟ ਪੇਪਰ ਨਾਲ ਚੋਣਾਂ ਕਰਵਾਉਣ ਦੀ ਮੰਗ ਵਾਜਬ; ਈ.ਸੀ.ਆਈ. ਵੱਲੋਂ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੀ ਰਜਿਸਟ੍ਰੇਸ਼ਨ ਰੱਦ ਕਰਨਾ ਲੋਕਤੰਤਰ ਦਾ ਘਾਣ: ਕਰਨੈਲ ਸਿੰਘ ਪੀਰਮੁਹੰਮਦ

ਕੋਟ ਈਸੇ ਖਾਂ 02 ਅਕਤੂਬਰ (ਸੰਜੀਵ ਸੂਦ) ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਦੇਸ਼ ਦੀਆਂ ਚੋਣ ਪ੍ਰਕਿਰਿਆਵਾਂ ਅਤੇ ਲੋਕਤੰਤਰਿਕ ਅਧਿਕਾਰਾਂ @ਤੇ ਗੰਭੀਰ ਚਿੰਤਾ ਪ੍ਰਗਟਾਉਂਦਿਆਂ ਭਾਰਤੀ ਚੋਣ ਕਮਿਸ਼ਨ ਅਤੇ ਕੇਂਦਰ ਦੀ ਭਾਜਪਾ ਸਰਕਾਰ @ਤੇ ਤਿੱਖੇ ਨਿਸ਼ਾਨੇ ਸਾਧੇ ਹਨ। ਸਰਦਾਰ ਪੀਰਮੁਹੰਮਦ ਨੇ ਇੰਡੀਆ (INDIA) ਗਠਜੋੜ ਵੱਲੋਂ ਪਹਿਲੀ ਵਾਰ ਖੁੱਲ੍ਹ ਕੇ ਬੈਲੇਟ ਪੇਪਰਾਂ ਰਾਹੀਂ ਚੋਣਾਂ ਕਰਵਾਉਣ ਦੀ ਕੀਤੀ ਗਈ ਮੰਗ ਦਾ ਪੂਰਨ ਸਮਰਥਨ ਕੀਤਾ। ਉਨ੍ਹਾਂ ਕਿਹਾ, ÷ਦੇਸ਼ ਦੇ ਲੋਕਾਂ ਦਾ ਈ.ਵੀ.ਐਮ. (EVM) ਪ੍ਰਣਾਲੀ ਤੋਂ ਵਿਸ਼ਵਾਸ ਪੂਰੀ ਤਰ੍ਹਾਂ ਉੱਠ ਚੁੱਕਾ ਹੈ। ਇੱਕ ਨਿਰਪੱਖ ਅਤੇ ਪਾਰਦਰਸ਼ੀ ਲੋਕਤੰਤਰ ਲਈ ਇਹ ਲਾਜ਼ਮੀ ਹੈ ਕਿ ਚੋਣਾਂ ਬੈਲੇਟ ਪੇਪਰ ਰਾਹੀਂ ਕਰਵਾਈਆਂ ਜਾਣ, ਤਾਂ ਜੋ ਹਰ ਨਾਗਰਿਕ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ @ਤੇ ਪੂਰਾ ਭਰੋਸਾ ਹੋ ਸਕੇ। ਦੂਜੇ ਮੁੱਦੇ @ਤੇ ਬੋਲਦਿਆਂ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਨੇ ਭਾਰਤੀ ਚੋਣ ਕਮਿਸ਼ਨ ਵੱਲੋਂ @ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ@ ਨੂੰ ਇੱਕ ਸਿਆਸੀ ਪਾਰਟੀ ਵਜੋਂ ਰਜਿਸਟਰ ਨਾ ਕਰਨ ਦੇ ਫੈਸਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਉਨ੍ਹਾਂ ਇਸ ਫੈਸਲੇ ਨੂੰ ਪੱਖਪਾਤੀ ਅਤੇ ਲੋਕਤੰਤਰਿਕ ਨਿਯਮਾਂ ਦਾ ਘਾਣ ਕਰਾਰ ਦਿੱਤਾ। ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਅੱਗੇ ਕਿਹਾ, ÷ਅੱਜ ਦੇਸ਼ ਦੀ ਆਜ਼ਾਦੀ, ਸੰਵਿਧਾਨ ਅਤੇ ਸਿਆਸੀ ਬਹੁਲਤਾਵਾਦ ਨੂੰ ਸਭ ਤੋਂ ਵੱਡਾ ਖ਼ਤਰਾ ਭਾਰਤੀ ਜਨਤਾ ਪਾਰਟੀ (ਬੀ.ਜੇ.ਪੀ.) ਦੀਆਂ ਤਾਨਾਸ਼ਾਹੀ ਨੀਤੀਆਂ ਤੋਂ ਹੈ। ਕੇਂਦਰ ਸਰਕਾਰ ਆਪਣੇ ਵਿਰੋਧੀਆਂ ਦੀ ਆਵਾਜ਼ ਨੂੰ ਦਬਾਉਣ ਲਈ ਸੰਵਿਧਾਨਕ ਸੰਸਥਾਵਾਂ ਦੀ ਦੁਰਵਰਤੋਂ ਕਰ ਰਹੀ ਹੈ। ਨਵੀਆਂ ਪਾਰਟੀਆਂ ਦੀ ਰਜਿਸਟ੍ਰੇਸ਼ਨ ਵਿੱਚ ਰੋੜੇ ਅਟਕਾਉਣਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਬੀ.ਜੇ.ਪੀ. ਦੇਸ਼ ਵਿੱਚ ਵਿਰੋਧੀ ਧਿਰਾਂ ਅਤੇ ਵੱਖਰੀਆਂ ਆਵਾਜ਼ਾਂ ਨੂੰ ਖ਼ਤਮ ਕਰਨਾ ਚਾਹੁੰਦੀ ਹੈ। ਉਨ੍ਹਾਂ ਮੰਗ ਕੀਤੀ ਕਿ ਚੋਣ ਕਮਿਸ਼ਨ ਆਪਣੀ ਨਿਰਪੱਖਤਾ ਬਹਾਲ ਕਰੇ, ਬੈਲੇਟ ਪੇਪਰ ਨਾਲ ਚੋਣਾਂ ਕਰਵਾਉਣ ਦੀ ਮੰਗ @ਤੇ ਗੰਭੀਰਤਾ ਨਾਲ ਵਿਚਾਰ ਕਰੇ ਅਤੇ ਸਾਰੇ ਰਾਜਨੀਤਿਕ ਸਮੂਹਾਂ ਨੂੰ ਆਪਣੇ ਲੋਕਤੰਤਰਿਕ ਅਧਿਕਾਰਾਂ ਦੀ ਵਰਤੋਂ ਕਰਨ ਦਾ ਬਰਾਬਰ ਮੌਕਾ ਦੇਵੇ।

ਨਸ਼ੇ ਦਾ ਧੰਦਾ ਛੱਡੋ, ਨਹੀਂ ਤਾਂ ਕਾਨੂੰਨੀ ਕਾਰਵਾਈ ਲਈ ਰਹੋ ਤਿਆਰ : ਥਾਣਾ ਮੁਖੀ ਕਮਲਜੀਤ ਸਿੰਘ

ਕੋਟ ਈਸੇ ਖਾਂ 02 ਅਕਤੂਬਰ (ਸੰਜੀਵ ਸੂਦ) ਪੁਲਿਸ ਥਾਣਾ ਕੋਟ ਈਸੇ ਖਾਂ ਦੇ ਨਵ ਨਿਯੁਕਤ ਥਾਣਾ ਮੁਖੀ ਕਮਲਜੀਤ ਸਿੰਘ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਉਪਰੰਤ ਪ੍ਰੈਸ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਣਾ ਅਤੇ ਨਸ਼ਿਆਂ ਦੀ ਸਮੱਸਿਆ ਨੂੰ ਠੱਲ੍ਹ ਪਾਉਣਾ ਪੁਲਿਸ ਦੀ ਮੁੱਖ ਤਰਜੀਹ ਰਹੇਗੀ। ਥਾਣਾ ਮੁਖੀ ਕਮਲਜੀਤ ਸਿੰਘ ਨੇ ਕਿਹਾ ਕਿ ਨਸ਼ਾ ਸਾਡੇ ਸਮਾਜ ਅਤੇ ਨੌਜਵਾਨ ਪੀੜ੍ਹੀ ਲਈ ਵੱਡੀ ਚੁਣੌਤੀ ਹੈ। ਨਸ਼ੇ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੁਲਿਸ ਦੇ ਨਾਲ-ਨਾਲ ਆਮ ਲੋਕਾਂ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨਸ਼ਾ ਵੇਚਣ ਵਾਲਿਆਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਇਸ ਗੈਰਕਾਨੂੰਨੀ ਧੰਦੇ ਨੂੰ ਤੁਰੰਤ ਛੱਡ ਦੇਣ, ਨਹੀਂ ਤਾਂ ਪੁਲਿਸ ਵੱਲੋਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਜੇਲ੍ਹ ਵੀ ਜਾਣਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਹਰ ਹਾਲ ਵਿੱਚ ਕਾਇਮ ਰੱਖਿਆ ਜਾਵੇਗਾ। ਮਾਹੌਲ ਖ਼ਰਾਬ ਕਰਨ ਵਾਲੇ ਸ਼ਰਾਰਤੀ ਅਨਸਰਾਂ ਅਤੇ ਗੈਰਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪੁਲਿਸ ਦੀ ਗਸ਼ਤ ਨੂੰ ਹੋਰ ਵਧਾਇਆ ਜਾਵੇਗਾ ਤਾਂ ਜੋ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਮਜ਼ਬੂਤ ਹੋ ਸਕੇ। ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ

ਬਜ਼ੁਰਗਾਂ ਦੇ ਵਿਹੜੇ ਕੌਮਾਂਤਰੀ ਸੀਨੀਅਰ ਸਿਟੀਜਨ ਦਿਵਸ ਮੌਕੇ ਹੋਇਆ ਸਮਾਜ ਸੇਵੀਆਂ ਦਾ ਸਨਮਾਨ

ਸੰਗਰੂਰ, 2 ਅਕਤੂਬਰ (ਜਸਪਾਲ ਸਰਾਓ) : ਸਥਾਨਿਕ ਬਨਾਸਰ ਬਾਗ ਸਥਿਤ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਮੁੱਖ ਦਫਤਰ ਵਿਖੇ ਸਲਾਨਾ ਕੌਮਾਂਤਰੀ ਸੀਨੀਅਰ ਸਿਟੀਜਨ ਦਿਵਸ ਬੜੇ ਉਤਸ਼ਾਹ ਅਤੇ ਉਮਾਹ ਵਿਆਹ ਵਾਂਗ ਸਜਾਏ ਪੰਡਾਲ ਵਿੱਚ ਅਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਤੇ ਹਲਕਾ ਵਿਧਾਇਕਾ ਬੀਬੀ ਨਰਿਦਰ ਕੌਰ ਭਰਾਜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸੰਸਥਾ ਦੇ ਪ੍ਰਧਾਨ ਡਾ ਨਰਵਿੰਦਰ ਸਿੰਘ ਕੌਸ਼ਲ ਸਾਬਕਾ ਡੀਨ ਕੁਰਕਸ਼ੇਤਰ ਯੂਨੀਵਰਸਿਟੀ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਨਾਲ ਮਹਾਸ਼ਾ ਸੁਰਿਦਰ ਪਾਲ ਗੁਪਤਾ ਸਰਪ੍ਰਸਤ , ਮੈਡਮ ਸੁਮਨ ਜ਼ਖ਼ਮੀ,ਮੈਡਮ ਚੰਚਲ ਗਰਗ ਮੀਤ ਪ੍ਰਧਾਨ ਵੀ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਹੋਏ। ਸੰਸਥਾ ਦੇ ਜਨਰਲ ਸਕੱਤਰ ਜਗਜੀਤ ਸਿੰਘ ਜੱਸਲ ਦੇ ਸਟੇਜ ਸੰਚਾਲਨ ਅਧੀਨ ਸਮਾਗਮ ਦੀ ਸ਼ੁਰੂਆਤ ਸੁਰਿਦਰ ਪਾਲ ਸਿੰਘ ਸਿਦਕੀ ਨੇ ਸ਼ਬਦ ਗਾਇਨ ਨਾਲ ਕੀਤੀ ਅਤੇ ਸੀਨੀਅਰ ਸਿਟੀਜਨ ਦਿਵਸ ਦੀ ਆਰੰਭਤਾ ਅਤੇ ਮਹੱਤਵ ਬਾਰੇ ਦੱਸਿਆ। ਡਾ: ਨਰਵਿੰਦਰ ਸਿੰਘ ਕੌਸ਼ਲ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਵੱਲੋਂ ਸੰਸਥਾ

ਦਫਤਰ ਦੇ ਵਿਕਾਸ ਕਾਰਜਾਂ ਲਈ ਦਿੱਤੀ ਵਿੱਤੀ ਸਹਾਇਤਾ ਲਈ ਧੰਨਵਾਦ ਕੀਤਾ। ਵੱਖੋ ਵੱਖ ਬੁਲਾਰਿਆਂ ਸੁਰੇਸ਼ ਗੁਪਤਾ, ਰਾਜ ਕੁਮਾਰ ਅਰੋੜਾ , ਚੰਚਲ ਗਰਗ, ਪਾਲੀ ਰਾਮ ਬਾਂਸਲ ਆਦਿ ਨੇ ਸੀਨੀਅਰ ਸਿਟੀਜਨ ਦਿਵਸ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਬਜ਼ੁਰਗ ਸਾਡੀ ਹੋਂਦ ਹੁੰਦੇ ਹਨ ਇਹਨਾਂ ਤੋਂ ਬਿਨਾਂ ਅਸੀਂ ਕੁਝ ਵੀ ਕਰਨ ਦੇ ਯੋਗ ਨਹੀਂ। ਅੱਜ ਕੱਲ ਸਾਂਝੇ ਪਰਿਵਾਰ ਟੁੱਟ ਰਹੇ ਹਨ ਜਿਸ ਕਰਕੇ ਬਜ਼ੁਰਗ ਇਕੱਲਾਪਨ ਮਹਿਸੂਸ ਕਰ ਰਹੇ ਹਨ। ਸਾਨੂੰ ਆਪਣੇ ਬੱਚਿਆਂ ਨੂੰ ਮੁੱਢਲੇ ਸੰਸਕਾਰਾਂ ਦੀ ਸਿਖਿਆ ਵਿੱਚ ਬਜ਼ੁਰਗਾਂ ਦਾ ਸਤਿਕਾਰ ਕਰਨਾ ਵੀ ਸਿਖਾਉਣਾ ਚਾਹੀਦਾ ਹੈ। ਜਗਜੀਤ ਸਿੰਘ ਜਨਰਲ ਸਕੱਤਰ ਨੇ ਸਰਕਾਰ ਪਾਸੋਂ ਇਹ ਮੰਗ ਕੀਤੀ ਕਿ ਸੀਨੀਅਰ ਸਿਟੀਜਨਜ ਨੂੰ ਰੇਲਵੇ ਅਤੇ ਬੱਸਾਂ ਵਿੱਚ 50% ਕਿਰਾਏ ਦੀ ਛੋਟ ਮਿਲਣੀ ਚਾਹੀਦੀ ਹੈ। ਮੁੱਖ ਮਹਿਮਾਨ ਬੀਬੀ ਨਰਿਦਰ ਕੌਰ ਭਰਾਜ ਨੇ ਕਿਹਾ ਮੈਨੂੰ ਅੱਜ ਇੱਕ ਵਾਰ ਫੇਰ ਬਜ਼ੁਰਗਾਂ ਦਾ ਆਸ਼ੀਰਵਾਦ ਪ੍ਰਾਪਤ ਕਰਨ ਦਾ ਅਵਸਰ ਮਿਲਿਆ ਹੈ। ਇਸ ਮੌਕੇ ਤੇ ਹਰਬੰਸ ਲਾਲ ਗਰਗ ਵੱਲੋਂ ਮਾਚਿਸ ਡੱਬੀਆਂ ਦੀਆਂ ਵੱਖ ਵੱਖ ਦੁਰਲੱਭ ਕਿਸਮਾਂ ਦੀ ਲਗਾਈ ਪ੍ਰਦਰਸ਼ਨੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ। ਸੰਸਥਾ ਵੱਲੋਂ ਇਸ ਮੌਕੇ ਤੇ ਵੱਖ ਵੱਖ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਸ਼ਖਸ਼ੀਅਤਾਂ ਰਾਜ ਕੁਮਾਰ ਲਾਲ ਜਿੰਦਲ(ਯੋਗਾ ਆਚੀਰਯ) ਐਡਵੋਕੇਟ ਕਮਲ ਆਨੰਦ, ਮੋਹਨ ਸ਼ਰਮਾ, ਅਵਿਨਾਸ਼ ਸ਼ਰਮਾ ਟ੍ਰੈਫਿਕ ਕੰਟਰੋਲ, ਗੋਪਾਲ ਦਾਸ, ਸਤਿਦਰ ਸੈਣੀ ਐਮ ਸੀ, ਬੀ ਕੇ ਵੋਹਰਾ, ਰਾਕੇਸ਼ ਕੁਮਾਰ, ਨਰੇਸ਼ ਕੁਮਾਰ, ਜੈ ਪ੍ਰਕਾਸ਼ ਪਿੰਟੂ, ਮਨਿੰਦਰ ਸਿੰਘ ਆਦਿ ਨੂੰ ਸਮਾਜਿਕ ਗਤੀਵਿਧੀਆਂ ਵਿਚ ਯੋਗਦਾਨ ਦੇਣ ਲਈ ਅਤੇ ਸੰਸਥਾ ਨੂੰ ਨਿਰੰਤਰ ਸਹਿਯੋਗ ਦੇਣ ਵਾਲੇ ਮੈਂਬਰਾਂ ਸ਼ਕਤੀ ਮਿੱਤਲ, ਹਰੀ ਦਾਸ ਸ਼ਰਮਾ, ਗਿਆਨ ਚੰਦ ਸਿੰਗਲਾ, ਸੁਰਿਦਰ ਪਾਲ ਸਿੰਘ ਸਿਦਕੀ, ਪੇ ਮ ਚੰਦ ਗਰਗ, ਅਮਰਜੀਤ ਸਿੰਘ ਪਾਹਵਾ ਅਤੇ ਸੁਪਰ ਸਿਟੀਜਨ ਸੁਖਦੇਵ ਸਿੰਘ ਰਤਨ, ਸਤਵੰਤ ਸਿੰਘ ਮੋੜ , ਲਾਭ ਸਿੰਘ ਢੀਂਡਸਾ, ਸੁਰਿਦਰ ਸਿੰਘ ਸੋਢੀ, ਰਾਮ ਲਾਲ ਪਾਂਧੀ, ਕੰਵਲ ਮਹਿਦਰ ਸਿੰਘ, ਗੁਰਲਾਭ ਕੌਰ, ਜੋਗਿੰਦਰ ਕੌਰ, ਚੰਚਲ ਗਰਗ ਆਦਿ ਨੂੰ ਮੁੱਖ ਮਹਿਮਾਨ ਅਤੇ ਡਾ ਨਰਵਿੰਦਰ ਸਿੰਘ ਕੌਸ਼ਲ, ਰਾਜ ਕੁਮਾਰ ਅਰੋੜਾ, ਸੰਤੋਸ਼ ਆਨੰਦ ਅਤੇ ਪ੍ਰਧਾਨਗੀ ਮੰਡਲ ਨੇ ਲੋਈਆਂ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਗੁਰਮੀਤ ਸਿੰਘ, ਓਮ ਪ੍ਰਕਾਸ਼ ਛਾਬੜਾ, ਦਰਸ਼ਨਾ, ਪਵਿੱਤਰ ਕੌਰ ਗਰੇਵਾਲ ਵੱਲੋਂ ਸਭਿਆਚਾਰਕ ਗੀਤਾਂ ਖੂਬਸੂਰਤ ਢੰਗ ਨਾਲ ਪੇਸ਼ਕਾਰੀ ਕੀਤੀ ਗਈ ਜਿਸ ਦਾ ਬਹੁਤ ਵੱਡੀ ਗਿਣਤੀ ਵਿੱਚ ਹਾਜ਼ਰ ਸਰੋਤਿਆਂ ਦਾ ਭਰਪੂਰ ਮਨੋਰੰਜਨ ਹੋਇਆ। ਉਪਰੰਤ ਪ੍ਰਿੰਸੀਪਲ ਸੁਖਦਰਸ਼ਨ ਸਿੰਘ ਢਿੱਲੋਂ, ਸੱਤਦੇਵ ਸ਼ਰਮਾ, ਅਵਿਨਾਸ਼ ਸ਼ਰਮਾ, ਕੁਲਵੰਤ ਸਿੰਘ, ਬਾਲ ਕਿ ਸ਼ਨ, ਰਾਜ ਕੁਮਾਰ ਬਾਂਸਲ, ਬਲਦੇਵ ਕਿ ਸ਼ਨ ਗੁਪਤਾ, ਨਿਰਮਲ ਸਿੰਘ ਮਾਣਾ, ਰਾਕੇਸ਼ ਕੁਮਾਰ ਆਦਿ ਦੀਆਂ ਵੱਖ ਵੱਖ ਸੇਵਾਵਾਂ ਤਹਿਤ ਸਤੰਬਰ ਮਹੀਨੇ ਵਾਲੇ ਮੈਂਬਰਾਂ ਦਾ ਸਨਮਾਨ ਅਤੇ ਨਵੇਂ ਮੈਂਬਰਾਂ ਨੂੰ ਬੈਜ ਲਗਾ ਕੇ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਸ਼ਹਿਰ ਦੀਆਂ ਵੱਖ ਵੱਖ ਸੰਸਥਾਵਾਂ ਵੱਲੋਂ ਏ ਪੀ ਸਿੰਘ ਬਾਬਾ, ਪੀ ਤਮ ਸਿੰਘ ਜੌਹਲ, ਸੁਰਜੀਤ ਸਿੰਘ, ਬਲਵੰਤ ਸਿੰਘ, ਹਰਬੰਸ ਸਿੰਘ ਕੁਮਾਰ, ਰਾਵਿੰਦਰ ਸਿੰਘ ਗੁੱਡੂ, ਸਤਨਾਮ ਸਿੰਘ ਦਮਦਮੀ, ਕਰਨੈਲ ਸਿੰਘ ਸ਼ੇਖੋਂ, ਬਲਵੰਤ ਸਿੰਘ ਜੋਗਾ, ਹਰਬੰਸ ਕੁਮਾਰ ਜਿੰਦਲ, ਰਾਜਿੰਦਰ ਸਿੰਘ, ਪ੍ਰੋ ਨਰਿਦਰ ਸਿੰਘ, ਚਮਨਦੀਪ ਸਿੰਘ ਮਿਲਖੀ, ਰਾਜਬੀਰ ਸਿੰਘ ਸਿਬੀਆ, ਡੀ ਐਸ ਖੁਰਮੀ, ਪ੍ਰਵੀਨ ਬਾਂਸਲ, ਵਾਸਦੇਵ ਸ਼ਰਮਾ, ਫ਼ਕੀਰ ਚੰਦ, ਮੱਖਣ ਸਿੰਘ, ਬਲਜਿੰਦਰ ਸਿੰਘ, ਡਾ ਸੁਨੀਤਾ ਕੌਸ਼ਲ, ਕਿਰਨ ਭੱਲਾ, ਕੁਲਦੀਪ ਕੌਰ, ਹਰਵਿੰਦਰ ਕੌਰ, ਅਮਨਦੀਪ ਕੌਰ, ਲਾਜ ਦੇਵੀ, ਸ਼ੋਭਾ ਗੁਪਤਾ ਆਦਿ ਵਿਸ਼ੇਸ਼ ਤੌਰ ਤੇ ਹਾਜਰ ਸਨ।

“ਸੰਗਰੂਰ ਜ਼ਿਲ੍ਹੇ ਦੇ ਐਸ.ਸੀ. ਵਿਅਕਤੀ ਦੇ ਅੰਤਿਮ ਸੰਸਕਾਰ ’ਤੇ ਗੰਭੀਰ ਸਵਾਲ–ਪਰਿਵਾਰ ਦੀ ਗੈਰਹਾਜ਼ਰੀ ’ਚ ਸੰਸਕਾਰ ਕਿਵੇਂ ਹੋਇਆ?

ਨਾਭਾ, 2 ਅਕਤੂਬਰ (ਰਾਕੇਸ਼ ਜਿੰਦਲ/ਸ਼ੁਭਮ ਜਿੰਦਲ) : ਭਾਰਤੀ ਜਨਤਾ ਪਾਰਟੀ ਦੇ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਪੰਜਾਬ ਵਿੱਚ ਪੁਲਿਸ ਅਤੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ ’ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕਾਰਜਕਾਲ ਦੌਰਾਨ ਹਾਲ ਹੀ ਵਿੱਚ ਉਨ੍ਹਾਂ ਦੇ ਜ਼ਿਲ੍ਹੇ ਸੰਗਰੂਰ ਵਿੱਚ ਅਨੁਸੂਚਿਤ ਜਾਤੀ ਨਾਲ ਸਬੰਧਤ ਇੱਕ ਵਿਅਕਤੀ ਦੇ ਅੰਤਿਮ ਸੰਸਕਾਰ ਨੂੰ ਲੈ ਕੇ ਗੰਭੀਰ ਦੋਸ਼ ਸਾਹਮਣੇ ਆਏ ਹਨ। ਪਰਿਵਾਰ ਵੱਲੋਂ ਦੋਸ਼ ਲਗਾਇਆ ਗਿਆ ਹੈ ਕਿ ਅੰਤਿਮ ਸੰਸਕਾਰ ਸਮੇਂ ਪਰਿਵਾਰਕ ਮੈਂਬਰ ਮੌਜੂਦ ਨਹੀਂ ਸਨ। ਕੈਂਥ ਨੇ ਕਿਹਾ ਕਿ ਕਿਸੇ ਵੀ ਮ੍ਰਿਤਕ ਦੇ ਸਰੀਰ ਨਾਲ ਸਬੰਧਤ ਕਾਰਵਾਈ ਵਿੱਚ ਕਾਨੂੰਨੀ ਪ੍ਰਕਿਰਿਆ ਦੇ ਨਾਲ ਪਰਿਵਾਰ ਦੀਆਂ ਭਾਵਨਾਵਾਂ, ਧਾਰਮਿਕ ਰੀਤੀ-ਰਿਵਾਜਾਂ ਅਤੇ ਮਨੁੱਖੀ ਮਰਿਆਦਾ ਦਾ ਸਨਮਾਨ ਹੋਣਾ ਲਾਜ਼ਮੀ ਹੈ। ਜੇਕਰ ਜਾਂਚ ਵਿੱਚ ਇਹ ਸਾਬਤ ਹੁੰਦਾ ਹੈ ਕਿ ਪਰਿਵਾਰ ਨੂੰ ਆਪਣੇ ਹੀ ਪਰਿਵਾਰਕ ਮੈਂਬਰ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਤੋਂ ਗੈਰ-ਕਾਨੂੰਨੀ ਤਰੀਕੇ ਨਾਲ ਰੋਕਿਆ ਗਿਆ, ਤਾਂ ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ



ਤੈਅ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ, “ਜੇਕਰ ਕਿਸੇ ਅ ਸ . ਸ ੀ . ਪਰਿਵਾਰ ਨੂੰ ਆ ਪ ਣੇ ਪਰਿਵਾਰਕ ਮੈਂਬਰ ਦੇ ਅੰਤਿਮ ਸੰਸਕਾਰ ਦੇ ਅਧਿਕਾਰ ਤੋਂ ਵਾਂਝਾ ਕੀਤਾ ਗਿਆ ਹੈ, ਤਾਂ

ਨਿਰਪੱਖ ਜਾਂਚ ਕਰਵਾਏ ਮਾਨ ਸਰਕਾਰ : ਕੈਂਥ

ਇਹ ਬੇਹੱਦ ਗੰਭੀਰ ਮਾਮਲਾ ਹੈ। ਸਰਕਾਰ ਨੂੰ ਦੋਸ਼ਾਂ ਦਾ ਸਿਆਸੀ ਬਚਾਅ ਕਰਨ ਦੀ ਬਜਾਏ ਤੱਥ ਸਾਹਮਣੇ ਲਿਆਉਣੇ ਚਾਹੀਦੇ ਹਨ। ਕੈਂਥ ਨੇ ਕਿਹਾ ਕਿ ਪੰਜਾਬ ਪੁਲਿਸ ਅਤੇ ਪ੍ਰਸ਼ਾਸਨ ਦੀ ਕਾਰਵਾਈ ਕਾਨੂੰਨ, ਪਾਰਦਰਸ਼ਤਾ ਅਤੇ ਮਨੁੱਖੀ ਮਰਿਆਦਾ ਦੇ ਸਿਧਾਂਤਾਂ ਅਨੁਸਾਰ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਐਸ.ਸੀ. ਭਾਈਚਾਰੇ ਨਾਲ ਸਬੰਧਤ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਤੋਂ ਵੀ ਇਸ ਮਾਮਲੇ ’ਤੇ ਸਪਸ਼ਟੀਕਰਨ ਦੇਣ ਅਤੇ ਸਰਕਾਰ ਤੋਂ ਤੱਥ ਸਾਹਮਣੇ ਲਿਆਉਣ ਦੀ ਮੰਗ ਕੀਤੀ। ਕੈਂਥ ਨੇ ਰਾਸ਼ਟਰੀ ਅਨੁਸੂਚਿਤ ਜਾਤੀਆਂ ਕਮਿਸ਼ਨ ਅਤੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਤੋਂ ਮਾਮਲੇ ਦਾ ਤੁਰੰਤ ਨੋਟਿਸ ਲੈਣ, ਸਬੰਧਤ ਅਧਿਕਾਰੀਆਂ ਤੋਂ ਰਿਪੋਰਟ ਤਲਬ ਕਰਨ ਅਤੇ ਪਰਿਵਾਰ ਵੱਲੋਂ ਲਗਾਏ ਦੋਸ਼ਾਂ ਦੀ ਸੁਤੰਤਰ ਜਾਂਚ ਕਰਵਾਉਣ ਦੀ ਮੰਗ ਕੀਤੀ। ਕੈਂਥ ਨੇ ਪੰਜਾਬ ਸਰਕਾਰ ਤੋਂ ਮੌਤ, ਪੋਸਟਮਾਰਟਮ, ਮ੍ਰਿਤਕ ਦੇ ਸਰੀਰ ਨੂੰ ਪਰਿਵਾਰ ਦੇ ਹਵਾਲੇ ਕਰਨ ਅਤੇ ਅੰਤਿਮ ਸੰਸਕਾਰ ਨਾਲ ਸਬੰਧਤ ਮਾਮਲਿਆਂ ਲਈ ਸਪਸ਼ਟ ਸਟੈਂਡਰਡ ਓਪਰੇਟਿੰਗ ਪ੍ਰੋਸੀਜਰ ਲਾਗੂ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ, “ਗਰੀਬੀ ਜਾਂ ਅਨੁਸੂਚਿਤ ਜਾਤੀ ਨਾਲ ਸਬੰਧਤ ਹੋਣਾ ਕਿਸੇ ਨਾਗਰਿਕ ਦੇ ਮਨੁੱਖੀ ਅਤੇ ਪਰਿਵਾਰਕ ਅਧਿਕਾਰਾਂ ਨੂੰ ਘੱਟ ਨਹੀਂ ਕਰਦਾ। ਮ੍ਰਿਤਕ ਦੀ ਮਰਿਆਦਾ ਅਤੇ ਪਰਿਵਾਰ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ।

ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ : ਪ੍ਰੋ. ਦਰਸ਼ਨ ਸਿੰਘ ਸੰਧੂ

ਕੋਟਕਪੂਰਾ, 2 ਅਕਤੂਬਰ ਗੁਰਪ੍ਰੀਤ ਸਿੰਘ ਔਲਖ) : ਪ੍ਰੋਫੈਸਰ ਦਰਸ਼ਨ ਸਿੰਘ ਸੰਧੂ ਜਿਨ੍ਹਾਂ ਦਾ ਖੇਡਾਂ ਦੇ ਖੇਤਰ ਵਿਚ ਵੱਡਮੁੱਲਾ ਯੋਗਦਾਨ ਹੈ ਜੋ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਖੇਡਾਂ ਦੇ ਖੇਤਰ ਵਿਚ ਲਾਈਵ ਟਾਈਮ

ਅਚਿਵਮੈਂਟ ਅਵਾਰਡੀ ਪ੍ਰਾਪਤੀ ਹਨ ਇਸ ਤੋਂ ਇਲਾਵਾ ਪੰਜਾਬ ਸਪੋਰਟਸ ਕੌਂਸਲ ਅਤੇ ਪੰਜਾਬ ਸਰਕਾਰ ਵੱਲੋਂ ਮਾਤਾ ਗੁਜਰੀ ਅਵਾਰਡ, ਸ਼ਹੀਦ ਭਗਤ ਸਿੰਘ ਅਵਾਰਡ, ਨਾਲ ਵਿਸ਼ੇਸ਼ ਤੌਰ ਸਨਮਾਨ ਚਿੰਨ੍ਹ ਦੇ ਸਨਮਾਨਿਤ ਕੀਤਾ ਗਿਆ ਹੈ ਉਹਨਾਂ ਨੇ ਕਿਹਾ ਕਿ ਖੇਡਾਂ ਸਾਡੇ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਨਾਲ ਨੌਜਵਾਨਾਂ ਵਿੱਚ ਅਨੁਸ਼ਾਸਨ, ਮਿਹਨਤ, ਸਹਿਣਸ਼ੀਲਤਾ ਅਤੇ ਟੀਮ ਭਾਵਨਾ ਪੈਦਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਲਈ ਖੇਡ ਮੈਦਾਨਾਂ ਨੂੰ ਉਤਸ਼ਾਹਿਤ ਕਰਨਾ ਬਹੁਤ ਜ਼ਰੂਰੀ ਹੈ। ਪਿੰਡਾਂ ਅਤੇ ਸ਼ਹਿਰਾਂ ਵਿੱਚ ਖੇਡਾਂ ਲਈ ਬਿਹਤਰ ਸਹੂਲਤਾਂ, ਮੈਦਾਨ ਅਤੇ ਸਾਜ਼ੋ-ਸਾਮਾਨ ਮੁਹੱਈਆ ਕਰਵਾਉਣ ਦੇ ਨਾਲ-ਨਾਲ ਨੌਜਵਾਨ ਖਿਡਾਰੀਆਂ ਨੂੰ ਉਚਿਤ ਮਾਰਗਦਰਸ਼ਨ ਵੀ ਮਿਲਣਾ ਚਾਹੀਦਾ ਹੈ। ਪ੍ਰੋ. ਸੰਧੂ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਦੇਸ਼ ਨੂੰ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਮਹਾਨ ਖਿਡਾਰੀ ਦਿੱਤੇ ਹਨ। ਜੇਕਰ ਨੌਜਵਾਨਾਂ ਨੂੰ ਸਹੀ ਮੌਕੇ ਅਤੇ ਸਹੂਲਤਾਂ ਮਿਲਣ ਤਾਂ ਉਹ ਖੇਡਾਂ ਦੇ ਖੇਤਰ ਵਿੱਚ ਪੰਜਾਬ ਦਾ ਨਾਮ ਦੁਨੀਆ ਭਰ ਵਿੱਚ ਰੌਸ਼ਨ ਕਰ ਸਕਦੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਕਿਸੇ ਨਾ ਕਿਸੇ ਖੇਡ ਨੂੰ ਜ਼ਰੂਰ ਸ਼ਾਮਲ ਕਰਨ ਅਤੇ ਸਿਹਤਮੰਦ ਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ। ਅਤੇ ਇਸ ਮੌਕੇ ਤੇ ਸਮਾਜ ਸੇਵੀ ਬਿੱਟਾ ਨਰੂਲਾ ਨੇ ਕਿਹਾ ਕਿ ਨੌਜਵਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹੈ ਉਹਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਪ੍ਰੇਰਿਤ ਹੋਣਾ ਚਾਹੀਦਾ ਹੈ ਕਿਉਂ ਕਿ ਦੇਸ਼ ਦਾ ਭਵਿੱਖ ਨੌਜਵਾਨ ਪੀੜ੍ਹੀ ਦੇ ਹੱਥ ਵਿਚ ਹੈ।

ਇੱਕ ਨਜ਼ਰ...

ਸਨੌਰ ਹਲਕੇ ਦੇ ਸੈਕੜੇ ਨੌਜਵਾਨਾਂ ਨੇ ਬਲਜਿੰਦਰ ਢਿੱਲੋਂ ਦੀ ਅਗਵਾਈ ਹੇਠ ਆਪ ਦਾ ਪੱਲਾ ਫੜਿਆ

ਸਨੌਰ/ਪਟਿਆਲਾ, 2 ਅਕਤੂਬਰ (ਰਾਜਿੰਦਰ ਸਿੰਘ ਥਿੰਦ) : ਵਿਧਾਨ ਸਭਾ ਹਲਕਾ ਸਨੌਰ ਤੋਂ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਲੋਕ ਸਭਾ ਹਲਕਾ ਪਟਿਆਲਾ ਲੋਕ ਸਭਾ

ਇੰਚਾਰਜ ਅਤੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਸੈਂਕੜੇ ਨੌਜਵਾਨਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ! ਸਨੌਰ ਦੇ ਢਿੱਲੋਂ ਫਨ ਵਰਲਡ ਵਿਖੇ ਆਯੋਜਿਤ ਇੱਕ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਦਾ ਪੱਲਾ ਫੜਿਆ। ਇਸ ਮੌਕੇ ਯੂਥ ਆਗੂ ਨਵਜੋਤ ਵਿਰਕ ਦੀ ਅਗਵਾਈ ਵਿੱਚ ਹਰਮਨ ਸਿੰਘ, ਮਨਜੋਤ ਸਿੰਘ, ਅਰਸ਼, ਬਲਦੇਵ, ਸੰਜੂ, ਅਨਮੋਲ ਨਿਰਮਾਣ, ਮਨੀ ਗਿੱਲ ਅਤੇ ਖੁਸ਼ ਸਮੇਤ ਸਮੂਹ ਸਾਥੀਆਂ ਵੱਲੋਂ ਕੀਤੀ ਗਈ ਮਿਹਨਤ ਅਤੇ ਯਤਨਾਂ ਸਦਕਾ ਹਲਕਾ ਸਨੌਰ ਦੇ ਪਿੰਡ ਅਸਰਪੁਰ, ਖੁੱਡਾ, ਲਾਲੀਨਾ ਸਮੇਤ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਇਆ ਗਿਆ। ਇਸ ਮੌਕੇ ਨੌਜਵਾਨਾਂ ਨੇ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨਾਲ ਜੁੜ ਕੇ ਸਰਗਰਮੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਅਤੇ ਨੌਜਵਾਨਾ ਨੇ ਵਿਸਵਾਸ ਦਵਾਇਆ ਕਿ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਪੜੇ ਲਿਖੇ ,ਸਮਝਦਾਰ ਅਤੇ ਇਮਾਨਦਾਰ ਵਿਅਕਤੀ ਹਨ ਅਸੀਂ ਹਮੇਸਾ ਢਿੱਲੋਂ ਨ

ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੇ ਜਨਮ ਦਿਹਾੜੇ ਮੌਕੇ ਜਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਵੱਲੋਂ ਸ਼ਰਧਾਂਜਲੀ ਸਮਾਗਮ

ਪਟਿਆਲਾ, 2 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਜਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਵੱਲੋਂ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦਾ ਜਨਮ ਦਿਹਾੜਾ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਮਾਲ ਰੋਡ, ਪਟਿਆਲਾ ਸਥਿਤ ਮਹਾਤਮਾ ਗਾਂਧੀ ਜੀ ਦੇ ਸਮਾਰਕ ਵਿਖੇ ਪਹੁੰਚ ਕੇ ਉਨ੍ਹਾਂ ਨੂੰ ਫੁੱਲ ਮਾਲਾ ਭੇਂਟ ਕੀਤੀ ਗਈ ਅਤੇ ਸ਼ਰਧਾ ਦੇ ਫੁੱਲ ਅਰਪਣ ਕੀਤੇ ਗਏ। ਇਸ ਮੌਕੇ ਜਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਸ੍ਰੀ ਨਰੇਸ਼ ਕੁਮਾਰ ਦੁੱਗਲ ਦੀ ਅਗਵਾਈ ਹੇਠ ਸਮੁੱਚੀ ਕਾਂਗਰਸ ਟੀਮ ਵੱਲੋਂ ਮਹਾਤਮਾ ਗਾਂਧੀ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ ਜੀ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਮਹਾਤਮਾ ਗਾਂਧੀ ਜੀ ਦੇ ਸੱਚ, ਅਹਿੰਸਾ ਅਤੇ ਸਾਂਝੀਵਾਲਤਾ ਦੇ ਸਿਧਾਂਤਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੰਕਲਪ ਲਿਆ ਗਿਆ। ਇਸ ਮੌਕੇ ਕਾਂਗਰਸ ਪਾਰਟੀ ਦੇ ਆਗੂਆਂ, ਜਿਲ੍ਹਾ ਅਤੇ ਬਲਾਕ ਕਾਂਗਰਸ ਕਮੇਟੀਆਂ ਦੇ ਅਹੁਦੇਦਾਰਾਂ, ਮਹਿਲਾ ਕਾਂਗਰਸ, ਯੂਥ ਕਾਂਗਰਸ, ਮੰਡਲ ਅਤੇ ਬੂਥ ਕਮੇਟੀਆਂ, ਸੇਵਾ ਦਲ, ਐੱਸ.ਸੀ./ਬੀ.ਸੀ. ਸੈੱਲ, ਘੱਟ ਗਿਣਤੀ ਸੈੱਲ, ਐਕਸ-ਸਰਵਿਸਮੈਨ ਸੈੱਲ, ਇੰਟਕ ਦੇ ਅਹੁਦੇਦਾਰਾਂ ਸਮੇਤ ਮੌਜੂਦਾ ਤੇ ਸਾਬਕਾ ਕੌਂਸਲਰ, ਜ਼ਿਲ੍ਹਾ ਪਰਿਸ਼ਦ ਦੇ ਸਾਬਕਾ ਚੇਅਰਮੈਨ ਤੇ ਮੈਂਬਰ, ਮੌਜੂਦਾ ਤੇ ਸਾਬਕਾ ਪੰਚ-ਸਰਪੰਚ ਅਤੇ ਕਾਂਗਰਸ ਦੇ ਸਮੂਹ ਵਰਕਰਾਂ ਤੋਂ ਇਲਾਵਾ ਹਰਵਿੰਦਰ ਸਿੰਘ ਨਿੱਪੀ, ਗੁਰਿਦਰ ਸਿੰਘ ਢਿੱਲੋਂ, ਰਜਿਸ਼ ਮੰਡੋਰਾ, ਹਰਵਿੰਦਰ ਸ਼ੁਕਲਾ, ਕੇ.ਕੇ. ਸਹਿਗਲ, ਅਰਜਿੰਦਰ ਸਿੰਘ ਉੱਚੀ, ਐਡਵੋਕੇਟ ਨਰਿੰਦਰ ਕਪੂਰ, ਐਡਵੋਕੇਟ ਬਰਿੰਦਰ ਦੀਵਾਨ, ਐਡਵੋਕੇਟ ਸ਼ਰਨਜੀਤ ਰਾਂਝਾ, ਐਡਵੋਕੇਟ ਜਤਿੰਦਰ ਕਾਲਰਾ, ਮਾਸਟਰ ਨਿਰੰਜਨ ਦਾਸ, ਮਦਨ ਲਾਲ ਭਾਂਬਰੀ, ਦਲਜੀਤ ਚਹਿਲ, ਅਮਰਜੀਤ ਘੱਗਾ, ਨਰਿੰਦਰ ਸਿੰਘ ਸੰਧੂ, ਕੁਲਵੰਤ ਸਿੰਘ ਨਾਰੀਕੇ, ਹਰੀਸ਼ ਚੱਡਾ, ਰਤਨਜੀਤ ਜਾਲਾ, ਰੇਖਾ ਅਗਰਵਾਲ, ਦਰਵਿੰਦਰ ਕੌਰ ਗੱਘਾ,ਰਜਨੀ ਵਿਡਲਾਨ, ਰੇਨੂ ਯਾਦਵ, ਗੁਰਮੀਤ ਕੌਰ, ਹਰਬੰਸ ਕੌਰ, ਬਿਮਲਾ ਸਕਸੈਨਾ, ਸੁਖਦੇਵ ਮਹਿਤਾ, ਰਜੇਸ਼ ਬੱਗਣ, ਰਕੇਸ਼ ਸ਼ਰਮਾ ਕੇਸੀ, ਅਸ਼ੋਕ ਸ਼ਰਮਾ, ਗੌਤਮ ਸਲੂਜਾ ਅਤੇ ਦੀਪ ਟੰਡਨ (ਦੋਵੇਂ ਮੀਡੀਆ ਇੰਚਾਰਜ), ਮਹਿੰਦਰ ਸਿੰਘ ਬਡੂੰਗਰ, ਵਿਨੋਦ ਮਲੋਤਰਾ, ਅਮਰਜੀਤ ਸਹੋਤਾ, ਵਰਨ ਗਰਗ, ਸੰਜੂ ਕੇਸ਼ਵ, ਵਿਨੋਦ ਕੁਮਾਰ ਨੀਲੂ, ਬਲਕਾਰ ਸਿੰਘ ਥਿੰਦ, ਰਾਮ ਚੰਦਰ ਟਾਂਕ, ਜਸਪ੍ਰੀਤ ਨਿਰਮਾਣ, ਜਸਵਿੰਦਰ ਸਿੰਘ ਮਾਂਗਟ, ਅਮਨ ਸਿੰਘ, ਅਵਤਾਰ ਸਿੰਘ, ਕਰਮ ਸਿੰਘ, ਕਿਰਪਾਲ ਕੌਰ, ਦਰਸ਼ਨ ਸਿੰਘ,ਜਗਿੰਦਰ ਪਾਲ ਸਿੰਘ, ਪਵਨ ਜੈਨ, ਹਰਿਦਰ ਸ਼ਰਮਾ (ਇੰਟਕ), ਸੰਜੀਵ ਸ਼ਰਮਾ ਰਾਏਪੁਰ, ਰਣਵੀਰ ਸਿੰਘ ਰਾਣਾ,ਪਰਮਜੀਤ ਚੌਹਾਨ,ਕੁਲਦੀਪ ਸ਼ਰਮਾ, ਖੁਸ਼ਹਾਲ ਸਿੰਘ, ਜੋਗਿੰਦਰ ਪਾਲ ਸਿੰਘ, ਅਮਨ ਸਰਸਵਾਲ, ਬਬਲੀ ਮਿਸਤਰੀ, ਮੋਹਨ ਸ਼ਰਮਾ, ਕੁਲਦੀਪ ਸ਼ਰਮਾ, ਇੰਦਰਜੀਤ, ਬਲਦੇਵ ਸਿੰਘ ਸੂਲਰ, ਸੀ ਪੀ ਵਰਮਾ,ਸੰਨੀ ਪਵਾਰ ਅਤੇ ਦਲਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ।

ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸੋਧ ਦਾ ਨੋਟਿਸ ਪੜਾਅ ਸੰਗਰੂਰ ਦੇ ਪੰਜੇ ਵਿਧਾਨ ਸਭਾ ਹਲਕਿਆਂ ਵਿੱਚ 100 ਫ਼ੀਸਦੀ ਮੁਕੰਮਲ: ਪੁਨਮਦੀਪ ਕੌਰ

ਸੰਗਰੂਰ, 2 ਅਕਤੂਬਰ: (ਜਸਪਾਲ ਸਿੰਘ ਸਰਾਓ)–ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸੋਧ (ਸਪੈਸ਼ਲ ਇੰਟੈਂਸਿਵ ਰਿਵੀਜ਼ਨ–ਐੱਸ.ਆਈ.ਆਰ.)–2026 ਦੇ ਤੀਜੇ ਪੜਾਅ ਤਹਿਤ ਨੋਟਿਸਾਂ ਨਾਲ ਸਬੰਧਤ ਕਾਰਵਾਈ ਜ਼ਿਲ੍ਹਾ ਸੰਗਰੂਰ ਦੇ ਪੰਜੇ ਵਿਧਾਨ ਸਭਾ ਚੋਣ ਹਲਕਿਆਂ ਵਿੱਚ 100 ਫ਼ੀਸਦੀ ਮੁਕੰਮਲ ਕਰ ਲਈ ਗਈ ਹੈ। ਇਸ ਪ੍ਰਾਪਤੀ ਨਾਲ ਸੰਗਰੂਰ ਸੂਬੇ ਦੇ ਉਨ੍ਹਾਂ ਅੱਠ ਜ਼ਿਲ੍ਹਿਆਂ ਵਿੱਚ ਸ਼ਾਮਲ ਹੋ ਗਿਆ ਹੈ, ਜਿਨ੍ਹਾਂ ਨੇ ਇਹ ਕਾਰਵਾਈ ਪੂਰੀ ਕਰ ਲਈ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਿਆਂ 099-ਲਹਿਰਾ, 100-ਦਿੜ੍ਹਬਾ, 101-ਸੁਨਾਮ, 107-ਧੂਰੀ ਅਤੇ 108-ਸੰਗਰੂਰ ਵਿੱਚ ਨੋਟਿਸ ਪੜਾਅ ਦੀ ਪ੍ਰਕਿਰਿਆ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨਿਰਧਾਰਿਤ ਸਮੇਂ ਤੋਂ ਪਹਿਲਾਂ ਮੁਕੰਮਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਵੋਟਰਾਂ, ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ, ਬੂਥ ਲੈਵਲ ਅਫ਼ਸਰਾਂ ਅਤੇ ਸਮੁੱਚੀ ਚੋਣ ਮਸ਼ੀਨਰੀ ਦੇ ਸਰਗਰਮ ਤੇ ਸਕਾਰਾਤਮਕ ਸਹਿਯੋਗ ਸਦਕਾ ਸੰਭਵ ਹੋਈ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰਾਂ ਦੀ ਸਹਾਇਤਾ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਤੇ ਸ਼ੰਕਿਆਂ ਦੇ ਹੱਲ ਲਈ ਜ਼ਿਲ੍ਹਾ ਚੋਣ ਦਫ਼ਤਰ ਵਿੱਚ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ।

ਜ਼ਿਲ੍ਹੇ 'ਚ ਵੋਟਰ ਸੂਚੀਆਂ ਦੀ ਐਸਆਈਆਰ ਦਾ 99 ਫ਼ੀਸਦੀ ਤੋਂ ਵੱਧ ਕੰਮ ਮੁਕੰਮਲ- ਡੀਸੀ

ਫ਼ਤਹਿਗੜ੍ਹ ਸਾਹਿਬ, 2 ਅਕਤੂਬਰ (ਅਭਿਸ਼ੇਕ ਮਲਹੋਤਰਾ)–ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ 99 ਫੀਸਦੀ ਤੋਂ ਵੱਧ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਦੇ ਤਿੰਨਾਂ ਵਿਧਾਨ ਸਭਾ ਹਲਕਿਆਂ ਵਿੱਚ ਐਸ.ਆਈ.ਆਰ.-2026 ਤਹਿਤ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਲਗਭਗ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨਾਲ ਜੁੜੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਇਸ ਕੰਮ ਨੂੰ ਸੁਚੱਜੇ ਅਤੇ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਫ਼ਤਹਿਗੜ੍ਹ ਸਾਹਿਬ ਵੱਲੋਂ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਕੰਪਲੈਕਸ, ਫ਼ਤਹਿਗੜ੍ਹ ਸਾਹਿਬ ਵਿਖੇ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਜ਼ਿਲੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੂਥ ਲੈਵਲ ਅਫ਼ਸਰਾਂ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਜਿੱਥੇ ਵੀ ਲੋੜ ਹੋਵੇ, ਲੋੜੀਂਦੇ ਦਸਤਾਵੇਜ਼ ਅਤੇ ਜਾਣਕਾਰੀ ਮੁਹੱਈਆ ਕਰਵਾਉਣ, ਤਾਂ ਜੋ ਐਸ.ਆਈ.ਆਰ. ਦੀ ਪ੍ਰਕਿਰਿਆ ਨੂੰ ਸਮੇਂ ਸਿਰ ਅਤੇ ਸੁਚਾਰੂ ਢੰਗ ਨਾਲ ਮੁਕੰਮਲ ਕੀਤਾ ਜਾ ਸਕੇ।

ਬਰਨਾਲਾ ਦੇ ਸਰਕਾਰੀ ਸਕੂਲਾਂ 'ਚ ਸੀਪੀਆਰ ਤੇ ਫਾਇਰ ਫਾਈਟਿੰਗ ਟ੍ਰੇਨਿੰਗ ਸੰਪੰਨ

ਬਰਨਾਲਾ, 1 ਅਕਤੂਬਰ (ਅਵਤਾਰ ਸਿੰਘ ਫਰਵਾਹੀ)–ਡਿਪਟੀ ਕਮਿਸ਼ਨਰ-ਕਮ-ਕੰਟਰੋਲਰ ਆਫ਼ ਸਿਵਲ ਡਿਫੈਂਸ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ (ਆਈ.ਏ.ਐੱਸ.) ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸ਼ਹਿਰ ਦੇ ਤਿੰਨ ਪ੍ਰਮੁੱਖ ਸਰਕਾਰੀ ਸਕੂਲਾਂ ਵਿੱਚ ਚੱਲ ਰਿਹਾ ਸੀਪੀਆਰ ਅਤੇ ਫਾਇਰ ਫਾਈਟਿੰਗ ਦਾ ਟ੍ਰੇਨਿੰਗ ਸੈਸ਼ਨ ਅੱਜ ਸਫ਼ਲਤਾਪੂਰਵਕ ਸੰਪੰਨ ਹੋਇਆ। ਸਿਵਲ ਡਿਫੈਂਸ ਬਰਨਾਲਾ ਦੇ ਚੀਫ ਵਾਰਡਨ ਮਹਿੰਦਰ ਕਪਿਲ ਅਤੇ ਡਿਪਟੀ ਚੀਫ਼ ਵਾਰਡਨ ਚਰਨਜੀਤ ਕੁਮਾਰ ਮਿੱਤਲ ਦੀ ਅਗਵਾਈ ਹੇਠ ਸਿਵਲ ਡਿਫੈਂਸ ਦੇ ਵਲੰਟੀਅਰਾਂ ਅਤੇ ਫਾਇਰ ਸਟੇਸ਼ਨ ਦੇ ਮਾਹਿਰਾਂ ਵੱਲੋਂ ਇਹ ਸਿਖਲਾਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ), ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਐਮੀਨੈਂਸ, ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧੂਪੱਤੀ ਵਿਖੇ ਕਰਵਾਈ ਗਈ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧੂਪੱਤੀ ਵਿਖੇ ਆਖ਼ਰੀ ਕੈਂਪ ਲੱਗਣ ਦੇ ਨਾਲ ਹੀ ਇਹ ਮੁਹਿੰਮ ਮੁਕੰਮਲ ਹੋਈ।ਇਸ ਟ੍ਰੇਨਿੰਗ ਵਿੱਚ 10ਵੀਂ ਤੋਂ 12ਵੀਂ ਜਮਾਤ ਦੇ ਕਰੀਬ 800 ਵਿਦਿਆਰਥੀਆਂ ਨੇ ਹਿੱਸਾ ਲਿਆ। ਸਿਖਲਾਈ ਦਾ ਮੁੱਖ ਉਦੇਸ਼ ਬੱਚਿਆਂ ਨੂੰ ਐਮਰਜੈਂਸੀ ਵਿੱਚ ਸੀਪੀਆਰ ਦੇਣ ਦੇ ਤਰੀਕੇ ਅਤੇ ਖਾਸ ਕਰਕੇ ਰਸੋਈ ਘਰਾਂ ਜਾਂ ਹੋਰ ਥਾਂਵਾਂ 'ਤੇ ਅੱਗ ਲੱਗਣ ਦੀ ਸਥਿਤੀ ਵਿੱਚ ਘਬਰਾਉਣ ਦੀ ਬਜਾਏ ਬਚਾਅ ਕਰਨ ਬਾਰੇ ਜਾਗਰੂਕ ਕਰਨਾ ਸੀ। ਨਗਰ ਦੇ ਸਕੂਲਾਂ ਵਿੱਚ ਕਰਵਾਈ ਗਈ ਇਸ ਅਹਿਮ ਟ ਰੇਨਿੰਗ ਲਈ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ (ਆਈ.ਏ.ਐੱਸ.), ਜ਼ਿਲ੍ਹਾ ਸਿੱਖਿਆ ਅਫ਼ਸਰ ਬਰਜਿੰਦਰ ਪਾਲ ਸਿੰਘ, ਇੰਡੀਅਨ ਰੈੱਡ ਕਰਾਸ ਸੋਸਾਇਟੀ ਬਰਨਾਲਾ ਦੇ ਸਕੱਤਰ ਸਰਵਨ ਸਿੰਘ, ਨੈਸ਼ਨਲ ਅਵਾਰਡੀ ਪੰਕਜ ਕੁਮਾਰ, ਅਤੇ ਸਕੂਲਾਂ ਦੇ ਪ੍ਰਿੰਸੀਪਲਾਂ–ਵਿਨਸੀ ਜਿੰਦਲ, ਹਰੀਸ਼ ਬਾਂਸਲ ਅਤੇ ਰਾਜੇਸ਼ ਕੁਮਾਰ ਨੇ ਸਿਵਲ ਡਿਫੈਂਸ ਵਲੰਟੀਅਰਾਂ ਅਤੇ ਫਾਇਰ ਵਿਭਾਗ ਵੱਲੋਂ ਦਿੱਤੀਆਂ ਗਈਆਂ ਨਿਸ਼ਕਾਮ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ।

ਇੱਕ ਸਾਲ ਵਿੱਚ 6142 ਐਮਰਜੈਂਸੀ ਮਾਮਲੇ: ਰੋਪੜ ਵਿੱਚ 108 ਐਂਬੂਲੈਂਸ ਸੇਵਾ ਨੇ ਪਹੁੰਚਾਈ ਤੁਰੰਤ ਸਹਾਇਤਾ

ਰੂਪਨਗਰ 2 ਅਕਤੂਬਰ 2026 ਨਵੀਨ ਦਰਦੀ – ਐਮਰਜੈਂਸੀ ਦੀ ਸਥਿਤੀ ਵਿੱਚ ਹਰ ਮਿੰਟ ਮਹੱਤਵਪੂਰਨ ਹੁੰਦਾ ਹੈ। ਪਿਛਲੇ ਇੱਕ ਸਾਲ ਦੌਰਾਨ ਰੋਪੜ ਜ਼ਿਲ੍ਹੇ ਵਿੱਚ 108 ਐਂਬੂਲੈਂਸ ਸੇਵਾ ਨੇ 6142 ਐਮਰਜੈਂਸੀ ਮਾਮਲਿਆਂ ਵਿੱਚ ਸਹਾਇਤਾ ਪ੍ਰਦਾਨ ਕੀਤੀ, ਜਿਸ ਵਿੱਚ ਮੈਡੀਕਲ ਐਮਰਜੈਂਸੀ, ਗਰਭ ਅਵਸਥਾ ਨਾਲ ਸਬੰਧਤ ਐਮਰਜੈਂਸੀ, ਦਿਲ ਦੀਆਂ ਐਮਰਜੈਂਸੀਆਂ, ਸੜਕ ਹਾਦਸੇ ਅਤੇ ਹੋਰ ਐਮਰਜੈਂਸੀ ਮਾਮਲੇ ਸ਼ਾਮਲ ਰਹੇ। ਅੰਕੜਿਆਂ ਅਨੁਸਾਰ, ਸਾਲ ਦੌਰਾਨ 2449 ਮੈਡੀਕਲ ਐਮਰਜੈਂਸੀ ਦੇ ਮਾਮਲੇ ਸਭ ਤੋਂ ਵੱਧ ਰਹੇ। ਗਰਭ ਅਵਸਥਾ ਨਾਲ ਸਬੰਧਤ ਐਮਰਜੈਂਸੀ ਮਾਮਲਿਆਂ ਵਿੱਚ ਵੀ 108 ਐਂਬੂਲੈਂਸ ਸੇਵਾ ਵੱਲੋਂ ਸਹਾਇਤਾ ਪ੍ਰਦਾਨ ਕੀਤੀ ਗਈ। ਸਤੰਬਰ 2025 ਤੋਂ ਅਗਸਤ 2026 ਤੱਕ 108 ਐਂਬੂਲੈਂਸ ਵਿੱਚ 3 ਜਣੇਪੇ ਹੋਏ। 108 ਐਂਬੂਲੈਂਸ ਪ੍ਰੋਜੈਕਟ ਦੇ ਮੁਖੀ ਮਨੀਸ਼ ਬੱਤਰਾ ਨੇ ਕਿਹਾ, "ਐਮਰਜੈਂਸੀ ਦੇ ਸਮੇਂ ਹਰ ਪਲ ਕੀਮਤੀ ਹੁੰਦਾ ਹੈ। ਮੈਡੀਕਲ ਐਮਰਜੈਂਸੀ, ਗਰਭ ਅਵਸਥਾ ਨਾਲ ਸਬੰਧਤ ਮਾਮਲਿਆਂ, ਦਿਲ ਦੀਆਂ ਐਮਰਜੈਂਸੀਆਂ ਅਤੇ ਸੜਕ ਹਾਦਸਿਆਂ ਤੋਂ ਲੈ ਕੇ ਹੋਰ ਐਮਰਜੈਂਸੀ ਸਥਿਤੀਆਂ ਤੱਕ, ਸਤੰਬਰ 2025 ਤੋਂ ਅਗਸਤ 2026 ਤੱਕ 108 ਐਂਬੂਲੈਂਸ ਸੇਵਾ ਨੇ 6142 ਮਾਮਲਿਆਂ ਵਿੱਚ ਸਹਾਇਤਾ ਪ੍ਰਦਾਨ ਕੀਤੀ।



ਸਿੱਖ ਰਾਜਪੂਤ ਭਾਈਚਾਰੇ ਦੇ ਯੂਥ ਵਿੰਗ ਪ੍ਰਧਾਨ ਅਜੀਤ ਸਿੰਘ ਪਵਾਰ ਵੱਲੋਂ ਵੱਖ-ਵੱਖ ਪਿੰਡਾਂ 'ਚ' ਕੀਤੀਆਂ ਮੀਟਿੰਗਾਂ

ਲੁਧਿਆਣਾ 2 ਅਕਤੂਬਰ, ਸਰਬਜੀਤ ਸੂਡ਼ੀ– ਸਿੱਖ ਰਾਜਪੂਤ ਭਾਈਚਾਰੇ ਵੱਲੋਂ ਆਉਣ ਵਾਲੀਆਂ ਚੋਣਾਂ ਨੂੰ ਮੁੱਖ ਰੱਖਦਿਆਂ ਵੱਖ-ਵੱਖ ਪਿੰਡਾਂ ਵਿੱਚ ਅਹਿਮ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਸਿੱਖ ਰਾਜਪੂਤ ਭਾਈਚਾਰੇ ਯੂਥ ਵਿੰਗ ਦੇ ਪ੍ਰਧਾਨ ਅਜੀਤ ਸਿੰਘ ਪਵਾਰ ਵੱਲੋਂ ਪਿੰਡ ਖਰਾਜਪੁਰਾ ਵਿਖੇ ਗੁਰਵਿੰਦਰ ਸਿੰਘ ਬੱਬੂ ਦੇ ਨਿਵਾਸ 'ਤੇ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਯੂਥ ਵਿੰਗ ਦੇ ਪ੍ਰਧਾਨ ਅਜੀਤ ਸਿੰਘ ਪਵਾਰ ਅਤੇ ਚੇਅਰਮੈਨ ਨਰਿੰਦਰ ਸਿੰਘ ਨਿੰਦਾ ਬਪਰੌਰ ਨੇ ਭਾਈਚਾਰੇ ਦੇ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਵਿੱਚ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਰਾਜਪੂਤ ਭਾਈਚਾਰੇ ਦੇ ਆਗੂਆਂ ਤੇ ਵਰਕਰਾਂ ਨੂੰ ਜਾਗਰੂਕ ਕੀਤਾ। ਮੀਟਿੰਗ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਅਤੇ ਆਗੂ ਹਾਜ਼ਰ ਸਨ, ਜਿਨ੍ਹਾਂ ਵਿੱਚ ਸਰਦਾਰ ਨਿਸ਼ਾਨ ਸਿੰਘ ਖਰਾਜਪੁਰ, ਸੁਖਦੇਵ ਸਿੰਘ ਮਿੰਟੂ, ਸੰਤੋਖ ਸਿੰਘ ਬਾਵਾ, ਸਰਪੰਚ ਸਰਜੀਤ ਸਿੰਘ ਬੱਗਾ, ਪ੍ਰਨਾਮ ਸਿੰਘ, ਨਾਜਰ ਸਿੰਘ ਸੂਰੇ, ਸਰਪੰਚ ਬਲਵਿੰਦਰ ਸਿੰਘ ਨੰਪਰਾ, ਗੁਰਦਿੱਤ ਸਿੰਘ ਜੀ ਬੱਗਾ ਖਰਾਜਪੁਰ, ਸਰਪੰਚ ਲਖਵਿੰਦਰ ਸਿੰਘ ਲੱਖਾ, ਹਰਵਿੰਦਰ ਸਿੰਘ ਨਨਹੇੜਾ, ਦਵਿੰਦਰ ਸਿੰਘ ਅਲੀ ਮਾਜਰਾ, ਲੰਬੜਦਾਰ ਅਲੀ ਮਾਜਰਾ, ਕੁਲਵਿੰਦਰ ਸਿੰਘ ਰਠੌੜ ਲੁਧਿਆਣਾ ਵੱਖ-ਵੱਖ ਗੁਰੂ ਘਰਾਂ ਦੇ ਪ੍ਰਧਾਨ ਅਤੇ ਇਲਾਕੇ ਦੇ ਹੋਰ ਪਤਵੰਤੇ ਸੱਜਣ ਵੱਡੀ ਗਿਣਤੀ 'ਚ ਸ਼ਾਮਲ ਹੋਏ।

ਹਡਾਣਾ ਨੇ ਮੰਡੀ ਭੁਨਰਹੇੜੀ ਵਿਖੇ ਝੋਨੇ ਦੀ ਖ਼ਰੀਦ ਦਾ ਕੀਤਾ ਉਦਘਾਟਨ

ਕਿਸਾਨਾਂ, ਆੜ੍ਹਤੀਆਂ ਤੇ ਰਾਈਸ ਮਿੱਲਰਾਂ ਨਾਲ ਕੀਤੀ ਮੁਲਾਕਾਤ

ਭੁੰਨਰਹੇੜੀ /ਸਨੌਰ 2 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਮਾਨ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਚੁੱਕਣ ਦੇ ਵਾਅਦੇ ਤਹਿਤ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਦਾਣਾ ਮੰਡੀ ਭੁਨਰਹੇੜੀ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਦੀ ਰਸਮੀ ਸ਼ੁਰੂਆਤ ਕਰਵਾਈ। ਇਸ ਦੌਰਾਨ ਉਨ੍ਹਾਂ ਆੜ੍ਹਤੀ ਐਸੋਸੀਏਸ਼

ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥਕ ਮਾਰਚ ਵਿੱਚ ਸ਼ਾਮਲ ਹੋਣ ਲਈ ਡੱਲਾ ਦੀ ਅਗਵਾਈ ਹੇਠ ਜਗਰਾਉਂ ਤੋਂ ਜੱਥਾ ਰਵਾਨਾ

ਜਗਰਾਉਂ, 2 ਅਕਤੂਬਰ (ਜਗਦੀਪ ਸਿੰਘ): ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਵੱਖ-ਵੱਖ ਸਿੱਖ ਜਥੇਬੰਦੀਆਂ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਸ਼ੁਰੂ ਕੀਤੇ ਗਏ ਪੰਥਕ ਮਾਰਚ ਵਿੱਚ ਸ਼ਾਮਲ ਹੋਣ ਲਈ ਜਗਰਾਉਂ ਹਲਕੇ ਤੋਂ ਪੰਥਕ ਅਕਾਲੀ ਦਲ ਦੇ ਹਲਕਾ ਇੰਚਾਰਜ ਭਾਈ ਕੁਲਦੀਪ ਸਿੰਘ ਡੱਲਾ ਦੀ ਅਗਵਾਈ ਹੇਠ ਸੰਗਤਾਂ ਦਾ ਵੱਡਾ ਜੱਥਾ ਸ੍ਰੀ ਫਤਿਹਗੜ੍ਹ ਸਾਹਿਬ ਲਈ ਰਵਾਨਾ ਹੋਇਆ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਦੀ ਅਗਵਾਈ ਹੇਠ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਵਿਸ਼ਾਲ ਪੰਥਕ ਮਾਰਚ ਦਾ ਆਰੰਭ ਕੀਤਾ ਗਿਆ। ਮਾਰਚ ਦੀ ਸ਼ੁਰੂਆਤ ਤੋਂ ਪਹਿਲਾਂ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਅਰਦਾਸ ਬੇਨਤੀ ਕੀਤੀ ਗਈ, ਜਿਸ ਉਪਰੰਤ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਮਾਰਚ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਪੰਥਕ ਅਕਾਲੀ ਦਲ ਦੇ ਜਗਰਾਉਂ ਹਲਕਾ ਇੰਚਾਰਜ ਭਾਈ ਕੁਲਦੀਪ ਸਿੰਘ ਡੱਲਾ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਲੰਮੇ ਸਮੇਂ ਤੋਂ ਸਿੱਖ ਪੰਥ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜਿਹੜੇ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਦੀ ਰਿਹਾਈ ਲਈ ਪੰਥਕ ਪੱਧਰ 'ਤੇ ਆਵਾਜ਼ ਬੁਲੰਦ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਸੰਗਤਾਂ ਨੂੰ ਇਸ ਪੰਥਕ ਮਾਰਚ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਜਥੇਦਾਰ ਦਲੀਪ ਸਿੰਘ ਚਕਰ, ਆਲ ਇੰਡੀਆ ਕਨਵੀਨਰ ਪੰਥਕ ਅਕਾਲੀ ਦਲ, ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਸਿਰਫ਼ ਕੁਝ ਵਿਅਕਤੀਆਂ ਨਾਲ ਸਬੰਧਤ ਨਹੀਂ, ਸਗੋਂ ਸਿੱਖ ਕੌਮ ਦੀਆਂ ਭਾਵਨਾਵਾਂ ਅਤੇ ਹੱਕਾਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੰਦੀ ਸਿੰਘਾਂ ਨੇ ਆਪਣੀਆਂ ਕਾਨੂੰਨੀ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਉਨ੍ਹਾਂ ਨੂੰ ਲੰਮਾ ਸਮਾਂ ਜੇਲ੍ਹਾਂ ਵਿੱਚ ਰੱਖੇ ਜਾਣ ਦੇ ਮੁੱਦੇ 'ਤੇ ਸਰਕਾਰਾਂ ਨੂੰ ਸਪੱਸ਼ਟ ਨੀਤੀ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਥਕ ਮਾਰਚ ਦਾ ਮਕਸਦ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਸ਼ਾਂਤਮਈ ਅਤੇ ਲੋਕਤੰਤਰਿਕ ਢੰਗ ਨਾਲ ਸਰਕਾਰਾਂ ਤੱਕ ਪਹੁੰਚਾਉਣਾ ਹੈ। ਜਗਰਾਉਂ ਹਲਕਾ ਇੰਚਾਰਜ ਪੰਥਕ ਅਕਾਲੀ ਦਲ ਕੁਲਦੀਪ ਸਿੰਘ ਡੱਲਾ ਨੇ ਕਿਹਾ ਕਿ ਪੰਥਕ ਮਸਲਿਆਂ ਲਈ ਸੰਗਤਾਂ ਦੀ ਇਕਜੁੱਟਤਾ ਮਹੱਤਵਪੂਰਨ ਹੈ ਅਤੇ ਇਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਦੀ ਸ਼ਮੂਲੀਅਤ ਪੰਥਕ ਮਸਲਿਆਂ ਪ੍ਰਤੀ ਜਾਗਰੂਕਤਾ ਨੂੰ ਦਰਸਾਉਂਦੀ ਹੈ। ਇਸ ਮੌਕੇ ਜਗਰਾਉਂ ਹਲਕੇ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਤੋਂ ਇਲਾਵਾ ਪੰਥਕ ਅਕਾਲੀ ਦਲ ਦੇ ਜ਼ਿਲਾ ਦਿਹਾਤੀ ਪ੍ਰਧਾਨ ਹਰਕ੍ਰਿਸ਼ਨ ਸਿੰਘ ਕੋਠੇ ਜੀਵਾ, ਸੰਤ ਬਾਬਾ ਬੱਗਾ ਸਿੰਘ ਨਾਨਕਸਰ ਕੁਟੀਆ ਵਿਰਕ, ਜਗਪਾਲ ਸਿੰਘ, ਪਲਕਦੀਪ, ਸਰਬਜੀਤ ਸਿੰਘ ਚਕਰ, ਗੁਰਪ੍ਰੀਤ ਸਿੰਘ ਗੋਪੀ ਚਕਰ, ਸੁਖਵਿੰਦਰ ਸਿੰਘ ਚਕਰ, ਏਕਮ ਸਿੰਘ ਸਿੱਧਵਾਂ ਬੇਟ, ਪਵਨਦੀਪ ਸਿੰਘ, ਲਵਪ੍ਰੀਤ ਸਿੰਘ ਕੋਟਮਾਨਾ, ਲਵਪ੍ਰੀਤ ਢੁੱਡੀਕੇ, ਅੰਮ੍ਰਿਤ ਪਾਲ ਸਿੰਘ ਚਕਰ , ਰਾਜ ਗਗੜਾ ਤੋਂ ਇਲਾਵਾ ਆਗੂ, ਅਹੁਦੇਦਾਰ ਅਤੇ ਵਰਕਰ ਵੀ ਹਾਜ਼ਰ ਸਨ।

ਏਸ਼ੀਅਨ ਖੇਡਾਂ 'ਚ ਗੁਰਿੰਦਰਵੀਰ ਸਿੰਘ ਨੇ ਜਿੱਤਿਆ ਕਾਂਸੀ ਦਾ ਤਮਗਾ, ਆਦਮਪੁਰ ਏਅਰਪੋਰਟ 'ਤੇ ਹੋਇਆ ਭਰਵਾਂ ਸਵਾਗਤ

ਜਲੰਧਰ (ਕੰਵਲਜੀਤ ਸਿੰਘ ਮੱਕੜ ਤੇ ਜੇ ਐਸ ਸੰਧੂ) ਏਸ਼ੀਅਨ ਖੇਡਾਂ ਵਿੱਚ ਭਾਰਤ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਹੁਣ ਤੱਕ 15 ਸੋਨੇ ਦੇ ਤਮਗੇ ਜਿੱਤਣ ਦੇ ਨਾਲ ਭਾਰਤ ਮੈਡਲ ਟੈਲੀ ਵਿੱਚ 5ਵੇਂ ਸਥਾਨ 'ਤੇ ਪਹੁੰਚ ਗਿਆ ਹੈ। ਇਸੇ ਦੌਰਾਨ ਜਲੰਧਰ ਜ਼ਿਲ੍ਹੇ ਦੇ ਭੋਗਪੁਰ ਨਾਲ ਸਬੰਧਤ ਅਤੇ ਪਿੰਡ ਪਤੀ ਆਲ ਦੇ ਰਹਿਣ ਵਾਲੇ ਨਾਮਵਰ ਐਥਲੀਟ ਗੁਰਿੰਦਰਵੀਰ ਸਿੰਘ ਨੇ ਏਸ਼ੀਆਈ ਖੇਡਾਂ ਵਿੱਚ 100 ਮੀਟਰ ਮਿਕਸਡ ਰਿਲੇਅ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਭਾਰਤ ਲਈ ਕਾਂਸੀ ਦਾ ਤਮਗਾ ਜਿੱਤ ਕੇ ਪੰਜਾਬ ਅਤੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਗੁਰਿੰਦਰਵੀਰ ਸਿੰਘ ਦੇ ਏਸ਼ੀਆਈ ਖੇਡਾਂ ਵਿੱਚ ਕਾਂਸੀ ਦਾ ਤਮਗਾ ਜਿੱਤ ਕੇ ਵਤਨ ਪਰਤਣ 'ਤੇ ਆਦਮਪੁਰ ਏਅਰਪੋਰਟ ਵਿਖੇ ਉਨ੍ਹਾਂ ਦਾ ਪਰਿਵਾਰਕ ਮੈਂਬਰਾਂ, ਖੇਡ ਪ੍ਰੇਮੀਆਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਵੱਲੋਂ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਅਤੇ ਉਨ੍ਹਾਂ ਨੇ ਗੁਰਿੰਦਰਵੀਰ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਜ਼ਿਕਰਯੋਗ ਹੈ ਕਿ ਗੁਰਿੰਦਰਵੀਰ ਸਿੰਘ ਨੇ 100 ਮੀਟਰ ਦੌੜ ਦੀ ਹੀਟ-2 ਵਿੱਚ 10.32 ਸਕਿੰਟ ਦਾ ਸਮਾਂ ਦਰਜ ਕੀਤਾ ਸੀ। ਇਸ ਤੋਂ ਬਾਅਦ ਰਿਲੇਅ ਟੀਮ ਦੇ ਹੋਰ ਖਿਡਾਰੀਆਂ ਨਾਲ ਮਿਲ ਕੇ ਉਸ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਭਾਰਤ ਦੀ ਝੋਲੀ ਵਿੱਚ ਕਾਂਸੀ ਦਾ ਤਮਗਾ ਪਾਇਆ। ਗੁਰਿੰਦਰਵੀਰ ਦੀ ਇਸ ਉਪਲਬਧੀ ਨਾਲ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ। ਆਦਮਪੁਰ ਏਅਰਪੋਰਟ 'ਤੇ ਮੀਡੀਆ ਨਾਲ ਗੱਲਬਾਤ ਕਰਦਿਆਂ ਗੁਰਿੰਦਰਵੀਰ ਸਿੰਘ ਨੇ ਕਿਹਾ ਕਿ ਏਸ਼ੀਆਈ ਖੇਡਾਂ ਵਿੱਚ ਦੇਸ਼ ਲਈ ਕਾਂਸੀ ਦਾ ਤਮਗਾ ਜਿੱਤ ਕੇ ਉਹ ਬੇਹੱਦ ਖੁਸ਼ ਹਨ। ਉਨ੍ਹਾਂ ਨੇ ਇਸ ਸਫਲਤਾ ਲਈ ਆਪਣੇ ਪਰਿਵਾਰ, ਕੋਚ, ਪੰਜਾਬ ਸਰਕਾਰ ਅਤੇ ਸਮੂਹ ਖੇਡ ਪ੍ਰੇਮੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਤਮਗਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ ਪਰ ਉਨ੍ਹਾਂ ਦੀ ਮੰਜ਼ਿਲ ਅਜੇ ਹੋਰ ਅੱਗੇ ਹੈ। ਹੁਣ ਉਨ੍ਹਾਂ ਦਾ ਅਗਲਾ ਟੀਚਾ ਓਲੰਪਿਕ ਖੇਡਾਂ ਲਈ ਤਿਆਰੀ ਕਰਨਾ ਅਤੇ ਦੇਸ਼ ਲਈ ਹੋਰ ਵੱਡੀਆਂ ਪ੍ਰਾਪਤੀਆਂ ਹਾਸਲ ਕਰਨਾ ਹੈ। ਗੁਰਿੰਦਰਵੀਰ ਨੇ ਕਿਹਾ ਕਿ ਪਰਿਵਾਰ ਵੱਲੋਂ ਮਿਲੇ ਸਹਿਯੋਗ, ਕੋਚ ਸੁਰਿੰਦਰ ਸਿੰਘ ਦੀ ਸਖ਼ਤ ਮਿਹਨਤ ਅਤੇ ਲੋਕਾਂ ਵੱਲੋਂ ਮਿਲੇ ਹੌਸਲੇ ਨੇ ਉਨ੍ਹਾਂ ਨੂੰ ਇਸ ਮੁਕਾਮ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਸੰਕਲਪ ਲਿਆ ਕਿ ਆਉਣ ਵਾਲੇ ਸਮੇਂ ਵਿੱਚ ਉਹ ਹੋਰ ਵੀ ਸਖ਼ਤ ਮਿਹਨਤ ਕਰਨਗੇ ਅਤੇ ਦੇਸ਼, ਪੰਜਾਬ, ਆਪਣੇ ਇਲਾਕੇ ਅਤੇ ਪਰਿਵਾਰ ਦਾ ਨਾਮ ਹੋਰ ਰੌਸ਼ਨ ਕਰਨ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰਣਗੇ। ਇਸ ਮੌਕੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਨੇ ਕਿਹਾ ਕਿ ਇਹ ਉਨ੍ਹਾਂ ਲਈ ਬੇਹੱਦ ਖੁਸ਼ੀ ਅਤੇ ਮਾਣ ਦੀ ਗੱਲ ਹੈ ਕਿ ਆਦਮਪੁਰ ਦੇ ਪਿੰਡ ਪਤੀ ਆਲ ਨਾਲ ਸਬੰਧਤ ਗੁਰਿੰਦਰਵੀਰ ਸਿੰਘ ਨੇ ਖੇਡ ਜਗਤ ਵਿੱਚ ਵੱਡੀ ਉਪਲਬਧੀ ਹਾਸਲ ਕੀਤੀ ਹੈ। ਉਨ੍ਹਾਂ ਗੁਰਿੰਦਰਵੀਰ ਨੂੰ ਆਪਣਾ ਛੋਟਾ ਭਰਾ ਦੱਸਦਿਆਂ ਕਿਹਾ ਕਿ ਉਸ ਦੀ ਇਹ ਕਾਮਯਾਬੀ ਇਲਾਕੇ ਦੇ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ। ਪਵਨ ਟੀਨੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਪੱਧਰਾਂ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗੁਰਿੰਦਰਵੀਰ ਸਿੰਘ ਦੀ ਕਾਮਯਾਬੀ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਜੋਸ਼, ਜਜ਼ਬਾ ਅਤੇ ਮਿਹਨਤ ਅਜੇ ਵੀ ਪੂਰੀ ਤਰ੍ਹਾਂ ਕਾਇਮ ਹੈ। ਉਨ੍ਹਾਂ ਗੁਰਿੰਦਰਵੀਰ ਅਤੇ ਉਸ ਦੇ ਪਰਿਵਾਰ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉੱਧਰ ਗੁਰਿੰਦਰਵੀਰ ਸਿੰਘ ਦੇ ਕੋਚ ਸੁਰਿੰਦਰ ਸਿੰਘ ਨੇ ਵੀ ਆਪਣੇ ਸ਼ਾਗਿਰਦ ਨੂੰ ਏਸ਼ੀਆਈ ਖੇਡਾਂ ਵਿੱਚ ਕਾਂਸੀ ਦਾ ਤਮਗਾ ਜਿੱਤਣ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ 10.08 ਸਕਿੰਟ ਦਾ ਭਾਰਤੀ ਰਿਕਾਰਡ ਕਾਇਮ ਕਰਨ ਤੋਂ ਬਾਅਦ ਏਸ਼ੀਆਈ ਖੇਡਾਂ ਵਿੱਚ ਤਮਗਾ ਜਿੱਤਣਾ ਗੁਰਿੰਦਰਵੀਰ ਦੀ ਵੱਡੀ ਪ੍ਰਾਪਤੀ ਹੈ। ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਗੁਰਿੰਦਰਵੀਰ ਆਉਣ ਵਾਲੀਆਂ ਓਲੰਪਿਕ ਖੇਡਾਂ ਅਤੇ ਹੋਰ ਕੌਮਾਂਤਰੀ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨਵੇਂ ਰਿਕਾਰਡ ਕਾਇਮ ਕਰੇਗਾ ਅਤੇ ਭਾਰਤ ਦਾ ਨਾਮ ਵਿਸ਼ਵ ਪੱਧਰ 'ਤੇ ਰੌਸ਼ਨ ਕਰੇਗਾ।

ਜ਼ਿਲ੍ਹਾ ਗੁਰਦਾਸਪੁਰ 'ਚ ਐੱਸ.ਆਈ.ਆਰ ਦਾ ਕੰਮ 100 ਫੀਸਦੀ ਮੁਕੰਮਲ

ਗੁਰਦਾਸਪੁਰ, 2 ਅਕਤੂਬਰ (ਗੁਲਸ਼ਨ ਕੁਮਾਰ ਰਣੀਆ) ਜ਼ਿਲ੍ਹਾ ਗੁਰਦਾਸਪੁਰ ਚ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ (ਐੱਸ.ਆਈ.ਆਰ) ਦਾ ਕੰਮ 100 ਫੀਸਦੀ ਮੁਕੰਮਲ ਹੋ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਸ੍ਰੀ ਆਦਿਤਿਆ ਉੱਪਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨੇ ਐੱਸ.ਆਈ.ਆਰ- 2026 ਦੀ ਪ੍ਰਕਿਰਿਆ ਪੂਰੀ ਕਰ ਲਈ ਹੈ।ਉਨ੍ਹਾਂ ਦੱਸਿਆ ਕਿ 13 ਸਤੰਬਰ 2026 ਨੂੰ ਪ੍ਰਕਾਸ਼ਿਤ ਖਰੜਾ ਵੋਟਰ ਸੂਚੀ ਵਿੱਚ 11,85,209 ਵੋਟਰ ਸਨ। ਇਨ੍ਹਾਂ ਵਿੱਚੋਂ 1,76,085 ਵੋਟਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਸਨ ਕਿਉਂਕਿ ਇਨ੍ਹਾਂ ਵੋਟਰਾਂ ਦਾ ਵੇਰਵਾ ਪਿਛਲੇ ਐੱਸ.ਆਈ.ਆਰ ਡੇਟਾ ਨਾਲ ਮੇਲ ਨਹੀਂ ਖਾਂਦਾ ਸੀ ਜਾਂ ਉਨ੍ਹਾਂ ਦੇ ਵੇਰਵਿਆਂ ਵਿੱਚ ਤਰਕਪੂਰਨ ਖ਼ਾਮੀਆਂ ਸਨ।ਉਨ੍ਹਾਂ ਦੱਸਿਆ ਕਿ ਸੁਣਵਾਈ ਦੀ ਪ੍ਰਕਿਰਿਆ 100 ਫੀਸਦੀ ਮੁਕੰਮਲ ਕਰਨ ਤੋਂ ਬਾਅਦ, 1,72,938 ਵੋਟਰਾਂ ਨੂੰ ਯੋਗ ਕਰਾਰ ਦਿੱਤਾ ਗਿਆ ਅਤੇ 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਅੰਤਿਮ ਵੋਟਰ ਸੂਚੀ ਵਿੱਚ ਸ਼ਾਮਲ ਕੀਤਾ ਗਿਆਸ੍ਰੀ ਆਦਿਤਿਆ ਉੱਪਲ ਨੇ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ ਦੀ ਮਿਆਦ ਦੌਰਾਨ ਨਾਮ ਸ਼ਾਮਲ ਕਰਨ ਲਈ ਲੱਗਭਗ 65782 ਨਵੇਂ ਦਾਅਵੇ ਪ੍ਰਾਪਤ ਹੋਏ ਸਨ। ਇਨ੍ਹਾਂ ਵਿੱਚੋਂ ਸਿਰਫ਼ 13765 ਦਾਅਵੇ ਹੀ ਬਕਾਇਆ ਹਨ ਅਤੇ ਇਹ ਕੰਮ 5 ਅਕਤੂਬਰ 2026 ਤੱਕ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੋ ਅੰਤਿਮ ਵੋਟਰ ਸੂਚੀ ਸਮੇਂ ਸਿਰ ਛਾਪੀ ਜਾ ਸਕੇ ।ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਹੋਵੇ, ਵੋਟਰਾਂ ਦੀ ਸਹੂਲਤ ਲਈ ਬੂਥ ਪੱਧਰੀ ਅਫਸਰ ਦਾਅਵਿਆਂ ਅਤੇ ਇਤਰਾਜ਼ਾਂ ਦੇ ਮਾਮਲਿਆਂ ਵਿੱਚ ਵੋਟਰਾਂ ਨਾਲ ਸੰਪਰਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਸਿੱਧੇ ਉਨ੍ਹਾਂ ਤੋਂ ਇਕੱਤਰ ਕਰਨਗੇ। ਇਸ ਪ੍ਰਬੰਧ ਨਾਲ ਵੋਟਰਾਂ ਨੂੰ ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਚੋਣ ਰਜਿਸਟਰੇਸ਼ਨ ਅਫਸਰਾਂ ਦੇ ਦਫ਼ਤਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਵੋਟਰਾਂ ਦੀ ਸਹੂਲਤ ਅਤੇ ਵੋਟਰ ਸੂਚੀ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਅਤੇ ਸ਼ੰਕਿਆਂ ਦੇ ਨਿਪਟਾਰੇ ਲਈ ਜ਼ਿਲ੍ਹੇ ਭਰ ਵਿੱਚ ਜ਼ਿਲ੍ਹਾ ਚੋਣ ਅਫ਼ਸਰ ਅਤੇ ਚੋਣ ਰਜਿਸਟਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਹਨ।ਸ੍ਰੀ ਆਦਿਤਿਆ ਉੱਪਲ ਨੇ ਕਿਹਾ ਕਿ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਦਾ ਦਫ਼ਤਰ, ਸਮੁੱਚੇ ਚੋਣ ਅਮਲੇ ਦੇ ਸਹਿਯੋਗ ਨਾਲ, ਇਸ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਪੂਰੀ ਵਾਹ ਲਾ ਰਿਹਾ ਹੈ। ਉਨ੍ਹਾਂ ਨੇ ਸਾਰੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐਲ.ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਚੋਣ ਪ੍ਰਕਿਰਿਆ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਸਹਾਇਤਾ ਲਈ ਲੋੜ ਪੈਣ ਤੇ ਲੋੜੀਂਦੇ ਦਸਤਾਵੇਜ਼ ਤੇ ਜਾਣਕਾਰੀ ਮੁਹੱਈਆ ਕਰਵਾਉਣ।

ਨਸ਼ਾ ਤਸਕਰਾਂ ਤੇ ਗੈਂਗਸਟਰਾਂ ਖ਼ਿਲਾਫ਼ ਕਾਰਵਾਈ ਹੋਰ ਤੇਜ਼ ਕਰਨ ਦੇ ਹੁਕਮ, ਐਸ.ਐਸ.ਪੀ. ਜਲੰਧਰ ਦਿਹਾਤੀ ਵੱਲੋਂ ਜ਼ਿਲ੍ਹਾ ਕਰਾਈਮ ਰਿਵਿਊ ਮੀਟਿੰਗ

ਜਲੰਧਰ, 2 ਅਕਤੂਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਜਲੰਧਰ ਦਿਹਾਤੀ ਪੁਲਿਸ ਵੱਲੋਂ ਨਸ਼ਾ ਤਸਕਰੀ, ਗੈਂਗਸਟਰ ਨੈੱਟਵਰਕ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਲਈ ਕੀਤੀਆਂ ਜਾ ਰਹੀਆਂ ਕਾਰਵਾਈਆਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਪੱਧਰੀ ਕਰਾਈਮ ਰਿਵਿਊ ਮੀਟਿੰਗ ਕਰਵਾਈ ਗਈ। ਮੀਟਿੰਗ ਦੀ ਪ੍ਰਧਾਨਗੀ ਐਸ.ਐਸ.ਪੀ. ਜਲੰਧਰ ਦਿਹਾਤੀ ਸ. ਹਰਵਿੰਦਰ ਸਿੰਘ ਵਿਰਕ, ਪੀ.ਪੀ.ਐਸ. ਨੇ ਕੀਤੀ। ਇਸ ਮੌਕੇ ਪੁਲਿਸ ਅਧਿਕਾਰੀਆਂ ਨੂੰ ਅਪਰਾਧਾਂ 'ਤੇ ਕਾਬੂ ਪਾਉਣ ਲਈ ਹੋਰ ਪ੍ਰਭਾਵਸ਼ਾਲੀ ਅਤੇ ਨਤੀਜਾ-ਮੁਖੀ ਢੰਗ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ। ਮੀਟਿੰਗ ਵਿੱਚ ਵਿਨੀਤ ਆਹਲਾਵਤ, ਆਈ. ਪੀ.ਐਸ., ਐਸ.ਪੀ. (ਤਫਤੀਸ਼), ਤੇਜਬੀਰ ਸਿੰਘ, ਪੀ.ਪੀ.ਐਸ., ਐਸ.ਪੀ. (ਸਥਾਨਿਕ), ਗੁਰਪ੍ਰੀਤ ਸਿੰਘ ਗਿੱਲ, ਪੀ.ਪੀ.ਐਸ., ਐਸ. ਪੀ. (ਪੀ.ਬੀ.ਆਈ./ਆਪਰੇਸ਼ਨਲ) ਤੋਂ ਇਲਾਵਾ ਸਮੂਹ ਡੀ.ਐਸ.ਪੀਜ਼, ਐਸ.ਐਚ. ਓਜ਼, ਪੁਲਿਸ ਪੋਸਟ